3-FEB-PAGE-1.qxd 2/2/2026 10:42 PM Page 1


ਮੰਗਲਵਾਰ, 3 ਫਰਵਰੀ, 2026

21 ਮਾਘ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 244

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 3 FEBRUARY, 2026

ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ-ਰੀਡਿੰਗ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ    Regd. No : L-4/Pb-JL-0023/2024-26, (R.N.I.)-00068/57    E-mail : nawanzamana@gmail.com    www.nawanzamana.in    ਸਫ਼ੇ : 12


# ਮਜੀਠੀਆ ਦੀ ਸੁਪਰੀਮ ਕੋਰਟ ਤੋਂ ਜ਼ਮਾਨਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਸੋਮਵਾਰ ਜ਼ਮਾਨਤ ਦੇ ਦਿੱਤੀ। ਪੰਜਾਬ ਦੇ ਸਾਬਕਾ ਮੰਤਰੀ ਮਜੀਠੀਆ ਪਿਛਲੇ ਸੱਤ ਮਹੀਨਿਆਂ ਤੋਂ ਨਾਭਾ ਜੇਲ੍ਹ ਵਿੱਚ ਨਜ਼ਰਬੰਦ ਹਨ। ਮਜੀਠੀਆ ਦੀ ਰਿਹਾਈ ਨੂੰ ਪੰਜਾਬ ਦੇ ਰਾਜਨੀਤਕ ਹਲਕਿਆਂ ਵਿੱਚ ਅਹਿਮ ਦੇਖਿਆ ਜਾ ਰਿਹਾ ਹੈ, ਕਿਉਂਕਿ ਅਗਲੇ ਸਾਲ ਸੂਬੇ ਵਿੱਚ ਚੋਣਾਂ ਹੋਣ ਜਾ ਰਹੀਆਂ ਹਨ।

ਜਸਟਿਸ ਵਿਕਰਮ ਨਾਥ ਦੀ ਅਗਵਾਈ ਵਾਲੀ ਬੈਂਚ ਨੇ ਪੰਜਾਬ ਸਰਕਾਰ ਦੇ ਵਕੀਲ ਨੂੰ ਪੁੱਛਿਆ, 'ਤੁਸੀਂ ਉਸ ਨੂੰ ਜੇਲ੍ਹ ਅੰਦਰ ਕਿਉਂ ਰੱਖਣਾ ਚਾਹੁੰਦੇ ਹੋ।' ਅਦਾਲਤ ਨੇ ਇਹ ਵੀ ਨੋਟਿਸ ਲਿਆ ਕਿ ਮਜੀਠਿਆ ਪਿਛਲੇ ਸੱਤ ਮਹੀਨਿਆਂ ਤੋਂ ਜੇਲ੍ਹ ਵਿੱਚ ਹੈ। ਸੁਪਰੀਮ ਕੋਰਟ ਵੱਲੋਂ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਵਾਲੀ ਮਜੀਠੀਆ ਦੀ ਪਟੀਸ਼ਨ 'ਤੇ ਪੰਜਾਬ ਵਿਜੀਲੈਂਸ ਬਿਊਰੋ ਨੂੰ ਪਹਿਲਾਂ ਨੋਟਿਸ ਜਾਰੀ ਕੀਤਾ ਗਿਆ ਸੀ।

ਪੰਜਾਬ ਵਿਜੀਲੈਂਸ ਬਿਊਰੋ ਨੇ 25 ਜੂਨ ਨੂੰ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਸੀ ਤੇ ਇਹ ਮਾਮਲਾ ਕਥਿਤ ਤੌਰ 'ਤੇ 540 ਕਰੋੜ ਰੁਪਏ ਦੀ ਜਾਇਦਾਦ ਨਾਲ ਸੰਬੰਧਤ ਹੈ। ਪਿਛਲੀ ਸੁਣਵਾਈ ਦੌਰਾਨ ਮਜੀਠੀਆ ਨੇ ਆਪਣੀ ਜਾਨ ਨੂੰ ਖਤਰਾ ਦੱਸਦੇ ਹੋਏ ਅੰਤਰਮ ਜ਼ਮਾਨਤ ਦੀ ਮੰਗ ਕੀਤੀ ਸੀ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਮਜੀਠੀਆ ਵੱਲੋਂ ਪੇਸ਼ ਸੀਨੀਅਰ ਐਡਵੋਕੇਟ ਐੱਸ ਮੁਰਲੀਧਰ ਅਤੇ ਸੂਬਾ ਸਰਕਾਰ ਵੱਲੋਂ ਪੇਸ਼ ਸੀਨੀਅਰ ਐਡਵੋਕੇਟ ਸਿਧਾਰਥ ਦਵੇ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਜ਼ਮਾਨਤ ਦਾ ਹੁਕਮ ਪਾਸ ਕੀਤਾ।

ਅਦਾਲਤ ਨੇ ਕਿਹਾ ਕਿ ਮਾਮਲੇ ਦੇ ਹਾਲਾਤ ਨੂੰ ਦੇਖਦੇ ਹੋਏ ਜ਼ਮਾਨਤ ਦਿੱਤੀ ਜਾ ਰਹੀ ਹੈ। ਅਦਾਲਤ ਨੇ ਖਾਸ ਤੌਰ 'ਤੇ ਇਸ ਗੱਲ ਨੂੰ ਧਿਆਨ ਵਿੱਚ ਰੱਖਿਆ ਕਿ ਮਜੀਠੀਆ ਨੂੰ ਐੱਨ ਡੀ ਪੀ ਐੱਸ ਮਾਮਲੇ ਵਿੱਚ ਸਾਲ 2022 ਵਿੱਚ ਜ਼ਮਾਨਤ ਮਿਲ ਚੁੱਕੀ ਹੈ, ਜਿਸ ਨੂੰ ਰੱਦ ਕਰਵਾਉਣ ਲਈ ਸੂਬਾ ਸਰਕਾਰ ਦੀ ਪਟੀਸ਼ਨ ਸੁਪਰੀਮ ਕੋਰਟ ਨੇ 2025 ਵਿੱਚ

• ਬਾਕੀ ਸਫਾ 2 'ਤੇ

## ਦੋਸਤ ਮਜੀਠੀਆ ਖਿਲਾਫ ਸਾਰੇ ਦੋਸ਼ ਗਲਤ : ਡੇਰਾ ਬਿਆਸ ਮੁਖੀ



**ਨਾਭਾ** : ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ ਨੇ ਸੋਮਵਾਰ ਨਿਊ ਨਾਭਾ ਜੇਲ੍ਹ ਵਿੱਚ ਬਿਕਰਮ ਮਜੀਠੀਆ ਨਾਲ ਲੱਗਭੱਗ ਅੱਧਾ ਘੰਟਾ ਮੁਲਾਕਾਤ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੋਸਤ ਮਜੀਠੀਆ ਉੱਪਰ ਲੱਗੇ ਸਾਰੇ ਦੋਸ਼ ਗਲਤ ਹਨ। ਹਾਲਾਂਕਿ ਉਨ੍ਹਾ ਨੇ ਮਜੀਠੀਆ ਉੱਪਰ ਕੇਸਾਂ ਬਾਰੇ ਕੋਈ ਹੋਰ ਟਿੱਪਣੀ ਕਰਨ ਤੋਂ ਇਨਕਾਰ ਕੀਤਾ। ਡੇਰਾ ਬਿਆਸ ਮੁਖੀ ਦੀ ਨਾਭਾ ਜੇਲ੍ਹ ਵਿੱਚ ਮਜੀਠੀਆ ਨਾਲ ਇਹ ਦੂਜੀ ਮੁਲਾਕਾਤ ਸੀ। ਉਨ੍ਹਾ ਕਿਹਾ ਕਿ ਬਿਕਰਮ ਮਜੀਠੀਆ ਉਨ੍ਹਾ ਦੇ ਰਿਸ਼ਤੇਦਾਰ ਹਨ, ਜਿਸ ਕਾਰਨ ਉਹ ਉਨ੍ਹਾ ਨੂੰ ਮਿਲਣ ਮੁੜ ਆਏ। ਇਸ ਤੋਂ ਪਹਿਲਾਂ ਉਹ ਮਹਾਰਾਜਾ ਰਿਪੁਦਮਨ ਸਿੰਘ ਦੇ ਵਾਰਸਾਂ ਦੇ ਪਰਵਾਰਕ ਸਮਾਗਮ ਵਿੱਚ ਵੀ ਸ਼ਾਮਲ ਹੋਏ। ਨਾਭਾ ਜੇਲ੍ਹ ਦੇ ਬਾਹਰ ਡੇਰਾ ਬਿਆਸ ਦੇ ਸ਼ਰਧਾਲੂ ਵੱਡੀ ਗਿਣਤੀ ਵਿਚ ਇਕੱਠੇ ਹੋਏ। ਇਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸਮੇਤ ਪੰਜਾਬ ਦੇ ਵੱਖ-ਵੱਖ ਸਿਆਸੀ ਤੇ ਧਾਰਮਿਕ ਆਗੂ ਵੀ ਪਹੁੰਚੇ।

# ਕੇਂਦਰੀ ਬਜਟ ਕਾਰਪੋਰੇਟ ਪੱਖੀ ਤੇ ਮਜ਼ਦੂਰ-ਕਿਸਾਨ ਵਿਰੋਧੀ : ਏਟਕ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਨੇ ਕੇਂਦਰੀ ਬਜਟ 2026-27 ਨੂੰ ਆਮ ਲੋਕਾਂ ਤੋਂ ਪੂਰੀ ਤਰ੍ਹਾਂ ਕੱਟਿਆ ਹੋਇਆ ਅਤੇ ਸਿਰਫ਼ ਕਾਰਪੋਰੇਟਾਂ ਤੇ ਧਨਾਢ ਵਰਗ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਬਜਟ ਕਰਾਰ ਦਿੱਤਾ ਹੈ। ਵਿੱਤ ਮੰਤਰੀ ਵੱਲੋਂ ਇਸ ਨੂੰ ਵਿਜ਼ਨ ਬਜਟ ਵਜੋਂ ਪੇਸ਼ ਕੀਤਾ ਗਿਆ ਹੈ, ਪਰ ਹਕੀਕਤ ਵਿੱਚ ਇਹ ਭਵਿੱਖ ਦੇ ਖਾਲੀ ਵਾਅਦਿਆਂ ਅਤੇ ਘੋਸ਼ਣਾਵਾਂ ਦਾ ਗੁੱਛਾ ਹੈ, ਜਿਸ ਵਿੱਚ ਰੁਜ਼ਗਾਰ, ਆਮਦਨ ਸੁਰੱਖਿਆ ਅਤੇ ਸਮਾਜਿਕ ਨਿਆਂ ਲਈ ਕੋਈ ਠੋਸ ਉਪਰਾਲੇ ਨਹੀਂ।

ਏਟਕ ਦੇ ਅਨੁਸਾਰ ਕਾਰੋਬਾਰ ਕਰਨ ਦੀ ਸੌਖ ਦੇ ਨਾਂਅ ਹੇਠ ਡੀਰੈਗੂਲੇਸ਼ਨ, ਲੇਬਰ ਕੋਡਾਂ ਨੂੰ ਲਾਗੂ ਕਰਨ ਅਤੇ ਨਿੱਜੀਕਰਨ ਨੂੰ ਤੇਜ਼ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ, ਜੋ ਮਜ਼ਦੂਰ ਵਰਗ ਦੇ ਹੱਕਾਂ 'ਤੇ ਸਿੱਧਾ ਹਮਲਾ ਹੈ। ਬਜਟ ਵਿੱਚ ਰੁਜ਼ਗਾਰ ਸਿਰਜਣਾ, ਮਨਰੇਗਾ ਦੀ ਮੰਗ-ਅਧਾਰਿਤ ਪ੍ਰਕਿਰਤੀ, ਨਿਯਮਤ ਭਰਤੀਆਂ ਅਤੇ ਠੇਕਾ ਪ੍ਰਣਾਲੀ ਨੂੰ ਖਤਮ ਕਰਨ ਬਾਰੇ ਕੋਈ ਗੰਭੀਰ ਚਰਚਾ ਨਹੀਂ ਕੀਤੀ ਗਈ।

ਸਿਹਤ, ਸਿੱਖਿਆ ਅਤੇ ਸਮਾਜਿਕ ਭਲਾਈ ਲਈ ਖਰਚ ਬਹੁਤ ਹੀ ਘੱਟ ਰੱਖਿਆ ਗਿਆ ਹੈ, ਜਦਕਿ ਰੱਖਿਆ, ਆਵਾਜਾਈ ਅਤੇ ਕਾਰਪੋਰੇਟ ਪ੍ਰੋਤਸਾਹਨਾਂ ਨੂੰ ਵੱਡੀ ਤਰਜੀਹ ਮਿਲੀ ਹੈ। ਦੇਸ਼ ਨੂੰ ਅਜੇ ਵੀ ਆਧੁਨਿਕ ਸਿਹਤ ਸੰਭਾਲ ਬੁਨਿਆਦੀ ਢਾਂਚੇ, ਡਾਕਟਰੀ ਖੋਜ ਅਤੇ ਸਰਕਾਰੀ ਹਸਪਤਾਲਾਂ ਵਿੱਚ ਭਾਰੀ ਨਿਵੇਸ਼ ਦੀ ਲੋੜ ਹੈ, ਪਰ ਬਜਟ ਇਸ ਜ਼ਰੂਰਤ ਨਾਲ ਨਿਆਂ ਨਹੀਂ ਕਰਦਾ। ਆਯੂਸ਼ ਅਤੇ ਰਵਾਇਤੀ ਪ੍ਰਣਾਲੀਆਂ 'ਤੇ ਜ਼ੋਰ ਦੇਣਾ ਆਧੁਨਿਕ, ਸਬੂਤ-ਅਧਾਰਤ ਜਨਤਕ ਸਿਹਤ

• ਬਾਕੀ ਸਫਾ 2 'ਤੇ

## ਕੇਂਦਰੀ ਬਜਟ ਨਾਲ ਪੰਜਾਬ ਦੀ ਆਰਥਕ ਹਾਲਤ ਹੋਰ ਵਿਗੜੇਗੀ : ਬੰਤ ਬਰਾੜ

**ਚੰਡੀਗੜ੍ਹ** : ਮੋਦੀ ਸਰਕਾਰ ਵਲੋਂ ਪੇਸ਼ ਕੀਤਾ ਸਾਲ 2026-27 ਦਾ ਬਜਟ ਪਹਿਲਾਂ ਦੀ ਤਰਜ਼ 'ਤੇ ਲਗਾਤਾਰ ਕਾਰਪੋਰੇਟ-ਪੱਖੀ ਅਤੇ ਦੇਸ਼ ਦੇ ਮਜ਼ਦੂਰਾਂ, ਕਿਸਾਨਾਂ, ਮੱਧ ਵਰਗ ਅਤੇ ਛੋਟੀਆਂ ਸਨਅਤਾਂ ਵਿਰੋਧੀ ਬਜਟ ਹੈ। ਵਿੱਦਿਆ, ਸਿਹਤ, ਸਮਾਜਕ ਸੁਰੱਖਿਆ ਅਤੇ ਬੇਰੁਜ਼ਗਾਰੀ ਦੂਰ ਕਰਨ ਵਾਸਤੇ ਇਸ ਬਜਟ ਵਿਚ ਕੁਝ ਵੀ ਨਹੀਂ। ਜੇਕਰ ਫੈਡਰਲ ਢਾਂਚੇ ਦੀ ਗੱਲ ਕਰੀਏ ਤਾਂ ਇਹ ਬਜਟ ਪੰਜਾਬ ਵਿਰੋਧੀ ਹੈ, ਘੱਟੋ-ਘੱਟ ਉਜਰਤਾਂ ਵਧਾਉਣ, ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਰੂਪ ਦੇਣ ਅਤੇ ਕਰਜ਼ਿਆਂ ਤੋਂ ਪੇਂਡੂ ਸੈਕਟਰ ਖਾਸ ਕਰਕੇ ਕਿਸਾਨ ਅਤੇ ਖੇਤ ਮਜ਼ਦੂਰਾਂ ਨੂੰ ਮੁਕਤ ਕਰਨ ਵਾਸਤੇ ਕੁਝ ਵੀ ਨਹੀਂ ਕਿਹਾ ਗਿਆ, ਸਗੋਂ ਰਸਾਇਣਕ ਖਾਦਾਂ ਦਾ ਮੁੱਲ ਵਧਾ ਦਿੱਤਾ ਗਿਆ ਹੈ। ਰਸੋਈ ਗੈਸ ਵਿਚ ਵੀ ਵਾਧਾ ਕਰਕੇ ਪਹਿਲਾਂ ਤੋਂ ਹੀ ਮਹਿੰਗਾਈ ਦੀ ਮਾਰ ਝੱਲ ਰਹੇ ਲੋਕਾਂ 'ਤੇ ਹੋਰ ਭਾਰ ਪਾਇਆ ਗਿਆ ਹੈ। ਪੰਜਾਬ ਦੇ ਕਰਜ਼ਿਆਂ ਦਾ ਭਾਰ ਘੱਟ ਕਰਨ ਲਈ ਵੀ ਕੋਈ ਕਦਮ ਨਹੀਂ ਪੁੱਟਿਆ ਗਿਆ। ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਪੰਜਾਬ ਅਤੇ ਲੋਕ-ਵਿਰੋਧੀ ਬਜਟ ਵਿਰੁੱਧ ਰੋਸ ਪ੍ਰਗਟ ਕਰਨ ਅਤੇ 12 ਫਰਵਰੀ ਦੇ ਮਜ਼ਦੂਰਾਂ, ਕਿਸਾਨਾਂ ਦੇ ਕੌਮੀ ਐਕਸ਼ਨ ਦੀ ਸਫਲਤਾ ਵਾਸਤੇ ਤਿਆਰੀਆਂ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਹੈ।

## ਪੀ ਐੱਫ ਸੀ ਤੇ ਆਰ ਈ ਸੀ ਦੇ ਰਲੇਵੇਂ ਦੀ ਤਿਆਰੀ

**ਨਵੀਂ ਦਿੱਲੀ** : ਕੇਂਦਰ ਸਰਕਾਰ ਜਨਤਕ ਖੇਤਰ ਦੇ ਵਿੱਤੀ ਸੰਸਥਾਨਾਂ ਨੂੰ ਮਜ਼ਬੂਤ ਕਰਨ ਦੀ ਆਪਣੀ ਯੋਜਨਾ ਦੇ ਤਹਿਤ ਪਾਵਰ ਫਾਇਨੈਂਸ ਕਾਰਪੋਰੇਸ਼ਨ (ਪੀ ਐੱਫ ਸੀ) ਅਤੇ ਇਸ ਦੀ ਸਹਾਇਕ ਕੰਪਨੀ ਆਰ ਈ ਸੀ ਲਿਮਟਿਡ ਦੇ ਰਲੇਵੇਂ 'ਤੇ ਵਿਚਾਰ ਕਰ ਰਹੀ ਹੈ।

ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਨੇ ਵਿੱਤੀ ਸਾਲ 2026-27 ਦੇ ਕੇਂਦਰੀ ਬਜਟ ਭਾਸ਼ਣ ਵਿੱਚ ਇਨ੍ਹਾਂ ਦੋਵਾਂ ਕੰਪਨੀਆਂ ਦੇ ਪੁਨਰਗਠਨ ਦਾ ਪ੍ਰਸਤਾਵ ਪੇਸ਼ ਕੀਤਾ ਸੀ। ਇਸ ਖਬਰ ਦੇ ਸਾਹਮਣੇ ਆਉਣ ਤੋਂ ਬਾਅਦ ਐਤਵਾਰ ਨੂੰ ਵਿਸ਼ੇਸ਼ ਕਾਰੋਬਾਰੀ ਸੈਸ਼ਨ ਦੌਰਾਨ ਦੋਵਾਂ ਕੰਪਨੀਆਂ ਦੇ ਸ਼ੇਅਰਾਂ ਵਿੱਚ 6 ਫੀਸਦੀ ਤੱਕ ਦੀ ਤੇਜ਼ੀ ਦੇਖੀ ਗਈ। ਸੂਤਰਾਂ ਅਨੁਸਾਰ ਰਲੇਵੇਂ ਦੀ ਪ੍ਰਕਿਰਿਆ ਦੇ ਤਰੀਕਿਆਂ 'ਤੇ ਬਿਜਲੀ ਮੰਤਰਾਲੇ ਵੱਲੋਂ ਕੰਮ ਕੀਤਾ ਜਾਵੇਗਾ, ਹਾਲਾਂਕਿ ਅੰਤਮ ਫੈਸਲਾ ਉੱਚ ਪੱਧਰੀ ਮਨਜ਼ੂਰੀ ਤੋਂ ਬਾਅਦ ਲਿਆ ਜਾਵੇਗਾ। ਜ਼ਿਕਰਯੋਗ ਹੈ ਕਿ ਮਾਰਚ 2019 ਵਿੱਚ ਪੀ ਐੱਫ ਸੀ ਨੇ ਪਹਿਲਾਂ ਹੀ 14,500 ਕਰੋੜ ਰੁਪਏ ਵਿੱਚ ਆਰ ਈ ਸ ੀ

• ਬਾਕੀ ਸਫਾ 2 'ਤੇ

# ਬੱਜਰ ਗੁਸਤਾਖੀ ਲਈ ਸਮੁੱਚੇ ਖ਼ਾਲਸਾ ਪੰਥ ਤੋਂ ਮੁਆਫ਼ੀ ਮੰਗਦਾਂ : ਸਿਮਰਨਜੀਤ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

'ਮੇਰੇ ਦੋਹਤੇ ਗੋਵਿੰਦ ਸਿੰਘ ਦਾ ਬੀਤੇ ਦਿਨੀਂ ਵਿਆਹ ਪ੍ਰੋਗਰਾਮ ਹੋਇਆ ਹੈ। ਜਦੋਂ ਬੱਚਿਆਂ ਤੇ ਪਰਵਾਰ ਨੇ ਛਤਰ ਦੇ ਨਾਲ ਚੌਰ ਸਾਹਿਬ ਝੁਲਾਉਣ ਦੇ ਅਮਲ ਕੀਤੇ, ਉਸ ਕਾਰਜ ਸਮੇਂ ਮੈਂ ਉਥੇ ਨਹੀਂ ਸੀ, ਚੰਡੀਗੜ੍ਹ ਸੀ। ਮੈਨੂੰ ਤਾਂ ਸਿੱਖ ਰਹਿਤ ਮਰਿਆਦਾ ਦੀ ਪੂਰੀ ਜਾਣਕਾਰੀ ਵੀ ਹੈ ਅਤੇ ਛਤਰ ਤੇ ਚੌਰ ਸਾਹਿਬ ਦੀ ਵੱਡੀ ਮਹਾਨਤਾ ਬਾਰੇ ਵੀ ਸਮਝ ਹੈ।ਜੇਕਰ ਮੈਂ ਮੌਕੇ 'ਤੇ ਹੁੰਦਾ ਤਾਂ ਮੈਂ ਉਸ ਸਮੇਂ ਬੱਚਿਆਂ ਨੂੰ ਅਜਿਹਾ ਕਰਨ ਤੋਂ ਹਰ ਕੀਮਤ 'ਤੇ ਵਰਜ ਦੇਣਾ ਸੀ, ਕਿਉਂਕਿ ਮੈਂ ਗੋਵਿੰਦ ਸਿੰਘ ਦੇ ਨਾਨਾ ਹੋਣ ਦੇ ਨਾਲ-ਨਾਲ ਖ਼ਾਲਸਾ ਪੰਥ ਦੀ ਆਜ਼ਾਦੀ ਲਈ ਸੰਘਰਸ਼ ਕਰਦੇ ਆ ਰਹੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦਾ ਮੁੱਖ ਸੇਵਾਦਾਰ ਵੀ ਹਾਂ।ਇਸ ਲਈ ਮੈਂ ਇਸ ਹੋਈ ਗੁਸਤਾਖੀ ਲਈ ਆਪਣੇ ਅਤੇ ਆਪਣੇ ਪਰਵਾਰ ਵੱਲੋਂ ਸਮੁੱਚੇ ਖ਼ਾਲਸਾ ਪੰਥ ਤੋਂ ਆਤਮਿਕ ਤੌਰ 'ਤੇ ਮੁਆਫ਼ੀ ਮੰਗਦਾ ਹਾਂ।'

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਪਣੇ ਦੋਹਤੇ ਗੋਵਿੰਦ ਸਿੰਘ ਦੀ ਸ਼ਾਦੀ ਸਮੇਂ ਹੋਈਆ ਰਸਮਾਂ ਵਿਚ ਹੋਈ ਬਜਰ ਗੁਸਤਾਖੀ ਲਈ ਸਮੁੱਚੇ ਖਾਲਸਾ ਪੰਥ ਤੋ ਹਾਰਦਿਕ ਮੁਆਫ਼ੀ ਮੰਗਦੇ ਹੋਏ ਪ੍ਰਗਟ ਕੀਤੇ।ਉਨ੍ਹਾ ਕਿਹਾ ਕਿ ਜੋ ਸੋਸ਼ਲ ਮੀਡੀਆ ਦੇ ਸਾਧਨਾਂ ਉਤੇ ਮੇਰੇ ਅਤੇ ਮੇਰੇ ਪਰਵਾਰ ਵਿਰੁੱਧ ਧੂੰਆਧਾਰ ਨਫਰਤ ਭਰਿਆ ਪ੍ਰਚਾਰ ਕੀਤਾ ਜਾ ਰਿਹਾ ਹੈ, ਉਨ੍ਹਾਂ ਵਿਚ ਉਹ ਲੋਕ ਹੀ ਹਨ, ਜੋ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਦੀ ਕੌਮੀ ਸੋਚ ਖਾਲਿਸਤਾਨ ਦੇ ਨਿਸ਼ਾਨੇ ਨੂੰ ਪੂਰਨ ਰੂਪ ਵਿਚ ਪਿੱਠ ਦੇ ਗਏ ਹਨ ਅਤੇ ਸਮੇਂ-ਸਮੇਂ 'ਤੇ ਦਾਸ ਨੂੰ ਵੀ ਖਾਲਿਸਤਾਨ ਦੇ ਨਿਸ਼ਾਨੇ ਤੋਂ ਥਿੜਕਾਉਣ ਦੀਆਂ ਕਾਰਵਾਈ ਕਰਦੇ ਆ ਰਹੇ ਹਨ। ਉਹ ਤਾਕਤਾਂ ਤੇ ਲੋਕ ਮੇਰੇ ਨਾਂਅ ਅਤੇ

• ਬਾਕੀ ਸਫਾ 2 'ਤੇ

## ਜਥੇਦਾਰ ਅੱਗੇ ਪੇਸ਼ ਹੋ ਕੇ ਮੁਆਫੀ ਮੰਗੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਆਪਣੇ ਵਿਆਹ ਦੌਰਾਨ ਚੌਰ ਕਰਵਾਉਣ ਦੇ ਮਾਮਲੇ 'ਚ ਗੋਵਿੰਦ ਸਿੰਘ ਸੰਧੂ ਨੇ ਸੋਮਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਕੁਲਦੀਪ ਸਿੰਘ ਗੜਗੱਜ ਅੱਗੇ ਪੇਸ਼ ਹੋ ਕੇ ਗਲਤੀ ਦੀ ਲਿਖਤੀ ਤੌਰ 'ਤੇ ਮੁਆਫੀ ਮੰਗੀ ਅਤੇ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਅਜਿਹੀ ਗਲਤੀ ਨਹੀਂ ਦੁਹਰਾਈ ਜਾਏਗੀ। ਸੰਧੂ ਨੇ ਕਿਹਾ ਕਿ ਪੁਰਾਣੇ ਸਮਿਆਂ 'ਚ ਰਿਆਸਤਾਂ ਦੇ ਰਾਜੇ ਇਸ ਤਰ੍ਹਾਂ ਆਪਣੇ 'ਤੇ ਚੌਰ ਦੀ ਸੇਵਾ ਕਰਵਾਉਂਦੇ ਹੁੰਦੇ ਸੀ, ਪਰ ਉਨ੍ਹਾ ਜਿਹੜੀ ਅਣਜਾਣੇ ਵਿੱਚ ਗਲਤੀ ਕੀਤੀ ਹੈ, ਉਸ ਦਾ ਉਨ੍ਹਾ ਨੂੰ ਬੇਹੱਦ ਅਫਸੋਸ ਹੈ।

# ਰਾਹੁਲ ਵੱਲੋਂ ਜਨਰਲ ਦੀਆਂ ਯਾਦਾਂ ਦਾ ਜ਼ਿਕਰ ਕਰਨ 'ਤੇ ਜ਼ਬਰਦਸਤ ਹੰਗਾਮਾ



**ਨਵੀਂ ਦਿੱਲੀ** : ਲੋਕ ਸਭਾ ਵਿੱਚ ਸੋਮਵਾਰ ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਮਤੇ ਦੌਰਾਨ ਭਾਰੀ ਹੰਗਾਮਾ ਹੋਇਆ, ਜਦੋਂ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸਾਬਕਾ ਫੌਜ ਮੁਖੀ ਜਨਰਲ ਮਨੋਜ ਮੁਕੁੰਦ ਨਰਵਾਣੇ ਦੀ ਇਕ ਅਣਪ੍ਰਕਾਸ਼ਤ ਕਿਤਾਬ (ਯਾਦਨਾਮੇ) ਦਾ ਹਵਾਲਾ ਦੇਣਾ ਸ਼ੁਰੂ ਕੀਤਾ। ਰਾਹੁਲ ਗਾਂਧੀ ਸਾਲ 2020 ਵਿੱਚ ਚੀਨ ਨਾਲ ਹੋਏ ਸਰਹੱਦੀ ਵਿਵਾਦ ਬਾਰੇ ਬੋਲਣਾ ਚਾਹੁੰਦੇ ਸਨ, ਜਿਸ 'ਤੇ ਭਾਜਪਾ ਮੈਂਬਰਾਂ ਨੇ ਸਖਤ ਇਤਰਾਜ਼ ਜਤਾਇਆ। ਦੱਸਿਆ ਜਾਂਦਾ ਹੈ ਕਿ ਕਿਤਾਬ ਵਿੱਚ ਚੀਨੀ ਟੈਂਕਾਂ ਦੇ ਗਲਵਾਨ ਵੱਲ ਆਉਣ ਦੀ ਗੱਲ ਕਹੀ ਗਈ ਹੈ।

ਸਪੀਕਰ ਓਮ ਬਿਰਲਾ ਨੇ ਸਪੱਸ਼ਟ ਰੂਲਿੰਗ ਦਿੱਤੀ ਕਿ ਅਜਿਹੀ ਕਿਸੇ ਕਿਤਾਬ ਜਾਂ ਲੇਖ ਦਾ ਹਵਾਲਾ ਨਹੀਂ ਦਿੱਤਾ ਜਾ ਸਕਦਾ, ਜੋ ਅਜੇ ਤੱਕ ਪ੍ਰਕਾਸ਼ਤ ਹੀ ਨਹੀਂ ਹੋਈ। ਵਾਰ-ਵਾਰ ਪੈਦਾ ਹੋਈਆਂ ਰੁਕਾਵਟਾਂ ਕਾਰਨ ਸਦਨ ਦੀ ਕਾਰਵਾਈ ਪਹਿਲਾਂ ਕਈ ਵਾਰ ਰੋਕਣੀ ਪਈ ਅਤੇ ਅੰਤ ਵਿੱਚ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜੀਜੂ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਰਾਹੁਲ ਗਾਂਧੀ 'ਤੇ ਨਿਯਮਾਂ ਦੀ ਉਲੰਘਣਾ ਕਰਨ ਅਤੇ ਹਥਿਆਰਬੰਦ ਸੈਨਾਵਾਂ ਦਾ ਮਨੋਬਲ ਡੇਗਣ ਦਾ ਦੋਸ਼ ਲਾਇਆ।

ਰਿਜੀਜੂ ਨੇ ਕਿਹਾ ਕਿ ਰਾਹੁਲ ਗਾਂਧੀ ਆਪਣੇ ਆਪ ਨੂੰ ਸੰਸਦ ਅਤੇ ਨਿਯਮਾਂ ਤੋਂ ਉੱਪਰ ਸਮਝਦੇ ਹਨ ਅਤੇ ਉਨ੍ਹਾ ਨੂੰ ਚੀਨ ਸਰਹੱਦ ਦੇ ਮੁੱਦੇ 'ਤੇ ਦੇਸ਼ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਦੂਜੇ ਪਾਸੇ, ਰਾਹੁਲ ਗਾਂਧੀ ਨੇ ਸਵਾਲ ਕੀਤਾ ਕਿ ਸਰਕਾਰ ਫੌਜ ਮੁਖੀ ਦੀਆਂ ਯਾਦਾਂ ਤੋਂ ਏਨੀ ਕਿਉਂ ਡਰ ਰਹੀ ਹੈ? ਉਨ੍ਹਾ ਕਿਹਾ ਕਿ ਕੌਮੀ ਸੁਰੱਖਿਆ ਤੋਂ ਮਹੱਤਵਪੂਰਨ ਕੁਝ ਵੀ ਨਹੀਂ। ਉਹ ਭਾਜਪਾ ਸਾਂਸਦ ਤੇਜਸਵੀ ਸੂਰੀਆ ਵੱਲੋਂ ਕਾਂਗਰਸ ਦੀ ਦੇਸ਼ ਭਗਤੀ 'ਤੇ ਚੁੱਕੇ ਸਵਾਲਾਂ ਦਾ ਜਵਾਬ ਦੇ ਰਹੇ ਸਨ। ਰਾਹੁਲ ਗਾਂਧੀ ਨੇ ਕਿਹਾ—ਜਨਰਲ ਨਰਵਾਣੇ ਨੇ ਆਪਣੀ ਕਿਤਾਬ ਵਿੱਚ ਰਾਜਨਾਥ ਸਿੰਘ ਸਮੇਤ ਕੁਝ ਵਿਅਕਤੀਆਂ ਬਾਰੇ ਲਿਖਿਆ ਹੈ, ਫਿਰ ਵੀ ਉਨ੍ਹਾ ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ। ਉਨ੍ਹਾ ਦਾ ਇਸ਼ਾਰਾ ਚੀਨ ਬਾਰੇ ਨਹੀਂ, ਸਗੋਂ ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਦੇ ਚਰਿੱਤਰ ਬਾਰੇ ਹੈ।

ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਵੀ ਰਾਹੁਲ ਗਾਂਧੀ ਦਾ ਸਮਰਥਨ ਕਰਦਿਆਂ ਕਿਹਾ ਕਿ ਚੀਨ ਦਾ ਮੁੱਦਾ ਬੇਹੱਦ ਸੰਵੇਦਨਸ਼ੀਲ ਹੈ ਅਤੇ ਵਿਰੋਧੀ ਧਿਰ ਦੇ ਨੇਤਾ ਨੂੰ ਇਸ 'ਤੇ ਬੋਲਣ ਦੀ ਇਜਾਜ਼ਤ ਮਿਲਣੀ ਚਾਹੀਦੀ ਹੈ।

## ਮੈਂ ਕਾਂਗਰਸੀ ਹੀ ਰਹਿਣੈ : ਭੱਠਲ



**ਲਹਿਰਾਗਾਗਾ** : ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦੇ ਚਰਚਿਆਂ ਨੂੰ ਬੇਬੁਨਿਆਦ ਅਤੇ ਗਲਤ ਕਰਾਰ ਦਿੱਤਾ ਹੈ। ਬੀਬੀ ਭੱਠਲ ਨੇ ਸਪੱਸ਼ਟ ਕਿਹਾ ਕਿ ਉਹ ਕਾਂਗਰਸੀ ਸਨ, ਕਾਂਗਰਸੀ ਹਨ ਅਤੇ ਕਾਂਗਰਸ ਵਿੱਚ ਹੀ ਰਹਿਣਗੇ। ਉਨ੍ਹਾ ਅੱਗੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ, ਪਰ ਅਸਲ ਵਿੱਚ ਅਜਿਹੀ ਕੋਈ ਗੱਲ ਨਹੀਂ ਹੈ ਅਤੇ ਨਾ ਹੀ ਉਨ੍ਹਾ ਨੇ ਕਦੇ ਅਕਾਲੀ ਦਲ ਜਾਂ ਕਿਸੇ ਹੋਰ ਪਾਰਟੀ ਵਿੱਚ ਜਾਣ ਬਾਰੇ ਸੋਚਿਆ ਹੈ।

## ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਦੀ ਦਸਤਾਰਬੰਦੀ



**ਪਟਿਆਲਾ** : ਮਹਾਰਾਜਾ ਹੀਰਾ ਸਿੰਘ ਦੀ ਛੇਵੀਂ ਪੀੜ੍ਹੀ ਦੇ ਵੰਸ਼ਜ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਦਾ ਰਵਾਇਤੀ ਦਸਤਾਰਬੰਦੀ ਸਮਾਰੋਹ ਸੋਮਵਾਰ ਨਾਭਾ ਦੇ ਹੀਰਾ ਮਹਿਲ ਵਿਖੇ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਨੂੰ ਪੱਗ ਭੇਟ ਕੀਤੀ। ਉਨ੍ਹਾ ਰਾਣੀ ਪ੍ਰੀਤੀ ਸਿੰਘ ਸਮੇਤ ਸ਼ਾਹੀ ਪਰਵਾਰ ਦੇ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ। ਬਿਆਸ ਡੇਰੇ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਵੀ ਦਸਤਾਰਬੰਦੀ ਸਮਾਰੋਹ ਦੀ ਸ਼ੋਭਾ ਵਧਾਈ।

# ਨੈਸ਼ਨਲ ਡਿਫੈਂਸ ਕਾਲਜ ਦਾ ਵਫ਼ਦ ਮੁੱਖ ਮੰਤਰੀ ਨੂੰ ਮਿਲਿਆ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਨੈਸ਼ਨਲ ਡਿਫੈਂਸ ਕਾਲਜ ਨਵੀਂ ਦਿੱਲੀ ਦੇ ਇੱਕ ਵਫ਼ਦ ਨੇ ਸੋਮਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ, ਜਿਸ ਦੌਰਾਨ ਮੁੱਖ ਮੰਤਰੀ ਨੇ ਦੇਸ਼ ਦੀ ਏਕਤਾ ਅਤੇ ਪ੍ਰਭੁਸੱਤਾ ਵਿੱਚ ਸੂਬੇ ਦੇ ਬੇਮਿਸਾਲ ਯੋਗਦਾਨ, ਬਹਾਦਰੀ ਅਤੇ ਭਾਈਚਾਰਕ ਸਾਂਝ, ਸ਼ਾਨਾਮੱਤੀ ਵਿਰਾਸਤ ਅਤੇ ਭਾਰਤ ਦੀ ਖੜਗਭੁਜਾ ਅਤੇ ਅੰਨਦਾਤੇ ਵਜੋਂ ਪੰਜਾਬ ਦੇ ਵਡਮੁੱਲੇ ਯੋਗਦਾਨ ਦਾ ਜ਼ਿਕਰ ਕੀਤਾ।

ਮਾਨ ਨੇ ਕਿਹਾ—ਪੰਜਾਬ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਨੂੰ ਜਾਂਬਾਜ਼ ਫੌਜੀ ਅਫ਼ਸਰ ਅਤੇ ਬਹਾਦਰ ਜਵਾਨ ਦਿੱਤੇ ਹਨ, ਜਿਨ੍ਹਾਂ ਨੇ ਹਮੇਸ਼ਾ ਮੂਹਰੇ ਹੋ ਕੇ ਦੇਸ਼ ਲਈ ਸ਼ਾਹਦਤਾਂ ਦਿੱਤੀਆਂ ਹਨ। ਉਨ੍ਹਾ ਕਿਹਾ ਕਿ ਇਹ ਜਾਣ ਕੇ ਖੁਸ਼ੀ ਹੋਈ ਕਿ ਨੈਸ਼ਨਲ ਡਿਫੈਂਸ ਕਾਲਜ ਨਵੀਂ ਦਿੱਲੀ ਵੱਲੋਂ 2 ਤੋਂ 6 ਫਰਵਰੀ ਤੱਕ ਪੰਜਾਬ ਦਾ ਦੌਰਾ ਕੀਤਾ ਜਾ ਰਿਹਾ ਹੈ। ਵਫ਼ਦ ਵਿੱਚ ਬੰਗਲਾਦੇਸ਼, ਮਿਸਰ, ਇੰਡੋਨੇਸ਼ੀਆ, ਮਲੇਸ਼ੀਆ ਅਤੇ ਨੇਪਾਲ ਤੋਂ ਇੱਕ-ਇੱਕ ਅਧਿਕਾਰੀ ਸ਼ਾਮਲ ਹੈ।

# ਭਾਜਪਾ ਦੀ ਮਾਨਸਿਕਤਾ ਪੰਜਾਬ ਲਈ ਵੱਡਾ ਖਤਰਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਕੇਂਦਰੀ ਬਜਟ 2026 ਵਿੱਚ ਪੰਜਾਬ ਦੀਆਂ ਜ਼ਰੂਰਤਾਂ ਅਤੇ ਕੁਰਬਾਨੀਆਂ ਨੂੰ ਪੂਰੀ ਤਰ੍ਹਾਂ ਦਰਕਿਨਾਰ ਕਰਨ ਦਾ ਦੋਸ਼ ਲਗਾਉਂਦਿਆ ਕਿਹਾ ਕਿ ਬਜਟ ਵਿੱਚ ਕਿਤੇ ਵੀ ਪੰਜਾਬ ਦਾ ਕੋਈ ਜ਼ਿਕਰ ਨਹੀਂ ਅਤੇ ਨਾ ਹੀ ਲੰਮੇ ਸਮੇਂ ਤੋਂ ਬਕਾਇਆ ਪਏ 8500 ਕਰੋੜ ਰੁਪਏ ਦੇ ਪੇਂਡੂ ਵਿਕਾਸ ਫੰਡ (ਆਰ ਡੀ ਐੱਫ) ਦਾ ਕੋਈ ਹਵਾਲਾ ਦਿੱਤਾ ਗਿਆ ਹੈ।

ਬਜਟ-2026 ਨੂੰ ਸਿੱਖਿਆ, ਸਿਹਤ, ਕਿਸਾਨ, ਗ਼ਰੀਬ, ਵਪਾਰੀ ਅਤੇ ਪੰਜਾਬ ਦੀ ਸੁਰੱਖਿਆ ਵਿਰੋਧੀ ਗਰਦਾਨਦਿਆਂ ਚੀਮਾ ਨੇ ਕਿਹਾ ਹੈ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਦਾ ਬੋਝ ਝੱਲਣ, ਵਾਰ-ਵਾਰ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰਨ ਅਤੇ ਆਰ ਡੀ ਐੱਫ ਨਾਲ ਸੰਬੰਧਤ ਜ਼ਿੰਮੇਵਾਰੀਆਂ ਨੂੰ ਨਿਭਾਉਣ ਦੇ ਬਾਵਜੂਦ ਪੰਜਾਬ ਨੂੰ ਇੱਕ ਵਾਰ ਫਿਰ ਆਪਣੇ ਪੱਧਰ 'ਤੇ ਸਾਰੇ ਪ੍ਰਬੰਧ ਕਰਨ ਲਈ ਮਜਬੂਰ ਕੀਤਾ ਗਿਆ ਹੈ। ਬਜਟ ਵਿੱਚ ਆਮ ਲੋਕਾਂ ਲਈ ਕੋਈ ਰਾਹਤ ਨਹੀਂ ਅਤੇ ਲਗਾਤਾਰ 12ਵੇਂ ਸਾਲ ਵੀ ਕੇਂਦਰ ਵੱਲੋਂ ਕੋਈ ਠੋਸ ਸਹਾਇਤਾ ਨਹੀਂ ਦਿੱਤੀ ਗਈ।

ਚੀਮਾ ਨੇ ਕਿਹਾ ਕਿ ਕੇਂਦਰ ਦੀ ਸੱਤਾ 'ਤੇ ਕਾਬਜ਼ ਭਾਜਪਾ ਦੀ ਮਾਨਸਿਕਤਾ ਦੇਸ਼ ਦੇ ਲੋਕਤੰਤਰ ਅਤੇ ਖਾਸ ਕਰਕੇ ਪੰਜਾਬ ਲਈ ਇੱਕ ਵੱਡਾ ਖ਼ਤਰਾ ਬਣ ਗਈ ਹੈ। ਇਹ ਬਜਟ ਨਾ ਤਾਂ ਦੇਸ਼ ਦੀ ਸੁਰੱਖਿਆ ਨੂੰ ਮਜ਼ਬੂਤ ਕਰਦਾ ਹੈ ਅਤੇ ਨਾ ਹੀ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਜਾਂ ਸੂਬਿਆਂ ਦਾ ਸਮਰਥਨ ਕਰਦਾ ਹੈ।

# ਡਾ. ਗੁਰਬਚਨ ਸਿੰਘ ਰਾਹੀ ਦਾ ਦੇਹਾਂਤ



**ਪਟਿਆਲਾ** : ਪੰਜਾਬੀ ਦੇ ਪ੍ਰਸਿੱਧ ਵਿਦਵਾਨ ਤੇ ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਸਰਪ੍ਰਸਤ ਡਾ. ਗੁਰਬਚਨ ਸਿੰਘ ਰਾਹੀ (90) ਦਾ ਐਤਵਾਰ ਰਾਤੀਂ ਪਟਿਆਲਾ ਵਿਖੇ ਦੇਹਾਂਤ ਹੋ ਗਿਆ। ਉਨ੍ਹਾ ਦਾ ਅੰਤਮ ਸੰਸਕਾਰ ਪਟਿਆਲਾ ਦੇ ਘਲੌੜੀ ਗੇਟ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਉਨ੍ਹਾ ਦੀ ਦੇਹ ਨੂੰ ਅਗਨੀ ਉਨ੍ਹਾ ਦੇ ਸਪੁੱਤਰ ਡਾ. ਸੁਖਦੀਪ ਸਿੰਘ ਨੇ ਵਿਖਾਈ। ਡਾ. ਰਾਹੀ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਮਜ਼ਬੂਤ ਥੰਮ੍ਹ ਸਨ। ਉਨ੍ਹਾ ਕਈ ਦਹਾਕੇ ਪੰਜਾਬੀ ਅਧਿਐਨ, ਅਧਿਆਪਨ, ਮੌਲਿਕ ਸਿਰਜਣਾ, ਅਨੁਵਾਦ ਅਤੇ ਸੰਪਾਦਨ ਦੇ ਖੇਤਰ ਵਿਚ ਵਡਮੁੱਲਾ ਕਾਰਜ ਕੀਤਾ। ਡਾ. ਰਾਹੀ ਨੇ ਲੰਮਾ ਸਮਾਂ ਪਹਿਲਾਂ ਭਾਸ਼ਾ ਵਿਭਾਗ ਪੰਜਾਬ ਵਿਚ ਬਤੌਰ ਸਹਾਇਕ ਡਾਇਰੈਕਟਰ ਅਤੇ ਫਿਰ ਪੰਜਾਬ ਦੇ ਵੱਖ-ਵੱਖ ਸਰਕਾਰੀ ਕਾਲਜਾਂ ਵਿਚ ਬਤੌਰ ਪ੍ਰੋਫੈਸਰ ਸੇਵਾਵਾਂ ਨਿਭਾਈਆਂ। ਉਨ੍ਹਾ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਪੰਜਾਬੀ ਵਿਭਾਗ ਦੇ ਮੁਖੀ ਵਜੋਂ ਵੀ ਕਾਰਜ ਕੀਤਾ। ਉਪਰੰਤ ਉਨ੍ਹਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਆਈ ਏ ਐੱਸ ਟ੍ਰੇਨਿੰਗ ਸੈਂਟਰ ਵਿਖੇ ਅਨੇਕ ਵਿਦਿਆਰਥੀਆਂ ਨੂੰ ਪੀ ਸੀ ਐੱਸ ਅਤੇ ਆਈ ਏ ਐੱਸ ਆਦਿ ਉਚ ਕੋਟੀ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਪੰਜਾਬੀ ਵਿਚ ਕਰਵਾਈ। ਉਨ੍ਹਾ ਪੰਜਾਬੀ ਸਾਹਿਤ ਦੀ ਝੋਲੀ ਵਿਚ 'ਮੌਤ ਦਾ ਵਪਾਰ', 'ਆਸ ਦਾ ਫੁੱਲ', 'ਅਗਨ ਕ੍ਰੀੜਾ', 'ਕੁਝ ਗੱਲਾਂ', 'ਅੱਖਰ ਅੱਖਰ ਸ਼ਬਦ','ਤੇਰਾ ਆਕਾਸ਼ ਮੇਰੀ ਉਡਾਣ', 'ਤਿੰਨ ਰੰਗ' ਅਤੇ 'ਕੁਰਬਾਨੀ ਦਾ ਮੁੱਲ' ਤੋਂ ਇਲਾਵਾ ਵੱਡੀ ਗਿਣਤੀ ਆਲੋਚਨਾ, ਧਰਮ, ਇਤਿਹਾਸ, ਸੰਪਾਦਨਾ, ਨਾਟਕ ਅਤੇ ਬਾਲ ਸਾਹਿਤ ਦੇ ਖੇਤਰ ਵਿਚ ਵੀ ਕਈ ਪੁਸਤਕਾਂ ਦੀ ਰਚਨਾ ਕੀਤੀ ਹੈ। ਉਨ੍ਹਾ ਦੇ ਸਮੁੱਚੇ ਜੀਵਨ ਅਤੇ ਰਚਨਾ ਬਾਰੇ ਡਾ. ਦਰਸ਼ਨ ਸਿੰਘ ਆਸ਼ਟ ਦੀ ਸੰਪਾਦਨਾ ਹੇਠ ਇਕ ਅਭਿਨੰਦਨ 'ਗ੍ਰੰਥ ਸ਼ਬਦਾਂ ਦਾ ਵਣਜਾਰਾ : ਡਾ. ਗੁਰਬਚਨ ਸਿੰਘ ਰਾਹੀ' ਵੀ ਪ੍ਰਕਾਸ਼ਤ ਕੀਤਾ ਗਿਆ ਸੀ। ਉਨ੍ਹਾਂ ਦਾ ਪੰਜਾਬੀ ਭਾਸ਼ਾ ਸੰਬੰਧੀ ਇਕ ਸੀਰੀਅਲ 'ਪਾਠਸ਼ਾਲਾ' ਵੀ ਜਲੰਧਰ ਦੂਰਦਰਸ਼ਨ ਤੋਂ ਲੰਮਾ ਸਮਾਂ ਪ੍ਰਸਾਰਤ ਹੁੰਦਾ ਰਿਹਾ। ਡਾ. ਰਾਹੀਂ ਦੇ ਅਕਾਲ

• ਬਾਕੀ ਸਫਾ 2 'ਤੇ

# ਸੜਕ ਸੁਰੱਖਿਆ ਫੋਰਸ ਨੇ ਮੌਤਾਂ ਅੱਧੀਆਂ ਘਟਾਈਆਂ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**



ਪੰਜਾਬ ਸਰਕਾਰ ਦੀ ਸੜਕ ਸੁਰੱਖਿਆ ਫੋਰਸ (ਐੱਸ ਐੱਸ ਐੱਫ) ਦੇ ਦੋ ਸਾਲ ਪੂਰੇ ਹੋਣ 'ਤੇ ਇਸ ਦੀ ਸ਼ਾਨਦਾਰ ਸਫਲਤਾ ਸਾਂਝੀ ਕਰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਇਹ ਫੋਰਸ ਮੁੱਖ ਮੰਤਰੀ ਭਗਵੰਤ ਮਾਨ ਦੀ ਸਭ ਤੋਂ ਪ੍ਰਭਾਵਸ਼ਾਲੀ ਅਤੇ ਲੋਕ-ਪੱਖੀ ਪਹਿਲਕਦਮੀਆਂ ਵਿੱਚੋਂ ਇੱਕ ਵਜੋਂ ਉਭਰੀ ਹੈ, ਜੋ ਪੰਜਾਬ ਦੇ ਹਾਈਵੇ 'ਤੇ ਅਸਲ ਨਤੀਜੇ ਦੇ ਰਹੀ ਹੈ।ਪੰਨੂ ਨੇ ਦੱਸਿਆ ਕਿ ਜਦੋਂ ਦੋ ਸਾਲ ਪਹਿਲਾਂ ਐੱਸ ਐੱਸ ਐੱਫ ਦੀ ਸ਼ੁਰੂਆਤ ਕੀਤੀ ਗਈ ਸੀ, ਤਾਂ ਸਾਲ 2023 ਵਿੱਚ ਪੰਜਾਬ ਦੇ ਹਾਈਵੇ 'ਤੇ ਹਾਦਸਿਆਂ ਕਾਰਨ 1,955 ਮੌਤਾਂ ਹੋਈਆਂ ਸਨ। ਸਾਲ 2024 ਵਿੱਚ, ਇਹ ਅੰਕੜਾ ਤੇਜ਼ੀ ਨਾਲ ਘਟ ਕੇ 1,016 ਰਹਿ ਗਿਆ ਹੈ, ਜਿਸ ਦਾ ਮਤਲਬ ਹੈ ਕਿ ਐੱਸ ਐੱਸ ਐੱਫ ਦੇ ਤੇਜ਼ ਅਤੇ ਪੇਸ਼ੇਵਰ ਹੁੰਗਾਰੇ ਸਦਕਾ ਸਿਰਫ ਇੱਕ ਸਾਲ ਵਿੱਚ 940 ਕੀਮਤੀ ਜਾਨਾਂ ਬਚਾਈਆਂ ਗਈਆਂ ਹਨ। ਘਾਤਕ ਹਾਦਸਿਆਂ ਦੇ ਮਾਮਲਿਆਂ ਵਿੱਚ ਲਗਭਗ 50 ਫੀਸਦੀ ਦੀ ਗਿਰਾਵਟ ਦੇਖੀ ਗਈ ਹੈ, ਜੋ ਪੰਜਾਬ ਭਰ ਵਿੱਚ ਹਾਈਵੇ ਸੁਰੱਖਿਆ ਵਿੱਚ ਵੱਡੇ ਸੁਧਾਰ ਨੂੰ ਦਰਸਾਉਂਦੀ ਹੈ। ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਾਈਵੇ 'ਤੇ ਹਰ 30 ਕਿਲੋਮੀਟਰ ਦੀ ਦੂਰੀ 'ਤੇ ਪੂਰੀ ਤਰ੍ਹਾਂ ਲੈਸ ਐੱਸ ਐੱਸ ਐੱਫ ਵਾਹਨ ਤਾਇਨਾਤ ਹਨ, ਜੋ ਤੇਜ਼ੀ ਨਾਲ ਕਾਰਵਾਈ ਨੂੰ ਯਕੀਨੀ ਬਣਾਉਂਦੇ ਹਨ। ਨਤੀਜੇ ਵਜੋਂ ਐੱਸ ਐੱਸ ਐੱਫ ਟੀਮਾਂ 6 ਤੋਂ 8 ਮਿੰਟ ਦੇ ਅੰਦਰ ਹਾਦਸੇ ਵਾਲੀ ਥਾਂ 'ਤੇ ਪਹੁੰਚ ਜਾਂਦੀਆਂ ਹਨ, ਜੋ ਕਿ ਵਿਕਸਤ ਦੇਸ਼ਾਂ ਦੇ ਬਰਾਬਰ ਦਾ ਰਿਸਪਾਂਸ ਟਾਈਮ ਹੈ।

ਉਨ੍ਹਾ ਕਿਹਾ ਕਿ ਐੱਸ ਐੱਸ ਐੱਫ ਦੀ ਮੌਜੂਦਗੀ ਨੇ ਹਾਦਸੇ ਤੋਂ ਬਾਅਦ ਹੋਣ ਵਾਲੀ ਲੁੱਟ-ਖੋਹ ਨੂੰ ਵੀ ਲਗਭਗ ਖਤਮ ਕਰ ਦਿੱਤਾ ਹੈ ਅਤੇ ਹੋਰ ਹਾਈਵੇ ਅਪਰਾਧਾਂ ਵਿੱਚ, ਖਾਸ ਕਰਕੇ ਰਾਤ ਦੇ ਸਮੇਂ ਭਾਰੀ ਕਮੀ ਆਈ ਹੈ। ਐੱਸ ਐੱਸ ਐੱਫ ਨੂੰ ਮੁੱਖ ਮੰਤਰੀ ਭਗਵੰਤ ਮਾਨ ਦਾ 'ਡਰੀਮ ਪ੍ਰੋਜੈਕਟ' ਦੱਸਦਿਆਂ ਪੰਨੂ ਨੇ ਕਿਹਾ ਕਿ ਇਹ ਨਾ ਸਿਰਫ ਸਾਕਾਰ ਹੋਇਆ ਹੈ, ਬਲਕਿ ਹਰ ਰੋਜ਼ ਜਾਨਾਂ ਬਚਾਉਣ ਵਾਲੇ ਨਤੀਜੇ ਦੇ ਰਿਹਾ ਹੈ।

## ਅੱਜ-ਨਾਮਾ

ਲੋਕ ਸਭਾ ਅੰਦਰ ਉੱਠਿਆ ਜਦੋਂ ਰਾਹੁਲ,
ਇੱਕਦਮ ਲੱਗ ਪਈ ਪੈਣ ਸੀ ਖੱਪ ਬੇਲੀ।
ਬੋਲਦਾ ਪਿਆ ਤਾਂ ਸਿਰਫ ਸੀ ਇੱਕ ਬੰਦਾ,
ਬਹੁਤਿਆਂ ਬੋਲ ਕੇ ਗੱਲ ਲਈ ਠੱਪ ਬੇਲੀ।
ਦੇਸ਼ ਜਦ ਦੇਸ਼ ਗਦਾਰੀ ਦਾ ਲਾਉਣ ਲੱਗੇ,
ਅਸਲੀ ਮੁੱਦਾ ਫਿਰ ਹੋ ਗਿਆ ਠੱਪ ਬੇਲੀ।
ਖਬਰ ਉਹਦੀ ਤਾਂ ਮੀਡੀਆ ਕਰੂ ਚਰਚਾ,
ਜੀਹਦੀ ਲੀਕ ਨਾ ਲੱਭਦਾ ਈ ਸੱਪ ਬੇਲੀ।
ਗਿਣਤੀ ਸਿਰਾਂ ਨਾਲ ਬੱਝਾ ਈ ਸੱਚ ਜਿੱਥੇ,
ਹਕੀਕਤ ਰੌਲੇ ਨਾਲ ਰੋਲੀ ਹੈ ਜਾ ਸਕਦੀ।
ਢੇਰੀ ਕੂੜੇ ਵਿੱਚ ਪਿਆ ਜਦ ਸੱਚ ਰੁਲਦਾ,
ਕਹਾਣੀ ਵਿਚਲੀ ਨਾ ਟੋਲੀ ਹੈ ਜਾ ਸਕਦੀ।

-ਤੀਸ ਮਾਰ ਖਾਂ

# ਪਾਕਿਸਤਾਨ ਨੇ ਟੀ-20 ਵਿਸ਼ਵ ਕੱਪ 'ਚ ਭੰਬਲਭੂਸਾ ਪਾਇਆ

**ਕਰਾਚੀ** : ਟੀ-20 ਵਿਸ਼ਵ ਕੱਪ ਵਿਚ ਭਾਰਤ ਖਿਲਾਫ ਹੋਣ ਵਾਲੇ ਗਰੁੱਪ ਲੀਗ ਮੈਚ ਦਾ ਬਾਈਕਾਟ ਕਰਨ ਦਾ ਐਲਾਨ ਕਰਨ ਤੋਂ ਬਾਅਦ ਇੰਟਰਨੈਸ਼ਨਲ ਕ੍ਰਿਕਟ ਕੌਂਸਲ (ਆਈ ਸੀ ਸੀ) ਨੇ ਪਾਕਿਸਤਾਨ ਨੂੰ ਬਾਈਕਾਟ ਕਰਨ ਦੀ ਸੂਰਤ ਵਿੱਚ ਗੰਭੀਰ ਨਤੀਜੇ ਭੁਗਤਣ ਦੀ ਚਿਤਾਵਨੀ ਦਿੱਤੀ ਹੈ। ਆਈ ਸੀ ਸੀ ਨੇ ਕਿਹਾ ਕਿ ਭਾਵੇਂ ਪਾਕਿਸਤਾਨ ਸਰਕਾਰ ਨੇ 7 ਫਰਵਰੀ ਤੋਂ ਸ਼ੁਰੂ ਹੋਣ ਵਾਲੇ ਵਿਸ਼ਵ ਕੱਪ ਦੇ ਬਾਕੀ ਮੈਚ ਖੇਡਣ 'ਤੇ ਸਹਿਮਤੀ ਜਤਾ ਦਿੱਤੀ ਹੈ, ਪਰ ਭਾਰਤ ਖਿਲਾਫ ਮੈਚ ਖੇਡਣ ਤੋਂ ਇਨਕਾਰ ਕੀਤਾ ਹੈ, ਜਿਸ ਕਾਰਨ ਪਾਕਿਸਤਾਨ 'ਤੇ ਪਾਬੰਦੀਆਂ ਲਾਉਣ 'ਤੇ ਵੀ ਵਿਚਾਰ ਕੀਤਾ ਜਾ ਸਕਦਾ ਹੈ। ਪਾਕਿਸਤਾਨ ਦੇ ਇਸ ਫੈਸਲੇ ਤੋਂ ਆਈ ਸੀ ਸੀ ਨਾਰਾਜ਼ ਹੈ।

ਭਾਰਤ ਵਿਰੁੱਧ ਨਾ ਖੇਡਣ ਦੀ ਜਾਣਕਾਰੀ ਪਾਕਿਸਤਾਨ ਸਰਕਾਰ ਨੇ ਪਹਿਲੀ ਫਰਵਰੀ ਦੀ ਰਾਤ ਨੂੰ ਐਕਸ 'ਤੇ ਪੋਸਟ ਪਾ ਕੇ ਨਸ਼ਰ ਕੀਤੀ ਸੀ। ਉਸ ਨੇ ਪੋਸਟ ਵਿੱਚ ਲਿਖਿਆ, 'ਸਰਕਾਰ... ਪਾਕਿਸਤਾਨ ਕ੍ਰਿਕਟ ਟੀਮ ਨੂੰ ਆਈ ਸੀ ਸੀ ਵਿਸ਼ਵ ਟੀ-20 2026 ਵਿੱਚ ਹਿੱਸਾ ਲੈਣ ਲਈ ਪ੍ਰਵਾਨਗੀ ਦਿੰਦੀ ਹੈ, ਹਾਲਾਂਕਿ ਪਾਕਿਸਤਾਨ ਕ੍ਰਿਕਟ ਟੀਮ 15 ਫਰਵਰੀ ਨੂੰ ਭਾਰਤ ਖਿਲਾਫ ਹੋਣ ਵਾਲੇ ਮੈਚ ਵਿੱਚ ਮੈਦਾਨ 'ਤੇ ਨਹੀਂ ਉਤਰੇਗੀ।' ਜ਼ਿਕਰਯੋਗ ਹੈ ਕਿ ਦੋਵੇਂ ਦੇਸ਼ਾਂ ਦਰਮਿਆਨ ਹੋਣ ਵਾਲੇ ਮੈਚ ਲਈ ਦਰਸ਼ਕ ਖਾਸੇ ਉਤਸ਼ਾਹਤ ਰਹਿੰਦੇ ਹਨ।

ਪਾਕਿਸਤਾਨ ਦੇ ਫੈਸਲੇ ਨੂੰ ਬੰਗਲਾਦੇਸ਼ ਨੂੰ ਟੂਰਨਾਮੈਂਟ ਤੋਂ ਹਟਾਉਣ ਨਾਲ ਜੁੜੇ ਰਾਜਸੀ ਵਿਰੋਧ ਵਜੋਂ ਦੇਖਿਆ ਜਾ ਰਿਹਾ ਹੈ, ਕਿਉਂਕਿ ਆਈ ਸੀ ਸੀ ਨੇ ਬੰਗਲਾਦੇਸ਼ ਦੀ ਸੁਰੱਖਿਆ ਦੇ ਆਧਾਰ 'ਤੇ ਭਾਰਤ ਤੋਂ ਸ੍ਰੀਲੰਕਾ ਵਿੱਚ ਮੈਚਾਂ ਨੂੰ ਤਬਦੀਲ ਕਰਨ ਦੀ ਅਪੀਲ ਠੁਕਰਾ ਦਿੱਤੀ ਸੀ।

ਪਾਕਿਸਤਾਨ 7 ਫਰਵਰੀ ਨੂੰ ਨੀਦਰਲੈਂਡਜ਼ ਵਿਰੁੱਧ ਆਪਣੀ ਮੁਹਿੰਮ ਦੀ ਸ਼ੁਰੂਆਤ ਕਰੇਗਾ, ਇਸ ਤੋਂ ਬਾਅਦ 10 ਫਰਵਰੀ ਨੂੰ ਅਮਰੀਕਾ ਅਤੇ 18 ਫਰਵਰੀ ਨੂੰ ਨਾਮੀਬੀਆ ਵਿਰੁੱਧ ਮੈਚ ਹੋਣਗੇ। ਸਾਰੇ ਮੈਚ ਕੋਲੰਬੋ ਦੇ ਵਿੱਚ ਖੇਡੇ ਜਾਣਗੇ। ਆਈ ਸੀ ਸੀ ਵੱਲੋਂ ਬੰਗਲਾਦੇਸ਼ ਨੂੰ ਟੀ-20 ਵਿਸ਼ਵ ਕੱਪ ਵਿੱਚੋਂ ਬਾਹਰ ਕੱਢਣ ਤੋਂ ਬਾਅਦ ਪਾਕਿਸਤਾਨ ਨਾਰਾਜ਼ ਹੈ। ਪਾਕਿਸਤਾਨ ਕ੍ਰਿਕਟ ਬੋਰਡ (ਪੀ ਸੀ ਬੀ) ਦੇ ਚੇਅਰਮੈਨ ਅਤੇ ਦੇਸ਼ ਦੇ ਗ੍ਰਹਿ ਮੰਤਰੀ ਮੋਹਸਿਨ ਨਕਵੀ ਨੇ ਕਿਹਾ ਕਿ ਆਈ ਸੀ ਸੀ ਨੇ ਬੰਗਲਾਦੇਸ਼ ਨਾਲ ਮਾੜੀ ਕੀਤੀ ਹੈ। ਪਾਕਿਸਤਾਨ ਨੂੰ ਪਹਿਲਾਂ ਹੀ ਆਈ.ਸੀ.ਸੀ. ਵੱਲੋਂ ਰਿਆਇਤ ਦਿੱਤੀ ਜਾ ਚੁੱਕੀ ਸੀ ਕਿ ਉਹ ਆਪਣੇ ਸਾਰੇ ਲੀਗ ਮੈਚ ਸ੍ਰੀਲੰਕਾ ਵਿੱਚ ਖੇਡੇਗਾ ਤੇ ਭਾਰਤ ਵਿਰੁੱਧ ਹੋਣ ਵਾਲਾ ਮੈਚ ਵੀ ਸ੍ਰੀਲੰਕਾ ਵਿੱਚ ਖੇਡਿਆ ਜਾਵੇਗਾ।

ਆਈ ਸੀ ਸੀ ਦੀਆਂ ਸ਼ਰਤਾਂ ਮੁਤਾਬਕ ਮੈਚ ਦਾ ਬਾਈਕਾਟ ਕਰਨ ਨਾਲ ਪਾਕਿਸਤਾਨ ਦਾ ਆਪਣਾ ਹੀ ਰਨ ਰੇਟ ਖਰਾਬ ਹੋਵੇਗਾ। ਕਲਾਜ਼ 16.10.7 ਵਿੱਚ ਦੱਸਿਆ ਗਿਆ ਹੈ ਕਿ ਅਜਿਹੀ ਸਥਿਤੀ ਵਿੱਚ ਪਾਕਿਸਤਾਨ ਦੀਆਂ 20 ਓਵਰਾਂ ਵਿੱਚ ਸਿਫਰ ਦੌੜਾਂ ਹੀ ਮੰਨੀਆਂ ਜਾਣਗੀਆਂ, ਜਦਕਿ ਭਾਰਤ ਦਾ ਇੱਕ ਵੀ ਓਵਰ ਕਾਊਂਟ ਨਹੀਂ ਹੋਵੇਗਾ। ਇਸ ਕਾਰਨ ਪਾਕਿਸਤਾਨ ਦਾ ਰਨ ਰੇਟ ਬਾਕੀ ਮੈਚ ਜਿੱਤ ਕੇ ਵੀ ਨੈਗੇਟਿਵ ਰਹਿ ਸਕਦਾ ਹੈ।

ਗਰੁੱਪ-ਏ ਵਿੱਚ ਭਾਰਤ ਅਤੇ ਪਾਕਿਸਤਾਨ ਤੋਂ ਇਲਾਵਾ ਨਾਮੀਬੀਆ, ਨੀਦਰਲੈਂਡ ਅਤੇ ਅਮਰੀਕਾ ਦੀਆਂ ਟੀਮਾਂ ਹਨ। ਜੇਕਰ ਪਾਕਿਸਤਾਨ ਬਾਕੀ 3 ਵਿੱਚੋਂ ਇੱਕ ਵੀ ਮੈਚ ਹਾਰ ਗਿਆ ਤਾਂ ਟੀਮ ਗਰੁੱਪ ਸਟੇਜ ਤੋਂ ਹੀ ਬਾਹਰ ਹੋ ਜਾਵੇਗੀ। ਯਾਦ ਰਹੇ ਕਿ ਪਿਛਲੇ ਵਿਸ਼ਵ ਕੱਪ ਵਿੱਚ ਅਮਰੀਕਾ ਨੇ ਪਾਕਿਸਤਾਨ ਨੂੰ ਹਰਾ ਕੇ ਗਰੁੱਪ ਸਟੇਜ ਤੋਂ ਬਾਹਰ ਕਰ ਦਿੱਤਾ ਸੀ ਅਤੇ ਨੀਦਰਲੈਂਡ ਵੀ ਆਈ ਸੀ ਸੀ ਟੂਰਨਾਮੈਂਟਾਂ ਵਿੱਚ ਵੱਡੇ ਉਲਟਫੇਰ ਕਰਦੀ ਆਈ ਹੈ।

ਜੇਕਰ ਪਾਕਿਸਤਾਨ ਨੇ ਆਈ ਸੀ ਸੀ ਨੂੰ ਬਾਈਕਾਟ ਦਾ ਕੋਈ ਤਸੱਲੀਬਖਸ਼ ਜਵਾਬ ਨਾ ਦਿੱਤਾ ਤਾਂ ਉਹ

• ਬਾਕੀ ਸਫਾ 2 'ਤੇ

## ਕਾਮਰੇਡ ਸੁਰਿੰਦਰ ਢੰਡੀਆਂ ਸੀ ਪੀ ਆਈ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਚੁਣੇ ਗਏ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ/ਰਣਬੀਰ ਕੌਰ/ਬਲਵਿੰਦਰ ਸਿੰਘ)**

ਸਥਾਨਕ ਸੁਤੰਤਰ ਭਵਨ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜ਼ਿਲ੍ਹਾ ਫਾਜ਼ਿਲਕਾ ਦਾ ਡੈਲੀਗੇਟ ਅਜਲਾਸ ਸਫਲਤਾਪੂਰਵ ਮੁਕੰਮਲ ਹੋਇਆ। ਅਜਲਾਸ ਦੀ ਪ੍ਰਧਾਨਗੀ ਕਾਮਰੇਡ ਸੁਰਿੰਦਰ ਢੰਡੀਆਂ, ਬੀਬੀ ਜੋਗਿੰਦਰ ਕੌਰ ਅਤੇ ਸ਼ੁਬੇਗ ਝੰਗੜਭੈਣੀ 'ਤੇ ਅਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ। ਅਜਲਾਸ ਨੂੰ ਕਰਵਾਉਣ ਲਈ ਬਤੌਰ ਨਿਗਰਾਨ ਅਮਰਜੀਤ ਸਿੰਘ ਆਸਲ ਅਤੇ ਜਗਰੂਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਅਜਲਾਸ ਦੀ ਸ਼ੁਰੂਆਤ ਤੋਂ ਪਹਿਲਾਂ ਸੀਨੀਅਰ ਕਾਮਰੇਡ ਵਜ਼ੀਰ ਚੰਦ ਸੱਪਾਂਵਾਲੀ ਵੱਲੋਂ ਪਾਰਟੀ ਦਾ ਝੰਡਾ ਲਹਿਰਾਇਆ ਗਿਆ।ਇਸ ਉਪਰੰਤ ਰਸਮੀ ਤੌਰ 'ਤੇ ਡੈਲੀਗੇਟ ਅਜਲਾਸ ਦੀ ਸ਼ੁਰੂਆਤ ਕਰਦਿਆਂ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਡੈਲੀਗੇਟ ਅਜਲਾਸ ਦਾ ਉਦਘਾਟਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਮਰਜੀਤ ਸਿੰਘ ਆਸਲ ਨੇ ਕਿਹਾ ਕਿ

• ਬਾਕੀ ਸਫਾ 2 'ਤੇ

3-FEB-PAGE-1.qxd 2/2/2026 10:43 PM Page 2



## ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਅਮਨ ਅਰੋੜਾ ਨੇ ਡਾ. ਅੰਬੇਡਕਰ ਭਵਨ ਦਾ ਨੀਂਹ ਪੱਥਰ ਰੱਖਿਆ

### ਕਰੀਬ 01 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਹੋਵੇਗਾ ਤਿਆਰ



**ਸੁਨਾਮ/ਲੌਂਗੋਵਾਲ (ਅਸ਼ੋਕ ਬਾਂਸਲ, ਹਾਕਮ ਭੱਟੀ/ਪ੍ਰਦੀਪ ਸੱਪਲ)**-ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਗੁਰੂ ਰਵਿਦਾਸ ਜੀ ਦੇ ਪਵਿੱਤਰ ਪ੍ਰਕਾਸ਼ ਦਿਹਾੜੇ ਮੌਕੇ ਲੌਂਗੋਵਾਲ ਵਿਖੇ ਨਗਰ ਕੌਂਸਲ ਦਫ਼ਤਰ ਦੇ ਸਾਹਮਣੇ ਕਰੀਬ 01 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਭਵਨ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸਮਾਜਿਕ ਬਰਾਬਰੀ, ਨਿਆਂ ਤੇ ਸਿੱਖਿਆ ਲਈ ਅਮੁੱਲਕ ਯੋਗਦਾਨ ਦਿੱਤਾ ਹੈ ਅਤੇ ਇਹ ਭਵਨ ਉਨ੍ਹਾਂ ਦੇ ਵਿਚਾਰਾਂ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।ਉਨ੍ਹਾਂ ਦੱਸਿਆ ਕਿ ਇਹ ਭਵਨ ਕਰੀਬ 9 ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਭਵਨ ਦੇ ਤਿਆਰ ਹੋਣ ਨਾਲ ਲੌਂਗੋਵਾਲ ਤੇ ਆਲੇ-ਦੁਆਲੇ ਦੇ ਇਲਾਕਿਆਂ ਦੇ ਲੋਕਾਂ ਨੂੰ ਸਮਾਜਿਕ, ਸੱਭਿਆਚਾਰਕ ਤੇ ਹੋਰ ਵੱਖ-ਵੱਖ ਕਾਰਜ ਤੇ ਸਮਾਗਮ ਕਰਵਾਉਣ ਲਈ ਸੁਵਿਧਾਜਨਕ ਥਾਂ ਉਪਲਬਧ ਹੋਵੇਗੀ।ਇਸ ਨਾਲ ਲੋਕਾਂ ਨੂੰ ਆਪਣੀਆਂ ਸਮਾਗਮਿਕ ਲੋੜਾਂ ਪੂਰੀਆਂ ਕਰਨ ਵਿੱਚ ਕਾਫ਼ੀ ਆਸਾਨੀ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਸਰ ਨਹੀਂ ਛੱਡੀ ਜਾ ਰਹੀ।ਇਸ ਮੌਕੇ ਉਨ੍ਹਾਂ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸੰਗਤ ਨੂੰ ਵਧਾਈ ਦਿੱਤੀ ਤੇ ਸਮਾਜਿਕ ਏਕਤਾ ਤੇ ਭਾਈਚਾਰੇ ਦੀ ਮਜ਼ਬੂਤੀ ਦਾ ਸੰਦੇਸ਼ ਦਿੱਤਾ।ਇਸ ਸਮਾਗਮ ਦੌਰਾਨ ਨਗਰ ਕੌਂਸਲ ਦੇ ਅਧਿਕਾਰੀ, ਸਥਾਨਕ ਲੋਕ ਪ੍ਰਤੀਨਿਧੀ, ਪਾਰਟੀ ਵਰਕਰ ਤੇ ਵੱਡੀ ਗਿਣਤੀ ਵਿੱਚ ਲੌਂਗੋਵਾਲ ਵਾਸੀ ਹਾਜ਼ਰ ਸਨ।

## ਹਰ ਮੈਂਬਰ ਦਾ ਗ੍ਰੀਨ ਜਨਮ ਦਿਨ ਮਨਾਇਆ ਜਾਵੇਗਾ : ਰਜਿੰਦਰ ਸਰਾਂ

**ਕੋਟਕਪੂਰਾ (ਗੁਰਮੀਤ ਸਿੰਘ ਮੀਤਾ)**-ਹੀਰੇ ਵੈੱਲਫੇਅਰ ਕਲੱਬ ਵੱਲੋਂ ਹਰ ਮੈਂਬਰ ਦਾ ਗ੍ਰੀਨ ਜਨਮ ਦਿਨ ਮਨਾਇਆ ਜਾਇਆ ਕਰੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਲੱਬ ਦੇ ਮੁੱਖ ਸੰਸਥਾਪਕ ਰਜਿੰਦਰ ਸਿੰਘ ਸਰਾਂ ਤੇ ਪ੍ਰਧਾਨ ਸੰਦੀਪ ਕਟਾਰੀਆ ਵੱਲੋਂ ਸਥਾਨਕ ਹੋਟਲ ਸਾਗਰ ਵਿੱਚ ਕੀਤਾ ਗਿਆ।ਇਸ ਹੋਟਲ ਵਿੱਚ ਕਲੱਬ ਦੇ ਚੇਅਰਮੈਨ ਦਲਜਿੰਦਰ ਸਿੰਘ ਸੰਧੂ ਦੇ ਜਨਮ ਦਿਨ ਸਬੰਧੀ ਚੇਅਰਮੈਨ ਵੱਲੋਂ ਨਾਸ਼ਤੇ ਦਾ ਪ੍ਰਬੰਧ ਕੀਤਾ ਗਿਆ ਸੀ।ਆਪਣੇ ਸੰਬੋਧਨ ਵਿੱਚ ਚੇਅਰਮੈਨ ਦਲਜਿੰਦਰ ਸਿੰਘ ਵੱਲੋਂ ਆਪਣੇ 73ਵੇਂ ਜਨਮ ਦਿਨ ਮੌਕੇ 73 ਫਲਦਾਰ ਤੇ ਛਾਂਦਾਰ ਪੌਦੇ ਲਾਉਣ ਅਤੇ ਪਾਲਣ ਦਾ ਅਹਿਦ ਲਿਆ ਗਿਆ।ਮਨਤਾਰ ਸਿੰਘ ਬਰਾੜ ਤੇ ਮਿੰਟੂ ਗਿੱਲ ਵੱਲੋਂ ਸਮਾਜ ਸੇਵੀ ਸੰਸਥਾਵਾਂ ਦਾ ਸਿਆਸੀਕਰਨ ਕਰਨ ਸਬੰਧੀ ਜਾਗਰੂਕ ਕੀਤਾ ਗਿਆ।ਆਪਣੇ ਸੰਬੋਧਨ ਦੌਰਾਨ ਦਲਜਿੰਦਰ ਸਿੰਘ ਸੰਧੂ, ਗੁਰਚਰਨ ਸਿੰਘ ਸੰਧੂ, ਬੀਰਇੰਦਰ ਸਿੰਘ ਐਡਵੋਕੇਟ ਨੇ ਹੀਰੇ ਵੈੱਲਫੇਅਰ ਕਲੱਬ ਬਹੁਤ ਘੱਟ ਸਮੇਂ ਵਿਚ ਕੀਤੇ ਸਮਾਜ ਭਲਾਈ ਦੇ ਕੰਮਾਂ ਦੀ ਪ੍ਰਸ਼ੰਸਾ ਕੀਤੀ ਗਈ।ਇਸ ਸਮੇਂ ਗੁਰਚਰਨ ਸਿੰਘ ਸੰਧੂ, ਮਨਤਾਰ ਸਿੰਘ ਮੱਕੜ, ਬਿੰਟਾ ਨਰੂਲਾ, ਗੁਰਦੀਪ ਸਿੰਘ ਮੈਨੇਜਰ ਸਮੇਤ ਸਾਰੇ ਬੁਲਾਰਿਆਂ ਵੱਲੋਂ ਜਿੱਥੇ ਸੰਧੂ ਪਰਵਾਰ ਨੂੰ ਜਨਮ ਦਿਨ ਦੀ ਵਧਾਈ ਦਿੱਤੀ ਗਈ, ਉਥੇ ਹੀਰੇ ਵੈੱਲਫੇਅਰ ਕਲੱਬ ਵੱਲੋਂ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ ਗਈ।ਬਸੰਤ ਕੁਮਾਰ ਮੈਨੇਜਰ ਵੱਲੋਂ ਕਵਿਤਾਵਾਂ ਪੇਸ਼ ਕਰਕੇ ਪ੍ਰੋਗਰਾਮ ਨੂੰ ਰੰਗੀਨ ਬਣਾ ਦਿੱਤਾ।ਸਟੇਜ ਸਕੱਤਰ ਦੀ ਭੂਮਿਕਾ ਗੋਪਾਲ ਕ੍ਰਿਸ਼ਨ ਵੋਹਰਾ ਨੇ ਬਾਖ਼ੂਬੀ ਨਿਭਾਈ।

## ਸਤਿਗੁਰੂ ਰਵਿਦਾਸ ਜੀ ਦੀ ਯਾਦ 'ਚ ਸਰਹਿੰਦ 'ਚ ਬਣੇਗਾ ਕਮਿਊਨਿਟੀ ਹਾਲ : ਰਾਏ

### ਵਿਧਾਇਕ ਨੇ ਵਾਰਡ ਨੰ. 13 'ਚ ਰੱਖਿਆ ਨੀਂਹ ਪੱਥਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਨਗਰ ਕੌਂਸਲ ਸਰਹਿੰਦ ਅਧੀਨ ਆਉਂਦੇ ਵਾਰਡ ਨੰਬਰ 13 ਵਿਖੇ ਕਰੀਬ 80 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ, ਜਿਸ ਕਾਰਨ ਵਾਰਡ ਵਾਸੀਆਂ ਵਿੱਚ ਖੁਸ਼ੀ ਦੇਖਣ ਨੂੰ ਮਿਲੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਦੇਸ਼ ਵਿਦੇਸ਼ ਵਿੱਚ ਬੈਠੀਆਂ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੀਆਂ ਲੱਖ ਲੱਖ ਵਧਾਈਆਂ ਹੋਵਣ।ਸਤਿਗੁਰੂ ਰਵਿਦਾਸ ਜੀ ਨੇ ਜਾਤ-ਪਾਤ ਦਾ ਖੰਡਨ ਕੀਤਾ ਹੈ ਅਤੇ ਆਮ ਲੋਕਾਂ ਨੂੰ ਕੁਰੀਤੀਆਂ ਤੋਂ ਬਚਾਉਣ ਦੇ ਲਈ ਯਤਨ ਕੀਤਾ ਹੈ।ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਉਨ੍ਹਾਂ ਦੀ ਬਾਣੀ ਦਰਜ ਹੈ, ਜਿਸ ਨੂੰ ਪੜ੍ਹ ਕੇ ਮਨ ਨੂੰ ਬਹੁਤ ਸਕੂਨ ਮਿਲਦਾ ਹੈ।ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ ਉੱਤੇ ਚੱਲਣ ਦਾ ਯਤਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅੱਜ ਸਤਿਗੁਰੂ ਰਵਿਦਾਸ ਜੀ ਦੀ ਯਾਦ ਵਿੱਚ ਸਰਹਿੰਦ ਦੇ ਵਾਰਡ ਨੰਬਰ 13 ਦੇ ਵਿੱਚ ਕਰੀਬ 80 ਲੱਖ ਰੁਪਏ ਦੀ ਲਾਗਤ ਦੇ ਨਾਲ ਇੱਕ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ ਹੈ।ਇਸ ਹਾਲ ਦੇ ਬਣਨ ਨਾਲ ਵਾਰਡ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਤੇ ਛੋਟੇ ਮੋਟੇ ਪ੍ਰੋਗਰਾਮ ਇਸ ਹਾਲ ਵਿੱਚ ਹੀ ਕੀਤੇ ਜਾ ਸਕਣਗੇ।ਇਸ ਮੌਕੇ ਕੌਂਸਲਰ ਆਸ਼ਾ ਰਾਣੀ, ਆਪ ਆਗੂ ਰਮੇਸ਼ ਸੋਨੂੰ, ਪਵੇਲ ਹਾਂਡਾ, ਮੋਹਿਤ ਸੂਦ, ਬਲਜਿੰਦਰ ਗੋਲਾ, ਮਾਸਟਰ ਸੰਤੋਖ ਸਿੰਘ, ਅਮਿਤ ਕੁਮਾਰ, ਮਨੋਜ ਕੁਮਾਰ, ਰਵੀ ਕੁਮਾਰ, ਜੋਰਾ ਸਿੰਘ, ਅਮਨਦੀਪ, ਭਾਨੀ, ਹਰਪ੍ਰੀਤ ਸਿੰਘ, ਲਾਲ ਚੰਦ, ਇਸ਼ਾਂਤ, ਦਿਨੇਸ਼ ਕੌਸ਼ਲ, ਤੁਸ਼ਾਰ, ਜੋਗਿੰਦਰ ਕੁਮਾਰ, ਹਰੀਸ਼ ਕੁਮਾਰ, ਚੰਚਲ ਰਾਣੀ, ਪਰਮਜੀਤ ਕੌਰ, ਬਬਲੂ, ਨੀਟੂ, ਤਰਲੋਕ ਸਿੰਘ ਗੋਲਡੀ ਆਦਿ ਹਾਜ਼ਰ ਸਨ।

## ਕੇਂਦਰ ਨੇ ਬਜਟ 'ਚ ਪੰਜਾਬ ਨੂੰ ਮੁੜ ਕੀਤਾ ਨਿਰਾਸ਼ : ਹੈਪੀ ਗਰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਹਲਕਾ ਮੀਡੀਆ ਉੱਪ ਕੋਆਰਡੀਨੇਟਰ ਤੇ ਸਾਬਕਾ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ ਨੇ ਕੇਂਦਰੀ ਬਜਟ 2026-27 'ਤੇ ਤਿੱਖੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਬਜਟ ਇੱਕ ਵਾਰ ਫਿਰ ਪੰਜਾਬ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਿੱਚ ਬੁਰੀ ਤਰ੍ਹਾਂ ਨਾਕਾਮ ਰਿਹਾ ਹੈ।ਪੰਜਾਬ ਦੇ ਲੋਕਾਂ ਨੂੰ ਆਸ ਸੀ ਕਿ ਇਸ ਵਾਰ ਸੂਬੇ ਲਈ ਕੁਝ ਵਿਸ਼ੇਸ਼ ਐਲਾਨ ਕੀਤੇ ਜਾਣਗੇ, ਪਰ ਕੇਂਦਰ ਨੇ ਪੰਜਾਬ ਨਾਲ ਮੁੜ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਐਡਵੋਕੇਟ ਹੈਪੀ ਗਰਗ ਨੇ ਕਿਹਾ ਕਿ ਬਜਟ ਵਿੱਚ ਦੇਸ਼ ਦੇ ਅੰਨਦਾਤੇ ਯਾਨੀ ਕਿਸਾਨਾਂ ਲਈ ਐੱਮ.ਐੱਸ.ਪੀ. ਦੀ ਕੋਈ ਕਾਨੂੰਨੀ ਗਾਰੰਟੀ ਨਹੀਂ ਦਿੱਤੀ ਗਈ, ਜੋ ਕਿ ਲੰਬੇ ਸਮੇਂ ਤੋਂ ਪੰਜਾਬ ਦੇ ਕਿਸਾਨਾਂ ਦੀ ਮੁੱਖ ਮੰਗ ਰਹੀ ਹੈ।ਇਸ ਤੋਂ ਇਲਾਵਾ, ਨੌਜਵਾਨਾਂ ਲਈ ਰੁਜ਼ਗਾਰ ਦੇ ਕੋਈ ਪੁਖ਼ਤਾ ਮੌਕੇ ਪੈਦਾ ਕਰਨ ਦਾ ਭਰੋਸਾ ਨਹੀਂ ਦਿੱਤਾ ਗਿਆ ਤੇ ਨਾ ਹੀ ਉਦਯੋਗਿਕ ਖੇਤਰ ਜਾਂ ਟੈਕਸ ਪ੍ਰਣਾਲੀ ਵਿੱਚ ਕੋਈ ਵੱਡੀ ਰਾਹਤ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਨੇ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕੇ।ਉਨ੍ਹਾਂ ਕਿਹਾ ਕਿ ਪੰਜਾਬੀ ਹਮੇਸ਼ਾ ਤੋਂ ਹੀ ਮਿਹਨਤੀ ਤੇ ਜਜ਼ਬੇ ਵਾਲੇ ਰਹੇ ਹਨ।ਕੇਂਦਰ ਵੱਲੋਂ ਵਾਰ-ਵਾਰ ਕੀਤੀ ਜਾ ਰਹੀ ਅਣਦੇਖੀ ਤੇ ਬੇਇਨਸਾਫ਼ੀ ਦੇ ਬਾਵਜੂਦ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਪ ਸਰਕਾਰ ਤੇ ਪੰਜਾਬ ਦੇ ਲੋਕ ਇੱਕਜੁੱਟ ਹਨ।ਉਨ੍ਹਾਂ ਦਾਅਵਾ ਕੀਤਾ ਕਿ ਅਸੀਂ ਸੂਬੇ ਨੂੰ ਆਪਣੇ ਦਮ 'ਤੇ ਆਰਥਿਕ ਤੌਰ 'ਤੇ ਮਜ਼ਬੂਤ ਕਰਾਂਗੇ ਤੇ ਪੰਜਾਬ ਨੂੰ ਵਿਕਾਸ ਦੀਆਂ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਵਾਂਗੇ।ਕੇਂਦਰ ਦੀਆਂ ਕੋਸ਼ਿਸ਼ਾਂ ਪੰਜਾਬ ਦੇ ਇਰਾਦਿਆਂ ਨੂੰ ਕਮਜ਼ੋਰ ਨਹੀਂ ਕਰ ਸਕਦੀਆਂ।

## ਸਰਕਾਰ ਨਹਿਰੀ ਪਾਣੀ ਦੀ ਸਥਿਤੀ ਬਾਰੇ ਲੋਕਾਂ ਨੂੰ ਗੁੰਮਰਾਹ ਕਰ ਰਹੀ : ਮਲੂਕਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨਹਿਰੀ ਪਾਣੀ ਦੀ ਸੂਬੇ 'ਚ ਸਥਿਤੀ ਬਾਰੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ। ਸਰਕਾਰ 'ਤੇ ਇਹ ਦੋਸ਼ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਟੇਲਾਂ ਅਤੇ ਮਲੂਕਾ ਤੇ ਨਜ਼ਦੀਕੀ ਪਿੰਡਾਂ 'ਚ ਸੂਏ ਤੇ ਕੱਸੀਆਂ 'ਚ ਪਾਣੀ ਦੀ ਸਥਿਤੀ ਬਾਰੇ ਗੱਲ ਕਰਦਿਆਂ ਲਾਏ। ਮਲੂਕਾ ਨੇ ਕਿਹਾ ਕਿ ਭਗਵੰਤ ਮਾਨ ਤੇ ਸਮੁੱਚੀ ਆਮ ਆਦਮੀ ਪਾਰਟੀ ਲਗਾਤਾਰ ਨਹਿਰੀ ਪਾਣੀ ਟੇਲਾਂ 'ਤੇ ਪਾਣੀ ਪਹੁੰਚਾਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਇਸ ਬਾਰੇ ਕਰੋੜਾਂ ਰੁਪਏ ਖਰਚ ਪ੍ਰਚਾਰ ਕੀਤਾ ਗਿਆ ਹੈ।ਸਰਕਾਰ ਦੇ ਇਹ ਦਾਅਵੇ ਹਕੀਕਤ ਤੋਂ ਕੋਹਾਂ ਦੂਰ ਤੇ ਖੋਖਲੇ ਹਨ। ਮਲੂਕਾ ਨੇ ਪਿੰਡ ਮਲੂਕਾ ਦੇ ਸੂਏ ਤੇ ਕੱਸੀਆਂ 'ਚ ਪਿੱਛਲੇ 6 ਮਹੀਨਿਆਂ ਤੋਂ ਸੁੱਕੇ ਹੋਣ ਦਾ ਵੀ ਦਾਅਵਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤੇ ਹਿੱਸਿਆਂ 'ਚ ਸੂਏ ਕੱਸੀਆਂ 'ਚ ਪਾਣੀ ਨਹੀਂ ਆ ਰਿਹਾ। ਸੂਬੇ ਦੀਆਂ ਜ਼ਿਆਦਾ ਨਹਿਰਾਂ ਤਾਂ ਸੁੱਕੀਆਂ ਹਨ ਜਾਂ ਪਾਣੀ ਦਾ ਲੈਵਲ ਬਹੁਤ ਘੱਟ ਹੈ।ਭਗਤਾ ਭਾਈਕਾ ਖੇਤਰ ਤੇ ਬਠਿੰਡਾ ਦੇ ਕਈ ਪਿੰਡਾਂ ਬਾਰੇ ਨਹਿਰੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵਾਰ ਵਾਰ ਪਿੱਛੇ ਪਾਣੀ ਨਾ ਆਉਣ ਦੀ ਗੱਲ ਕਹੀ ਹੈ। ਮਲੂਕਾ ਨੇ ਕਿਹਾ ਕਿ 2007 ਤੋਂ 2017 ਤੱਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਨਹਿਰੀ ਪਾਣੀ ਆਮ ਸੀ, ਪੰਜਾਬ ਦੇ ਹਰ ਹਿੱਸੇ 'ਚ ਸੂਏ ਕੱਸੀਆਂ 'ਚ ਪਹੁੰਚਦਾ ਸੀ, ਪਰ ਮੌਜੂਦਾ ਸਰਕਾਰ ਦੇ ਦਾਅਵੇ ਸਿਰਫ਼ ਇਸ਼ਤਿਹਾਰਾਂ ਤੱਕ ਸੀਮਤ ਹਨ। ਨਹਿਰੀ ਪਾਣੀ ਤੋਂ ਇਲਾਵਾ ਸਰਕਾਰ ਦੇ ਜ਼ਿਆਦਾਤਰ ਪ੍ਰੋਜੈਕਟ ਅਖ਼ਬਾਰਾਂ ਦੀਆਂ ਸੁਰਖੀਆਂ ਤੇ ਸੜਕਾਂ 'ਤੇ ਲੱਗੇ ਬੋਰਡਾਂ ਤੱਕ ਹੀ ਸੀਮਤ ਹਨ।

## ਵੀਜ਼ਾ ਰਿਫਿਊਜ਼ਲ ਹੋਣ 'ਤੇ ਨੌਜਵਾਨ ਨੇ ਕੀਤੀ ਖ਼ੁਦਕੁਸ਼ੀ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਹਰਵਿੰਦਰ ਸਿੰਘ ਉਰਫ ਹੈਪੀ ਪੁੱਤਰ ਗੁਰਤੇਜ ਸਿੰਘ ਵਾਸੀ



ਪਿੰਡ ਸੂਲਰ, ਥਾਣਾ ਦਿੜ੍ਹਬਾ ਜ਼ਿਲ੍ਹਾ ਸੰਗਰੂਰ, ਉਮਰ 22 ਸਾਲ ਨੇ ਭਰੂਰ ਤੇ ਲਖਮੀਰ ਵਾਲਾ ਦੇ ਵਿਚਕਾਰ ਰੇਲਵੇ ਲਾਈਨਾਂ 'ਤੇ ਰੇਲ ਗੱਡੀ ਥੱਲੇ ਆ ਕੇ ਖ਼ੁਦਕੁਸ਼ੀ ਕੀਤੀ ਹੈ, ਜਿਸ ਸਬੰਧੀ ਰੇਲਵੇ ਪੁਲਸ ਸੁਨਾਮ ਏਐੱਸਆਈ ਸਰਬਜੀਤ ਸਿੰਘ ਨੇ ਦੱਸਿਆ ਕਿ ਅਧੀਨਤਾ 194 ਬੀਐਨਐਸਐਸ ਕਾਰਵਾਈ ਕੀਤੀ ਹੈ। ਵਾਰਸਾਂ ਨੇ ਦੱਸਿਆ ਕਿ ਕੈਨੇਡਾ ਤੇ ਆਸਟਰੇਲੀਆ ਦੀ ਫਾਇਲ ਲਗਾਈ ਸੀ, ਜਿੱਥੇ ਦੋਨੇ ਦੇਸ਼ਾਂ 'ਚੋਂ ਰਿਫਿਊਜਲ ਆਈ, ਜਿਸ ਕਾਰਨ ਪ੍ਰੇਸ਼ਾਨ ਰਹਿੰਦਾ ਸੀ, ਇਸੇ ਕਰਕੇ ਖ਼ੁਦਕੁਸ਼ੀ ਕੀਤੀ ਹੈ। ਸਰਬਜੀਤ ਸਿੰਘ ਨੇ ਦੱਸਿਆ ਕਿ ਲਾਸ਼ ਪੋਸਟਮਾਰਟਮ ਕਰਵਾ ਕੇ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ।

## ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਨੇ ਕੀਤੀ ਸੱਤਵੀਂ ਸੂਚੀ ਜਾਰੀ

### ਪੰਜਾਬ ਮਹਿਲਾ ਵਿੰਗ ਦੀ ਸੂਬਾ ਕਮੇਟੀ 'ਚ ਕੀਤੀਆਂ ਨਿਯੁਕਤੀਆਂ

**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਦੀ ਅਨੁਮਤੀ ਨਾਲ ਸੱਤਵੀਂ ਸੂਚੀ ਜਾਰੀ ਕਰਦਿਆਂ ਸਾਲ 2026 ਲਈ ਪੰਜਾਬ ਦੇ ਮਹਿਲਾ ਵਿੰਗ ਦੀ ਸੂਬਾ ਕਮੇਟੀ ਵਿੱਚ ਨਿਯੁਕਤੀਆਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 7 ਸੂਬਾ ਵਾਇਸ ਪ੍ਰਧਾਨ 28 ਸੂਬ ਜਨਰਲ ਸਕੱਤਰ ਤੇ 41 ਸੂਬਾ ਸਕੱਤਰ ਨਿਯੁਕਤ ਕੀਤੇ ਗਏ, ਜਿਨ੍ਹਾਂ ਦਾ ਵੇਰਵਾ ਇਸ ਪ੍ਰਕਾਰ ਹੈ।ਸੂਬਾ ਵਾਇਸ ਪ੍ਰਧਾਨਾਂ ਵਿੱਚ ਨੀਲਮ ਰਾਣੀ ਮੰਡੀ ਗੋਬਿੰਦਗੜ੍ਹ, ਰਾਣੀ ਕੌਰ ਠਿਕਰੀਵਾਲ ਬਰਨਾਲਾ, ਨਵੀਤਾ ਕੁਮਾਰੀ ਗੁਰਦਾਸਪੁਰ, ਜਸਵਿੰਦਰ ਕੌਰ ਬਾਗੜੀਆਂ ਮਲੇਰਕੋਟਲਾ, ਰਜਨੀ ਬੁਲਾਨ ਸੁਨਾਮ, ਕਮਲਜੀਤ ਕੌਰ ਪਟਿਆਲਾ, ਪਰਮਜੀਤ ਕੌਰ ਧੌਲਾ ਬਰਨਾਲਾ। ਸੂਬਾ ਜਨਰਲ ਸਕੱਤਰਾਂ ਵਿੱਚ ਸਰਬਜੀਤ ਕੌਰ ਸਾਬਕਾ ਚੇਅਰ ਪਰਸਨ ਬਲਾਕ ਸੰਮਤੀ ਬਰਨਾਲਾ, ਬੇਅੰਤ ਕੌਰ ਸੁਪਰਡੈਂਟ ਜ਼ਿਲ੍ਹਾ ਸੰਗਰੂਰ, ਹਰਵਿੰਦਰ ਕੌਰ ਸੰਗਰੂਰ, ਮਨਦੀਪ ਕੌਰ ਗੁਰਦਾਸਪੁਰ, ਸਤਪਾਲ ਕੌਰ ਬਹਾਦਰਪੁਰ, ਸ਼ਵੈਤਾ ਚੋਪੜਾ ਸੰਗਰੂਰ, ਬਲਵਿੰਦਰ ਕੌਰ ਸਰਪੰਚ ਹੁਸ਼ਿਆਰਪੁਰ, ਰਵੀਨਾ ਖਾਨ ਨਾਭਾ, ਤਜਿੰਦਰ ਕੌਰ ਹਲਵਾਰਾ ਲੁਧਿਆਣਾ, ਮਨਜੀਤ ਕੌਰ ਜਰਗ ਖੰਨਾ, ਰੰਜਨਾ ਹੁਸ਼ਿਆਰਪੁਰ, ਚਰਨਜੀਤ ਕੌਰ ਤਪਾ, ਸੁਰਿੰਦਰ ਕੌਰ ਬੁੱਗਰਾ, ਜਸਵਿੰਦਰ ਕੌਰ ਰਾਮਗੜ੍ਹ, ਸਰਬਜੀਤ ਕੌਰ ਹਲਵਾਰਾ, ਪ੍ਰਿਅੰਕਾ ਅਨੰਦ ਲੁਧਿਆਣਾ, ਪ੍ਰੋਫੈਸਰ ਮਨਮੀਤ ਕੌਰ ਪਟਿਆਲਾ, ਹਰਪਾਲ ਕੌਰ ਸਰਪੰਚ ਹੁਸ਼ਿਆਰਪੁਰ, ਜਸਵੀਰ ਕੌਰ ਫਰੀਦਕੋਟ, ਰਾਣੀ ਦੇਵੀ ਫਿਰੋਜ਼ਪੁਰ, ਜੋਤੀ ਰਾਣੀ ਲੁਹਾਰਾ, ਜਸਵੀਰ ਕੌਰ ਖੰਨਾ, ਭਿੰਦਰ ਕੌਰ ਸ੍ਰੀ ਮੁਕਤਸਰ ਸਾਹਿਬ, ਨੀਸ਼ਾ ਰਾਣੀ ਧਨੌਲਾ, ਇੰਦਰਜੀਤ ਕੌਰ ਗਿੱਲ ਮਾਨਸਾ, ਮੀਨਾ ਰਾਣੀ ਮਾਨਸਾ, ਨੀਲਮ ਰਾਣੀ ਨੀਲਾ ਨਲੋਆ ਹੁਸ਼ਿਆਰਪੁਰ, ਨਰਦੀਪ ਕੌਰ ਸਾਹਨੇਵਾਲ ਅਤੇ ਸੂਬਾ ਸਕੱਤਰਾਂ ਵਿੱਚ ਸਰਬਜੀਤ ਕੌਰ ਹਮੀਦੀ, ਅਮਰਜੀਤ ਕੌਰ ਸੰਗਰੂਰ, ਜਸਪਾਲ ਕੌਰ ਸੰਗਰੂਰ, ਸਿਮਰਨਜੀਤ ਕੌਰ ਪਟਿਆਲਾ, ਰਾਜ ਕੁਮਾਰੀ ਪਠਾਨਕੋਟ, ਪਰਮਜੀਤ ਕੌਰ ਹੁਸ਼ਿਆਰਪੁਰ, ਬਿਮਲਾ ਕੌਰ ਬਠਿੰਡਾ, ਨਰੇਸ਼ ਗੁਪਤਾ ਨਾਭਾ, ਲਛਮੀ ਰਾਣੀ ਬਰਨਾਲਾ, ਹਰਵਿੰਦਰ ਕੌਰ ਲੁਧਿਆਣਾ, ਜਸਪਾਲ ਕੌਰ ਬਠਿੰਡਾ, ਕਮਲਜੀਤ ਕੌਰ ਲੁਧਿਆਣਾ, ਖੁਸ਼ਵਿੰਦਰ ਕੌਰ ਮੁੱਲਾਂਪੁਰ ਲੁਧਿਆਣਾ, ਕਰਮਜੀਤ ਕੌਰ ਬੈਂਸ ਲੁਧਿਆਣਾ, ਸੁਮਨ ਫਿਰੋਜ਼ਪੁਰ, ਆਸ਼ਾ ਕੈਂਥ ਸਾਹਨੇਵਾਲ ਜ਼ਿਲ੍ਹਾ ਲੁਧਿਆਣਾ, ਸੁਮਨ ਮੋਗਾ, ਅਮਨਦੀਪ ਕੌਰ ਚੱਕ ਭਾਈਕਾ, ਗਗਨਦੀਪ ਕੌਰ ਕੋਟ ਭਾਰਾ, ਸੁਖਵਿੰਦਰ ਕੌਰ ਧੂਰੀ, ਹਰਜੀਤ ਕੌਰ ਪਟਿਆਲਾ, ਬਬਲੀ ਸਬਰਵਾਲ ਸ੍ਰੀ ਅੰਮ੍ਰਿਤਸਰ ਸਾਹਿਬ, ਬਿੰਦੋ ਕੌਰ ਮੱਲ ਸਿੰਘ ਵਾਲਾ ਬਠਿੰਡਾ, ਜਸਮੇਲ ਕੌਰ ਬਠਿੰਡਾ, ਪਿੰਕੀ ਰਾਣੀ ਧੂਰੀ, ਪਰਮਜੀਤ ਕੌਰ ਤਾਜੋ ਕੇ ਬਰਨਾਲਾ, ਮਨਜੀਤ ਕੌਰ ਸਿੱਧਵਾਂ, ਅਮਰਜੋਤ ਕੌਰ ਲੁਧਿਆਣਾ, ਅਮਰਜੀਤ ਕੌਰ ਘੁਨਸ, ਮਨਜੀਤ ਕੌਰ ਕੱਟ, ਅੰਜੂ ਰਾਣੀ ਫਰੀਦਕੋਟ, ਰਫੀਆ ਬੇਗਮ ਮਲੇਰਕੋਟਲਾ, ਸੁਰਜੀਤ ਕੌਰ ਜੌਹਲ, ਹਰਪਿੰਦਰ ਕੌਰ ਸੱਗੂ ਸੰਗਰੂਰ, ਸੰਦੀਪ ਕੌਰ ਸੋਹੀਆਂ ਰੋਡ ਸੰਗਰੂਰ, ਹਰਪ੍ਰੀਤ ਕੌਰ ਨੀਲਾ ਨਲੋਆ ਹੁਸ਼ਿਆਰਪੁਰ, ਕਿਰਨਜੀਤ ਕੌਰ ਜਰਗ, ਕਰਮਜੀਤ ਕੌਰ ਰੂੜਗੜ੍ਹ ਸ਼ੇਰਪੁਰ, ਬੇਗਮ ਪਰਵੀਨ ਨੂਰ ਮੰਡੀ ਅਹਿਮਦਗੜ੍ਹ, ਸਰਬਜੀਤ ਕੌਰ ਉੱਪਲੀ, ਵੀਰਪਾਲ ਕੌਰ ਰਾਮਗੜ੍ਹ ਨਿਯੁਕਤ ਕੀਤਾ ਗਿਆ।ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਮਿਸ਼ਨ ਵਿੱਚ ਮਹਿਲਾਵਾਂ ਨੂੰ ਵੀ ਮਾਨ ਸਨਮਾਨ ਦਿੰਦਿਆਂ ਵਿਸ਼ੇਸ਼ ਅਹੁਦੇ ਦੇ ਕੇ ਨਿਵਾਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦਾ ਜਜ਼ਬਾ ਰੱਖਣ ਵਾਲੇ ਸਾਥੀਆਂ ਨੂੰ ਮਿਸ਼ਨ ਵਿੱਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

## ਲੰਪੀ ਸਕਿਨ ਬਿਮਾਰੀ ਤੋਂ ਬਚਾਅ ਲਈ ਫ਼ਰੀਦਕੋਟ ਜ਼ਿਲ੍ਹੇ 'ਚ ਟੀਕਾਕਰਨ ਮੁਹਿੰਮ ਸ਼ੁਰੂ

### 32 ਵਿਸ਼ੇਸ਼ ਟੀਮਾਂ ਘਰ-ਘਰ ਜਾ ਕੇ ਲਗਾਉਣਗੀਆਂ ਵੈਕਸੀਨ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਸਰਕਾਰ ਦੇ ਪਸ਼ੂ ਪਾਲਣ ਵਿਭਾਗ ਦੇ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦੇ ਨਿਰਦੇਸ਼ਾਂ ਤੇ ਡਿਪਟੀ ਕਮਿਸ਼ਨਰ ਫ਼ਰੀਦਕੋਟ ਮੈਡਮ ਪੂਨਮਦੀਪ ਕੌਰ ਦੀਆਂ ਹਦਾਇਤਾਂ 'ਤੇ ਜ਼ਿਲ੍ਹੇ ਵਿੱਚ ਗਊਧਨ ਨੂੰ ਘਾਤਕ 'ਲੰਪੀ ਸਕਿਨ' ਬਿਮਾਰੀ ਤੋਂ ਸੁਰੱਖਿਅਤ ਰੱਖਣ ਲਈ ਵਿਆਪਕ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਗਈ ਹੈ।ਇਸ ਮੁਹਿੰਮ ਦੀ ਸ਼ੁਰੂਆਤ ਸਥਾਨਕ ਪੰਚਵਟੀ ਗਊਸ਼ਾਲਾ ਵਿਖੇ ਡਾ. ਜਸਵਿੰਦਰ ਕੁਮਾਰ ਗਰਗ, ਸਹਾਇਕ ਨਿਰਦੇਸ਼ਕ ਪਸ਼ੂ ਪਾਲਣ (ਪਸ਼ੂ ਸਿਹਤ) ਵੱਲੋਂ ਕਰਵਾਈ ਗਈ।ਮੁਹਿੰਮ ਦਾ ਵੇਰਵਾ ਡਾ. ਜਸਵਿੰਦਰ ਕੁਮਾਰ ਗਰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਜ਼ਿਲ੍ਹੇ ਦੇ ਲਗਭਗ 70,000 ਗਊਧਨ ਨੂੰ ਵੈਕਸੀਨ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ।ਇਹ ਕਾਰਜ 28 ਫਰਵਰੀ 2026 ਤੱਕ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਇਸ ਕੰਮ ਲਈ 32 ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ, ਜੋ ਪਸ਼ੂ ਪਾਲਕਾਂ ਦੇ ਬੂਹੇ ਤੱਕ ਪਹੁੰਚ ਕਰਕੇ ਮੁਫ਼ਤ ਟੀਕਾਕਰਨ ਯਕੀਨੀ ਬਣਾਉਣਗੀਆਂ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡਾਂ ਵਿੱਚ ਪਹੁੰਚਣ ਵਾਲੀਆਂ ਵਿਭਾਗੀ ਟੀਮਾਂ ਨੂੰ ਪੂਰਨ ਸਹਿਯੋਗ ਦੇਣ।ਇਸ ਮੌਕੇ ਡਾ. ਸਾਹਿਲ ਕੁਮਾਰ ਵੈਟਰਨਰੀ ਅਫ਼ਸਰ, ਸ੍ਰੀ ਕੁਲਜੀਤ ਸਿੰਘ ਵੈਟਰਨਰੀ ਇੰਸਪੈਕਟਰ, ਗਊਸ਼ਾਲਾ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰ ਤੇ ਹੋਰ ਵਰਕਰ ਵੀ ਮੌਜੂਦ ਸਨ।

## ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਨਜ਼ਦੀਕੀ ਪਿੰਡ ਚੌਂਤਰਾ ਵਿਖੇ ਪੀਰ ਬਾਬਾ ਮੱਲੇਸ਼ਾਹ ਸਪੋਰਟਸ ਕਲੱਬ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 4 ਰੋਜ਼ਾ ਸਵ. ਬੇਅੰਤ ਸਿੰਘ ਬੁੱਟਰ ਯਾਦਗਾਰੀ ਚੌਥਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਇਹ ਬਹੁਤ ਹੀ ਵਧੀਆ ਉਪਰਾਲਾ ਹੈ ਕਿ ਸਾਡਾ ਛੋਟਾ ਵੀਰ ਬੂਟਾ ਸਿੰਘ ਆਸਟ੍ਰੇਲੀਆ ਵੱਲੋਂ ਆਪਣੇ ਭਰਾ ਸਵ. ਬੇਅੰਤ ਸਿੰਘ ਬੁੱਟਰ ਦੀ ਯਾਦ ਵਿੱਚ ਹਰ ਸਾਲ ਇਹ ਟੂਰਨਾਮੈਂਟ ਕਰਵਾਇਆ ਜਾਂਦਾ ਹੈ।ਇਹ ਕਰਕੇ ਉਹ ਆਪਣੇ ਭਰਾ ਦੀ ਯਾਦ ਨੂੰ ਹਮੇਸ਼ਾ ਤਾਜ਼ਾ ਰੱਖਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਖੇਡਣ ਲਈ ਵਧੀਆ ਮਾਹੌਲ ਮਿਲ ਸਕੇ।ਉਨ੍ਹਾਂ ਪੀਰ ਬਾਬਾ ਮੱਲੇਸ਼ਾਹ ਸਪੋਰਟਸ ਕਲੱਬ ਨੂੰ ਇਸ ਟੂਰਨਾਮੈਂਟ ਦੇ ਸਫਲ ਆਯੋਜਨ ਲਈ ਵਧਾਈ ਦਿੱਤੀ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਦੀ ਅਪੀਲ ਕੀਤੀ।ਇਸ ਮੌਕੇ ਕਾਕਾ ਬਰਾੜ ਨੇ 11 ਹਜ਼ਾਰ ਰੁਪਏ ਦੀ ਸਹਿਯੋਗ ਰਾਸ਼ੀ ਪ੍ਰਬੰਧਕਾਂ ਨੂੰ ਸੌਂਪੀ।ਇਸ ਮੌਕੇ ਕਲੱਬ ਦੇ ਪ੍ਰਧਾਨ ਵਕੀਲ ਸਿੰਘ ਤੇ ਸਮੂਹ ਮੈਂਬਰਾਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਆਖਿਆ ਕਿ ਵਿਧਾਇਕ ਕਾਕਾ ਬਰਾੜ ਨੇ ਸਾਡੇ ਪਿੰਡ ਦੀ ਬਹੁਤ ਸਾਲਾਂ ਤੋਂ ਲਟਕਦੀ ਆ ਰਹੀ ਪੀਣ ਵਾਲੇ ਪਾਣੀ ਦੀ ਮੰਗ ਨੂੰ ਪੂਰਾ ਕੀਤਾ ਹੈ। ਜਿਸ ਸਦਕਾ ਨਗਰ ਹਮੇਸ਼ਾ ਇਨ੍ਹਾਂ ਦਾ ਰਿਣੀ ਰਹੇਗਾ। ਅੰਤ ਵਿੱਚ ਪ੍ਰਬੰਧਕਾਂ ਵੱਲੋਂ ਕਾਕਾ ਬਰਾੜ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਦੀਪ ਸ਼ਰਮਾ, ਗੁਰਮੀਤ ਸਿੰਘ, ਕਰਮਜੀਤ ਸਿੰਘ ਮੈਂਬਰ, ਕਰਨਜੀਤ ਸਿੰਘ ਮੈਂਬਰ, ਰੋਸ਼ਨ ਸਿੰਘ ਮੈਂਬਰ, ਪਵਿੱਤਰ ਮੱਲੀ ਮੈਂਬਰ, ਮਨੀ ਮੈਂਬਰ, ਜਗਦੀਸ਼ ਸਿੰਘ, ਰੁਲਦੂ ਸਿੰਘ, ਹਰਮਨਦੀਪ ਸਿੰਘ, ਸਰਪੰਚ ਸੁਖਬੀਰ ਸਿੰਘ, ਕੁਲਵੰਤ ਸਿੰਘ, ਗੱਗੂ ਬੁੱਟਰ, ਕਰਮ ਸਿੰਘ, ਡਾ ਕਾਲਾ ਸਿੰਘ, ਗੁਰਮੇਲ ਸਿੰਘ, ਕਰਮਜੀਤ ਸਿੰਘ, ਸੁਖਮੰਦਰ ਸਿੰਘ ਨੀਲੂ, ਕਾਕੂ ਸਿੰਘ, ਸੁਖਚੈਨ ਸਿੰਘ ਮਿਸਤਰੀ, ਲਛਮਣ ਸਿੰਘ ਫੌਜੀ, ਡਾ ਅਵਤਾਰ ਸਿੰਘ, ਅਵਤਾਰ ਸਿੰਘ, ਅੰਗਰੇਜ਼ ਸਿੰਘ, ਸਾਹਿਬ ਸਿੰਘ, ਬੁੱਧ ਸਿੰਘ, ਦਲੀਪ ਸਿੰਘ, ਅਮਨਦੀਪ ਸਿੰਘ ਗੋਰਾ, ਸੱਤਾ ਸਿੰਘ, ਸਰਪੰਚ ਚੜ੍ਹੇਵਾਨ ਨਿਰਭੈ ਸਿੰਘ ਬੁੱਟਰ ਆਦਿ ਹਾਜ਼ਰ ਸਨ।

## ਉੱਗਰ ਸਿੰਘ ਫਿਟਰ ਹੈਲਪਰ ਨੂੰ ਸੇਵਾ ਮੁਕਤੀ 'ਤੇ ਦਿੱਤੀ ਸ਼ਾਨਦਾਰ ਵਿਦਾਇਗੀ



**ਮਾਨਸਾ (ਆਤਮਾ ਸਿੰਘ ਪਮਾਰ)**-ਫ਼ੀਲਡ ਐਂਡ ਵਰਕਸ਼ਾਪ ਯੂਨੀਅਨ ਪੰਜਾਬ (ਵਿਗਿਆਨਕ) ਵੱਲੋਂ ਸਾਥੀ ਉੱਗਰ ਸਿੰਘ ਫਿਟਰ ਹੈਲਪਰ ਨੂੰ ਸੇਵਾਮੁਕਤੀ ਸਮੇਂ ਸ਼ਾਨਦਾਰ ਵਿਦਾਇਗੀ ਪਾਰਟੀ ਬੜੇ ਮਾਣ ਸਨਮਾਨ ਨਾਲ ਦਿੱਤੀ ਗਈ।ਵਿਦਾਇਗੀ ਪਾਰਟੀ ਸਮੇਂ ਸੂਬਾਈ ਆਗੂ ਬਿੱਕਰ ਸਿੰਘ ਮਾਖਾ, ਕੈਸ਼ੀਅਰ ਹਿੰਮਤ ਸਿੰਘ ਦੂਲੋਵਾਲ, ਦਲਵਾਰਾ ਸਿੰਘ ਉੱਡਤ, ਰੂਪ ਸਿੰਘ ਉੱਡਤ, ਦਫ਼ਤਰੀ ਸਟਾਫ ਵੱਲੋਂ ਜੇ ਈ ਸੁਖਰਾਜ ਸਿੰਘ ਲੱਧੂਵਾਸ ਤੋਂ ਇਲਾਵਾ, ਜਸਪ੍ਰੀਤ ਸਿੰਘ ਵਾਲੀਆ, ਸੁਖਵਿੰਦਰ ਸਿੰਘ ਸਰਦੂਲਗੜ੍ਹ, ਇਕਬਾਲ ਸਿੰਘ ਆਲੀਕੇ, ਬਲਵੀਰ ਸਿੰਘ ਕੋਟ ਧਰਮੂੰ, ਗੁਰਜੰਟ ਸਿੰਘ ਜੋੜਕੀਆ, ਗੁਰਜੰਟ ਸਿੰਘ ਝੇਰਿਆਂਵਾਲੀ, ਮਿੱਠੂ ਸਿੰਘ ਭੱਟੀ ਠੇਕੇਦਾਰ ਤੋਂ ਇਲਾਵਾ ਪੰਚ, ਸਰਪੰਚ, ਰਿਸ਼ਤੇਦਾਰ ਤੇ ਮਿੱਤਰ ਦੋਸਤ ਵੀ ਹਾਜ਼ਰ ਸਨ। ਇਸ ਸਮੇਂ ਵੱਖ ਵੱਖ ਬੁਲਾਰਿਆਂ ਨੇ ਉੱਗਰ ਸਿੰਘ ਵੱਲੋਂ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਤੇ ਇਮਾਨਦਾਰੀ ਨੂੰ ਵੀ ਯਾਦ ਕੀਤਾ ਗਿਆ।ਆਗੂ ਸਾਥੀਆਂ ਨੇ ਇੱਕ ਵੱਖਰੇ ਮਤੇ ਰਾਹੀਂ ਸਰਕਾਰ ਤੋਂ ਮੰਗ ਕੀਤੀ ਕਿ ਠੇਕੇ 'ਤੇ ਕੰਮ ਕਰਦੇ ਕਰਮਚਾਰੀਆਂ ਨੂੰ ਪੱਕੇ ਕੀਤਾ ਜਾਵੇ, ਡੀ ਏ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ, ਕੱਟੇ ਹੋਏ 37 ਪ੍ਰਕਾਰ ਦੇ ਭੱਤੇ ਬਹਾਲ ਕੀਤੇ ਜਾਣ, ਰੈਗੂਲਰ ਭਰਤੀ ਚਾਲੂ ਕੀਤੀ ਜਾਵੇ, ਵਾਟਰ ਵਰਕਸਾਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ ਤੇ ਰੈਗੂਲਰ ਭਰਤੀ ਚਾਲੂ ਕੀਤੀ ਜਾਵੇ।

## ਲੋਕ ਸੇਵਾ ਸੁਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਬੂਟ ਤਕਸੀਮ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਜਗਰਾਉਂ ਦੀ ਸਮਾਜ ਸੇਵੀ ਸੰਸਥਾ ਲੋਕ ਸੇਵਾ ਸੁਸਾਇਟੀ ਵੱਲੋਂ ਦੋ ਸਕੂਲਾਂ ਦੇ 65 ਵਿਦਿਆਰਥੀਆਂ ਨੂੰ ਬੂਟ ਤਕਸੀਮ ਕੀਤੇ ਗਏ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਆਰ ਕੇ ਸਕੂਲ ਜਗਰਾਉਂ ਵਿਖੇ ਕਰਵਾਏ ਬੂਟ ਵੰਡ ਸਮਾਰੋਹ ਸਮੇਂ 50 ਬੱਚਿਆਂ ਨੂੰ ਬੂਟ ਦਿੱਤੇ ਗਏ। ਇਸ ਸਮੇਂ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਮਦਨ ਲਾਲ ਅਰੋੜਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਠੰਢ ਦੇ ਮੌਸਮ ਵਿੱਚ ਸਕੂਲਾਂ ਦੇ ਬੱਚਿਆਂ ਨੂੰ ਜਿੱਥੇ ਗਰਮ ਜੁਰਾਬਾਂ, ਟੋਪੀਆਂ, ਦਸਤਾਨੇ ਦਿੱਤੇ ਜਾ ਰਹੇ ਹਨ, ਉੱਥੇ ਹੀ ਲੋੜਵੰਦ ਬੱਚਿਆਂ ਨੂੰ ਬੂਟ ਵੀ ਵੰਡੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਸੁਸਾਇਟੀ ਵੱਲੋਂ ਆਰ ਕੇ ਸਕੂਲ ਦੇ 50 ਵਿਦਿਆਰਥੀਆਂ ਅਤੇ ਐੱਮ ਐੱਲ ਬੀ ਗੁਰਕੁਲ ਸਕੂਲ ਦੇ 15 ਵਿਦਿਆਰਥੀਆਂ ਨੂੰ ਬੂਟ ਤਕਸੀਮ ਕੀਤੇ ਗਏ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸੀਮਾ ਸ਼ਰਮਾ, ਪ੍ਰਧਾਨ ਨਵੀਨ ਗੁਪਤਾ ਨੇ ਸੁਸਾਇਟੀ ਮੈਂਬਰਾਂ ਦਾ ਸਕੂਲ ਦੇ ਬੱਚਿਆਂ ਦੀ ਮਦਦ ਕਰਨ 'ਤੇ ਧੰਨਵਾਦ ਕੀਤਾ। ਇਸ ਮੌਕੇ ਵਾਈਸ ਚੇਅਰਮੈਨ ਕੰਵਲ ਕੱਕੜ ਤੇ ਸੁਖਜਿੰਦਰ ਢਿੱਲੋਂ, ਕੈਪਟਨ ਨਰੇਸ਼ ਵਰਮਾ ਸੇਵਾ ਮੁਕਤ ਪ੍ਰਿੰਸੀਪਲ ਵਿਨੋਦ ਦੂਆ, ਰਾਜਨ ਸਿੰਘਲਾ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਗੋਪਾਲ ਗੁਪਤਾ, ਐੱਨ ਆਰ ਆਈ ਦਿਨੇਸ਼ ਮਲਹੋਤਰਾ, ਆਰ ਕੇ ਗੋਇਲ ਆਦਿ ਸੁਸਾਇਟੀ ਮੈਂਬਰ ਅਤੇ ਸਕੂਲ ਸਟਾਫ਼ ਹਾਜ਼ਰ ਸੀ।

## ਖੁੱਡੀਆਂ ਨੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਦਾ ਕੀਤਾ ਉਦਘਾਟਨ



**ਲੰਬੀ/ਸ੍ਰੀ ਮੁਕਤਸਰ ਸਾਹਿਬ( ਸ਼ਮਿੰਦਰ ਪਾਲ, ਪੂਜਾ)**-ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੀਤੇ ਦਿਨੀਂ ਲੰਬੀ ਹਲਕੇ ਦੇ ਪਿੰਡ ਤਰਮਾਲਾ ਵਿਖੇ ਲਗਭਗ 12 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਦਾ ਉਦਘਾਟਨ ਕਰਕੇ ਇਸ ਨੂੰ ਲੋਕ ਅਰਪਣ ਕੀਤਾ।ਇਸ ਮੌਕੇ ਉਨ੍ਹਾਂ ਨੇ ਧਰਮਸ਼ਾਲਾ ਵਿੱਚ ਨਤਮਸਤਕ ਹੋ ਕੇ ਸ੍ਰੀ ਗੁਰੂ ਰਵਿਦਾਸ ਜੀ ਦਾ ਅਸ਼ੀਰਵਾਦ ਲਿਆ ਅਤੇ ਸਮੂਹ ਸੰਗਤ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ।ਕੈਬਨਿਟ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮਾਜਿਕ ਬਰਾਬਰੀ, ਮਨੁੱਖਤਾ ਅਤੇ ਭਾਈਚਾਰਕ ਸਾਂਝ ਦਾ ਮਾਰਗ ਦਿਖਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਧਰਮਸ਼ਾਲਾ ਵਰਗੇ ਸਾਂਝੇ ਸਥਾਨ ਲੋਕਾਂ ਵਿੱਚ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਨਗੇ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਵਾਟਰ ਵਰਕਸ ਦੀ ਰਿਪੇਅਰ ਅਤੇ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਪਾਈ ਗਈ। ਉਨ੍ਹਾਂ ਕਿਹਾ ਕਿ ਪਿੰਡ ਤਰਮਾਲਾ ਤੋਂ ਖੁੱਬਣ ਤੱਕ ਸੜਕ ਨੂੰ 10 ਫੁੱਟ ਤੋਂ ਚੌੜਾ ਕਰਕੇ 18 ਫੁੱਟ ਕੀਤਾ ਜਾ ਰਿਹਾ ਹੈ, ਜਿਸ ਦੀ ਲਾਗਤ ਤਕਰੀਬਨ 1.79 ਕਰੋੜ ਰੁਪਏ ਹੈ।ਇਸ ਮੌਕੇ ਬਲਵਿੰਦਰ ਸਿੰਘ ਕਾਕੂ, ਸਰਪੰਚ ਰਮਨਦੀਪ ਕੌਰ, ਮਾਸਟਰ ਪਟੇਲ, ਜ਼ੋਨਾ ਤਰਮਾਲਾ, ਜਗਦੀਸ਼ ਚੌਧਰੀ, ਹਰਦਿਆਲ ਸਿੰਘ, ਹਰਵਰਿੰਦਰ ਸਿੰਘ, ਪੀ ਏ ਗੁਰਬਾਜ ਬਾਜਵਾ, ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਦੇ ਮੈਂਬਰ ਰੋਸ਼ਨ ਲਾਲ, ਰਮੇਸ਼ ਕੁਮਾਰ, ਸੁੱਖਾ ਰਾਮ, ਬਿੰਟੂ ਰਾਮ, ਰਕੇਸ਼ ਕੁਮਾਰ, ਧਰਮਵੀਰ, ਅਮਰਜੀਤ, ਸਤੀਸ਼ ਕੁਮਾਰ, ਪੂਰਨ ਚੰਦ, ਕ੍ਰਿਸ਼ਨ ਕੁਮਾਰ, ਅੰਕਿਤ ਕੁਮਾਰ, ਭਗਵਾਨ ਦਾਸ, ਰਾਹੁਲ ਕੁਮਾਰ, ਧਰਮਪਾਲ, ਅਨਿਲ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਬੱਜਰ ਗੁਸਤਾਖੀ ਲਈ...

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਨਾਂਅ ਵਿਰੁੱਧ ਈਰਖਾਵਾਦੀ ਸੋਚ ਅਧੀਨ ਹੀ ਅਜਿਹਾ ਪ੍ਰਚਾਰ ਕਰ ਰਹੇ ਹਨ, ਪਰ ਉਹ ਕਦੀ ਵੀ ਦਾਸ ਨੂੰ ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਥੇਬੰਦੀ ਨੂੰ ਆਪਣੇ ਕੌਮੀ ਨਿਸ਼ਾਨੇ ਤੋਂ ਥਿੜਕਾਉਣ ਵਿਚ ਕਾਮਯਾਬ ਨਹੀ ਹੋ ਸਕਣਗੇ।ਬੇਸ਼ੱਕ ਵੱਡੇ ਕੌਮੀ ਸੰਘਰਸ਼ਾਂ ਵਿਚ ਕਿਤੇ ਨਾ ਕਿਤੇ ਕੋਈ ਗਲਤੀ ਜਾਂ ਕਮੀ ਰਹਿ ਜਾਂਦੀ ਹੈ, ਅਸੀਂ ਉਨ੍ਹਾਂ ਕਮੀਆਂ, ਊਣਤਾਈਆਂ ਨੂੰ ਦੂਰ ਕਰਦੇ ਹੋਏ ਆਪਣੀ ਕੌਮੀ ਮੰਜ਼ਲ ਦੀ ਪ੍ਰਾਪਤੀ ਹੋਣ ਤੱਕ ਅਡੋਲ ਵਧਦੇ ਰਹਾਂਗੇ ਅਤੇ ਸੰਘਰਸ ਕਰਦੇ ਰਹਾਂਗੇ।ਇਸੇ ਲੜੀ ਵਿਚ ਅਸੀ 12 ਫਰਵਰੀ ਨੂੰ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਵੱਲੋਂ ਮਿਥੇ ਨਿਸ਼ਾਨੇ ਦੀ ਪ੍ਰਾਪਤੀ ਲਈ ਦ੍ਰਿੜ੍ਹ ਹੋਣ ਲਈ ਹਰ ਸਾਲ ਫਤਿਹਗੜ੍ਹ ਸਾਹਿਬ ਵਿਖੇ ਉਨ੍ਹਾ ਦਾ ਜਨਮ ਦਿਨ ਸਮਾਗਮ ਮਨਾਉਂਦੇ ਹਾਂ। ਸਮੁੱਚੇ ਖਾਲਸਾ ਪੰਥ ਤੋਂ ਉਮੀਦ ਕਰਦੇ ਹਾਂ ਕਿ ਜਿਥੇ ਉਹ ਮੇਰੇ ਪਰਵਾਰਕ ਬੱਚਿਆਂ ਤੋਂ ਹੋਈ ਬੱਜਰ ਗੁਸਤਾਖੀ ਲਈ ਉਹ ਮੁਆਫ਼ ਕਰ ਦੇਣਗੇ, ਉਥੇ ਉਹ ਆਪਣੇ ਕੌਮੀ ਨਿਸ਼ਾਨੇ ਲਈ ਹੋਰ ਸੁਹਿਰਦ ਹੁੰਦੇ ਹੋਏ 12 ਫਰਵਰੀ ਨੂੰ ਫਤਿਹਗੜ੍ਹ ਸਾਹਿਬ ਵਿਖੇ ਹੁੰਮ-ਹੁਮਾ ਕੇ ਪਹੁੰਚਣ ਦੀ ਕੌਮੀ ਜ਼ਿੰਮੇਵਾਰੀ ਵੀ ਪੂਰਨ ਕਰਨਗੇ।

### ਕਾਮਰੇਡ ਸੁਰਿੰਦਰ ਢੰਡੀਆਂ ...

ਜਦੋਂ ਭਾਰਤੀ ਕਮਿਊਨਿਸਟ ਪਾਰਟੀ ਆਪਣੀਆਂ ਸੂਬਾ ਪੱਧਰ 'ਤੇ ਜ਼ਿਲ੍ਹੇ ਦੀਆਂ ਕਾਨਫਰੰਸਾਂ ਕਰ ਰਹੀ ਹੈ, ਉਸ ਸਮੇਂ ਦਰਮਿਆਨ ਸਥਾਨਕ ਪੱਧਰ ਤੋਂ ਲੈ ਕੇ ਕੌਮਾਂਤਰੀ ਪੱਧਰ ਤੱਕ ਵੱਡੇ ਪੱਧਰ 'ਤੇ ਤਬਦੀਲੀਆਂ ਵਾਪਰ ਰਹੀਆਂ ਹਨ।ਖਾਸ ਤੌਰ 'ਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦੇ ਪਹੁੰਚਾਏ ਜਾ ਰਹੇ ਹਨ ਅਤੇ ਆਮ ਕਿਰਤੀਆਂ ਖ਼ਿਲਾਫ਼ ਸਰਮਾਏਦਾਰ ਵੱਲੋਂ ਤਾਕਤਾਂ ਵੱਲੋਂ ਵੱਡੇ ਪੱਧਰ 'ਤੇ ਲੋਕ ਵਿਰੋਧੀ ਕਾਨੂੰਨ ਲਿਆਂਦੇ ਜਾ ਰਹੇ ਹਨ।ਆਮ ਅਤੇ ਮੱਧ ਵਰਗ ਆਰਥਿਕ ਤੌਰ 'ਤੇ ਨਪੀੜਿਆ ਜਾ ਰਿਹਾ ਹੈ।ਇਸ ਦਾ ਟਾਕਰਾ ਕਰਨ ਅਤੇ ਕਮਿਊਨਿਸਟ ਪਾਰਟੀਆਂ ਦਾ ਰਾਜ ਕਾਇਮ ਕਰਨ ਲਈ ਸਾਨੂੰ ਸੁਚੇਤ ਤੌਰ 'ਤੇ ਤਿਆਰ ਹੋ ਕੇ ਲੋਕਾਂ ਨੂੰ ਚੇਤਨ ਕਰਨਾ ਹੋਵੇਗਾ।ਇਸ ਮੌਕੇ ਜਗਰੂਪ ਸਿੰਘ ਨੇ ਕਿਹਾ ਕਿ ਦੁਨੀਆ ਭਰ ਦਾ ਵਿੱਤੀ ਸਰਮਾਇਆ ਦੁਨੀਆ ਦੇ ਉਜਰਤੀ ਕਾਮਿਆਂ ਨੂੰ ਬਾਹਰ ਕੱਢ ਕੇ ਆਪਣੀ ਆਮਦਨ ਵਿੱਚ ਵਾਧਾ ਕਰ ਰਿਹਾ ਹੈ। ਉਚ ਤਕਨੀਕ ਨੂੰ ਉਜਰਤੀ ਕਾਮਿਆਂ ਖ਼ਿਲਾਫ਼ ਵਰਤਿਆ ਜਾ ਰਿਹਾ ਹੈ, ਜਦੋਂ ਕਿ ਉਚ ਤਕਨੀਕ ਭਾਵ ਅੱਜ ਦੇ ਦੌਰ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸੀ (ਏ ਆਈ) ਸਮਾਜਿਕ ਭਲੇ ਲਈ ਸਭ ਮਨੁੱਖਾਂ ਦੇ ਫਾਇਦੇ ਲਈ ਵਰਤੀ ਜਾਣੀ ਚਾਹੀਦੀ ਸੀ, ਪ੍ਰੰਤੂ ਇੱਥੇ ਸਰਮਾਏਦਾਰੀ ਧਿਰ ਏ ਆਈ ਨੂੰ ਵੀ ਆਪਣੇ ਫਾਇਦੇ ਲਈ ਅਤੇ ਸਮੁੱਚੀ ਮਨੁੱਖਤਾ ਖ਼ਿਲਾਫ਼ ਵਰਤ ਰਹੀ ਹੈ। ਦੁਨੀਆ ਭਰ ਵਿੱਚ ਵਧ ਰਹੀ ਬੇਰੁਜ਼ਗਾਰ ਦੀ ਤਰ੍ਹਾਂ ਹੀ ਭਾਰਤ ਵਿੱਚ ਵੀ ਲਗਾਤਾਰ ਬੇਰੁਜ਼ਗਾਰੀ ਵਧਾਈ ਜਾ ਰਹੀ ਹੈ ਅਤੇ ਕਾਮਿਆਂ ਨੂੰ ਕੰਮ ਤੋਂ ਵਿਹਲਾ ਭਾਵ ਜਵਾਬ ਦਿੱਤਾ ਜਾ ਰਿਹਾ ਹੈ। ਉਹਨਾ ਕਿਹਾ ਕਿ ਦੇਸ਼ ਦੇ ਵਿਦਿਆਰਥੀ ਅਤੇ ਨੌਜਵਾਨ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਬਨੇਗਾ (ਭਗਤ ਸਿੰਘ ਨੈਸ਼ਨਲ ਇੰਪਲਾਇਮੈਂਟ ਗਾਰੰਟੀ ਐਕਟ) ਨੂੰ ਪਾਸ ਕਰਵਾਉਣ ਦੀ ਮੁਹਿੰਮ ਵਿੱਢ ਕੇ ਨੌਜਵਾਨਾਂ ਦੀ ਲਾਮਬੰਦੀ ਕਰ ਰਹੇ ਹਨ, ਜਿਸ ਨੂੰ ਭਵਿੱਖ ਵਿੱਚ ਇੱਕ ਵੱਡੀ ਕਾਮਯਾਬੀ ਮਿਲਣਾ ਤੈਅ ਹੈ।

ਇਸ ਮੌਕੇ ਜ਼ਿਲ੍ਹਾ ਸਕੱਤਰ ਹੰਸ ਰਾਜ ਗੋਲਡਨ ਵੱਲੋਂ ਪਾਰਟੀ ਦੇ ਕੀਤੇ ਕੰਮਾਂ ਦੀ ਤਿੰਨ ਸਾਲਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਰਿਪੋਰਟ 'ਤੇ ਬਹਿਸ ਵਿੱਚ ਵੱਡੀ ਗਿਣਤੀ 'ਚ ਸਾਥੀਆਂ ਵੱਲੋਂ ਹਿੱਸਾ ਲਿਆ ਗਿਆ ਅਤੇ ਵਾਧੇ ਕਰਵਾਏ ਗਏ। ਰਿਪੋਰਟ ਨੂੰ ਸਰਬਸੰਮਤੀ ਨਾਲ ਪਾਸ ਕਰਨ ਤੋਂ ਬਾਅਦ ਜ਼ਿਲ੍ਹਾ ਫਾਜ਼ਲਕਾ ਦੀ 31 ਮੈਂਬਰੀ ਨਵੀਂ ਜ਼ਿਲਾ ਕੌਂਸਲ ਚੁਣੀ ਗਈ। ਇਸ ਤੋਂ ਬਾਅਦ ਸਰਬਸੰਮਤੀ ਨਾਲ ਕਾਮਰੇਡ ਸੁਰਿੰਦਰ ਢੰਡੀਆਂ ਨੂੰ ਜ਼ਿਲ੍ਹਾ ਫਾਜ਼ਿਲਕਾ ਦਾ ਜ਼ਿਲ੍ਹਾ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਸੂਬਾ ਕਾਨਫਰੰਸ ਲਈ ਡੈਲੀਗੇਟਾਂ ਦੀ ਵੀ ਚੋਣ ਕੀਤੀ ਗਈ।ਜ਼ਿਲ੍ਹਾ ਸਕੱਤਰ ਦੀ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਕਾਮਰੇਡ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਉਹ ਆਪਣੀ ਇਸ ਜ਼ਿੰਮੇਵਾਰੀ ਨੂੰ ਬਾਖ਼ੂਬੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਹੋਰ ਵਧੀਆ ਤਰੀਕੇ ਨਾਲ ਕਾਮਯਾਬ ਕਰਨਗੇ। ਹੰਸ ਰਾਜ ਗੋਲਡਨ ਨੇ ਕਿਹਾ ਕਿ ਨਵੇਂ ਸਾਥੀਆਂ ਨੂੰ ਪਾਰਟੀ ਦੀ ਜ਼ਿੰਮੇਵਾਰੀ ਦੇਣਾ ਸਾਡਾ ਨੈਤਿਕ ਫਰਜ਼ ਹੈ ਅਤੇ ਅਸੀਂ ਉਮੀਦ ਕਰਦੇ ਹਾਂ ਕਿ ਉਹ ਵਧੀਆ ਢੰਗ ਨਾਲ ਨੌਜਵਾਨ ਪੀੜ੍ਹੀ ਨੂੰ ਪਾਰਟੀ ਨਾਲ ਜੋੜਨ ਦਾ ਕੰਮ ਕਰਨਗੇ। ਉਹਨਾ ਕਿਹਾ ਕਿ ਉਹ ਪਹਿਲਾਂ ਦੀ ਤਰ੍ਹਾਂ ਹੀ ਆਪਣੇ ਸਾਥੀਆਂ ਨਾਲ ਕੰਮ ਕਰਦੇ ਰਹਿਣਗੇ। ਹੋਰਨਾਂ ਤੋਂ ਇਲਾਵਾ ਰਿਸ਼ੀਪਾਲ ਖੁੱਬਣ, ਰਮਨ ਧਰਮੂਵਾਲਾ ਅਤੇ ਹਰਜੀਤ ਕੌਰ ਢੰਡੀਆਂ ਨੇ ਸੰਬੋਧਨ ਕੀਤਾ।

### ਪਾਕਿਸਤਾਨ ਨੇ ਟੀ-20...

ਪਾਕਿਸਤਾਨ 'ਤੇ ਇਹ ਵਰਲਡ ਕੱਪ ਖੇਡਣ ਦੀ ਪਾਬੰਦੀ ਵੀ ਲਾ ਸਕਦੀ ਹੈ ਪਰ ਇਸ ਦੀ ਸੰਭਾਵਨਾ ਘੱਟ ਹੈ। ਪਾਕਿਸਤਾਨ ਇਸ ਮਾਮਲੇ ਵਿੱਚ ਸੁਰੱਖਿਆ ਕਾਰਨਾਂ ਦਾ ਹਵਾਲਾ ਨਹੀਂ ਦੇ ਸਕਦਾ, ਕਿਉਂਕਿ ਪਾਕਿਸਤਾਨ ਦੀ ਟੀਮ ਆਪਣੇ ਸਾਰੇ ਮੈਚ ਭਾਰਤ ਦੀ ਬਜਾਏ ਸ੍ਰੀਲੰਕਾ ਵਿੱਚ ਖੇਡਣ ਵਾਲੀ ਹੈ। ਜੇਕਰ ਪੀ ਸੀ ਬੀ ਨੇ ਬੰਗਲਾਦੇਸ਼ ਨੂੰ ਸਪੋਰਟ ਕਰਨ ਦਾ ਕਾਰਨ ਦਿੱਤਾ ਤਾਂ ਵੀ ਆਈ ਸੀ ਸੀ ਐਕਸ਼ਨ ਲੈ ਸਕਦੀ ਹੈ ਕਿਉਂਕਿ ਆਈ ਸੀ ਸੀ ਨੇ ਪਹਿਲਾਂ ਹੀ ਪੀ ਸੀ ਬੀ ਨੂੰ ਧਮਕੀ ਦਿੱਤੀ ਸੀ ਕਿ ਜੇ ਬੰਗਲਾਦੇਸ਼ ਨੂੰ ਸਪੋਰਟ ਕੀਤਾ ਤਾਂ ਪਾਕਿਸਤਾਨ ਸੁਪਰ ਲੀਗ (ਪੀ ਐੱਸ ਐੱਲ) ਨੂੰ 'ਨੋ ਆਬਜੈਕਸ਼ਨ ਸਰਟੀਫਿਕੇਟ' (ਐੱਨ ਓ ਸੀ) ਨਹੀਂ ਮਿਲੇਗਾ। ਪਾਕਿਸਤਾਨ ਨੇ ਗਰੁੱਪ ਸਟੇਜ ਵਿੱਚ ਤਾਂ ਭਾਰਤ ਵਿਰੁੱਧ ਖੇਡਣ ਤੋਂ ਇਨਕਾਰ ਕਰ ਦਿੱਤਾ ਹੈ ਪਰ ਬੋਰਡ ਨੇ ਇਹ ਸਪੱਸ਼ਟ ਨਹੀਂ ਕੀਤਾ ਕਿ ਜੇ ਨਾਕਆਊਟ (ਸੈਮੀਫਾਈਨਲ ਜਾਂ ਫਾਈਨਲ) ਵਿੱਚ ਟੀਮ ਇੰਡੀਆ ਸਾਹਮਣੇ ਆਈ ਤਾਂ ਪਾਕਿਸਤਾਨ ਦੀ ਟੀਮ ਖੇਡੇਗੀ ਜਾਂ ਨਹੀਂ? ਆਈ ਸੀ ਸੀ ਦੇ ਸੂਤਰਾਂ ਨੇ ਦੱਸਿਆ ਕਿ ਪਾਕਿਸਤਾਨ ਤੋਂ ਜਵਾਬ ਮੰਗਿਆ ਜਾਵੇਗਾ। ਜੇਕਰ ਕਾਰਨ ਤਸੱਲੀਬਖਸ਼ ਨਾ ਰਿਹਾ ਤਾਂ ਪੀ ਸੀ ਬੀ 'ਤੇ ਸਖ਼ਤ ਐਕਸ਼ਨ ਲਿਆ ਜਾਵੇਗਾ।

### ਡਾ. ਗੁਰਬਚਨ ਸਿੰਘ...

ਚਲਾਣੇ 'ਤੇ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ ਤੋਂ ਇਲਾਵਾ ਸਰਪ੍ਰਸਤ ਬਾਬੂ ਸਿੰਘ ਰੈਹਲ, ਸੁਖਦੇਵ ਸਿੰਘ ਸ਼ਾਂਤ, ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ, ਡਾ. ਹਰਪ੍ਰੀਤ ਸਿੰਘ ਰਾਣਾ, ਸੁਖਦੇਵ ਸਿੰਘ ਚਹਿਲ, ਨਵਦੀਪ ਸਿੰਘ ਮੁੰਡੀ, ਬਲਬੀਰ ਸਿੰਘ ਦਿਲਦਾਰ ਅਤੇ ਭਗਵਾਨ ਦਾਸ ਗੁਪਤਾ ਆਦਿ ਨੇ ਵੀ ਡੂੰਘੇ ਸ਼ੋਕ ਦਾ ਪ੍ਰਗਟਾਵਾ ਕੀਤਾ ਹੈ। ਉਹਨਾ ਦੇ ਅੰਤਮ ਸਸਕਾਰ ਮੌਕੇ ਸਕੇ-ਸੰਬੰਧੀਆਂ ਅਤੇ ਦੋਸਤਾਂ-ਮਿੱਤਰਾਂ ਤੋਂ ਇਲਾਵਾ ਡਾ. ਗੁਰਨਾਮ ਸਿੰਘ ਪ੍ਰਭਾਤ, ਗਗਨਦੀਪ ਸਿੰਘ ਆਹੂਜਾ, ਨਾਟਕਕਾਰ ਸਤਿੰਦਰ ਸਿੰਘ ਨੰਦਾ, ਤ੍ਰਿਲੋਕ ਸਿੰਘ ਢਿੱਲੋਂ, ਗੁਰਦਰਸ਼ਨ ਸਿੰਘ ਗੁਸੀਲ ਆਦਿ ਵੀ ਸ਼ਾਮਲ ਸਨ।

### ਮਜੀਠੀਆ ਦੀ ਸੁਪਰੀਮ...

ਖਾਰਜ ਕਰ ਦਿੱਤੀ ਸੀ। ਇਸ ਤੋਂ ਇਲਾਵਾ ਮਜੀਠੀਆ ਪਿਛਲੇ ਕਈ ਮਹੀਨਿਆਂ ਤੋਂ ਹਿਰਾਸਤ ਵਿੱਚ ਹਨ ਤੇ ਪੁਲਸ ਆਪਣੀ ਰਿਪੋਰਟ ਦਾਖਲ ਕਰ ਚੁੱਕੀ ਹੈ ਅਤੇ ਆਮਦਨ ਤੋਂ ਵੱਧ ਜਾਇਦਾਦ ਦਾ ਇਹ ਮਾਮਲਾ ਸਾਲ 2007 ਤੋਂ 2017 ਦੀ ਮਿਆਦ ਨਾਲ ਸੰਬੰਧਤ ਹੈ, ਜਦਕਿ ਐੱਫ ਆਈ ਆਰ ਸਾਲ 2025 ਵਿੱਚ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਦਰਜ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਬਿਕਰਮ ਮਜੀਠੀਆ ਨੂੰ ਪੰਜਾਬ ਵਿਜੀਲੈਂਸ ਵੱਲੋਂ 25 ਜੂਨ ਨੂੰ ਉਨ੍ਹਾ ਦੀ ਅੰਮ੍ਰਿਤਸਰ ਸਥਿਤ ਰਿਹਾਇਸ਼ ਤੋਂ ਗ੍ਰਿਫਤਾਰ ਕਰ ਕੇ ਮੁਹਾਲੀ ਲਿਆਂਦਾ ਗਿਆ ਸੀ। ਉਨ੍ਹਾ ਨੂੰ ਬਾਰਾਂ ਦਿਨਾਂ ਦੇ ਪੁਲਸ ਰਿਮਾਂਡ ਉੱਤੇ ਰੱਖਣ ਮਗਰੋਂ 6 ਜੁਲਾਈ ਨੂੰ ਨਾਭਾ ਦੀ ਨਿਊ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਸੀ। ਮਜੀਠੀਆ ਨੇ ਆਪਣੀ ਜ਼ਮਾਨਤ ਲਈ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਹੋਈ ਸੀ ਅਤੇ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਸੀ।

### ਪੀ ਐੱਫ ਸੀ ਤੇ ...

ਲਿਮਟਿਡ ਵਿੱਚ ਸਰਕਾਰ ਦੀ 52.63 ਫੀਸਦੀ ਹਿੱਸੇਦਾਰੀ ਖਰੀਦ ਕੇ ਇਸ ਨੂੰ ਹਾਸਲ ਕਰ ਲਿਆ ਸੀ। ਉਦੋਂ ਵੀ ਇਨ੍ਹਾਂ ਦੇ ਰਲੇਵੇਂ ਦੀ ਉਮੀਦ ਜਤਾਈ ਗਈ ਸੀ, ਪਰ ਹੁਣ ਬਜਟ ਐਲਾਨ ਤੋਂ ਬਾਅਦ ਇਸ ਪ੍ਰਕਿਰਿਆ ਨੂੰ ਮੁੜ ਗਤੀ ਮਿਲਦੀ ਦਿਖਾਈ ਦੇ ਰਹੀ ਹੈ। ਇਹ ਦੋਵੇਂ 'ਨਵਰਤਨ' ਕੰਪਨੀਆਂ ਦੇਸ਼ ਵਿੱਚ ਬਿਜਲੀ ਉਤਪਾਦਨ ਅਤੇ ਵੰਡ ਪ੍ਰੋਜੈਕਟਾਂ ਨੂੰ ਕਰਜ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

## ਇੰਸਟਾਗ੍ਰਾਮ 'ਤੇ ਅਸਲੇ ਦੀ ਵੀਡਿਓ ਅਪਲੋਡ ਕਰਨ ਵਾਲੇ 'ਤੇ ਪਰਚਾ

**ਜਲਾਲਾਬਾਦ (ਜੀਤ ਕੁਮਾਰ)**-ਇੰਸਟਾਗ੍ਰਾਮ ਅਕਾਊਂਟ 'ਤੇ ਅਸਲੇ ਦੀ ਵੀਡੀਓ ਅਪਲੋਡ ਕਰਕੇ ਡਿਪਟੀ ਕਮਿਸ਼ਨਰ ਦੇ ਜਾਰੀ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਥਾਣਾ ਵੈਰੋਕੇ ਦੀ ਪੁਲਸ ਨੇ ਇੱਕ ਵਿਅਕਤੀ ਖਿਲਾਫ ਪਰਚਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਪੀ. ਫਾਜ਼ਿਲਕਾ ਦੇ ਦਫਤਰ ਤੋਂ ਥਾਣਾ ਵੈਰੋਕੇ ਵਿਖੇ ਪੱਤਰ ਪ੍ਰਾਪਤ ਹੋਇਆ ਹੈ ਕਿ ਸੰਦੀਪ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਵਾਸੀ ਢਾਬ ਖੁਸ਼ਹਾਲ ਜੋਈਆ ਨੇ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਅਸਲੇ ਦੀ ਵੀਡੀਓ ਅਪਲੋਡ ਕੀਤੀ ਹੈ ਤੇ ਜ਼ਿਲ੍ਹਾ ਫਾਜ਼ਿਲਕਾ ਦੇ ਮੈਜਿਸਟ੍ਰੇਟ/ਡਿਪਟੀ ਕਮਿਸ਼ਨਰ ਵੱਲੋਂ ਜਾਰੀ ਹੁਕਮਾਂ ਦੀ ਉਲੰਘਣਾ ਕੀਤੀ ਗਈ ਹੈ, ਜਿਸ 'ਤੇ ਥਾਣਾ ਵੈਰੋਕੇ ਵਿਖੇ ਸੰਦੀਪ ਸਿੰਘ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

## ਗੁਰੂ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਨਗਰ ਕੀਰਤਨ

**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਰਾਊਵਾਲ ਦੇ ਗੁਰਦੁਆਰਾ ਬੇਗਮਪੁਰਾ ਸਾਹਿਬ ਤੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਮਹਾਨ ਨਗਰ ਕੀਰਤਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜਿਸ ਨੇ ਪੂਰੇ ਪਿੰਡ ਦੀ ਪ੍ਰਕਰਮਾਂ ਕੀਤੀ। ਨਗਰ ਕੀਰਤਨ ਦਾ ਸੰਗਤਾਂ ਵੱਲੋਂ ਥਾਂ-ਥਾਂ ਫੁੱਲਾਂ ਦੀ ਵਰਖਾ ਨਾਲ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਢਾਡੀ ਜੱਥਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਤੇ ਬਾਬਾ ਫਤਹਿ ਸਿੰਘ ਗੱਤਕਾ ਅਖਾੜਾ ਪਾਰਟੀ ਦੇ ਕਰਤੱਵਾਂ ਨੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਨਗਰ ਕੀਰਤਨ ਪ੍ਰਬੰਧਕਾਂ ਨੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਆਗਮਨ ਪੁਰਬ ਦੀਆਂ ਵਧਾਈਆਂ ਦਿੱਤੀਆਂ ਤੇ ਨਗਰ ਕੀਰਤਨ 'ਚ ਸਹਿਯੋਗ ਕਰਨ 'ਤੇ ਧੰਨਵਾਦ ਕੀਤਾ।

### ਕੇਂਦਰੀ ਬਜਟ ਕਾਰਪੋਰੇਟ...

ਪ੍ਰਣਾਲੀ ਦੀ ਕਮੀ ਨੂੰ ਪੂਰਾ ਨਹੀਂ ਕਰ ਸਕਦਾ।ਏਟਕ ਨੇ ਚੇਤਾਵਨੀ ਦਿੱਤੀ ਕਿ ਜਨਤਕ ਖੇਤਰ ਦੇ ਬੈਂਕਾਂ ਨੂੰ ਅਨੁਕੂਲ ਬਣਾਉਣ ਦੇ ਨਾਂਅ ਹੇਠ ਨਿੱਜੀਕਰਨ ਵੱਲ ਕਦਮ ਪੇਂਡੂ ਕਰਜ਼ਾ, ਤਰਜੀਹੀ ਖੇਤਰ ਦੇ ਉਧਾਰ ਅਤੇ ਵਿੱਤੀ ਸਮਾਵੇਸ਼ ਨੂੰ ਗੰਭੀਰ ਨੁਕਸਾਨ ਪਹੁੰਚਾਉਣਗੇ। ਨਿੱਜੀ ਬੈਂਕ ਮੁਨਾਫ਼ੇ ਲਈ ਕੰਮ ਕਰਦੇ ਹਨ, ਨਾ ਕਿ ਸਮਾਜਿਕ ਜ਼ਿੰਮੇਵਾਰੀਆਂ ਲਈ। ਟੈਕਸਟਾਈਲ, ਐੱਮ ਐੱਸ ਐੱਮ ਈ ਅਤੇ ਹੋਰ ਕਿਰਤ-ਘਣੇ ਖੇਤਰਾਂ ਲਈ ਘੋਸ਼ਣਾਵਾਂ ਰੁਜ਼ਗਾਰ ਸੰਭਾਵਨਾ ਦੇ ਮੁਕਾਬਲੇ ਨਾਕਾਫ਼ੀ ਹਨ ਅਤੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਹੀ ਲਾਭ ਪਹੁੰਚਾਉਂਦੀਆਂ ਹਨ। ਔਰਤਾਂ ਲਈ ਬਜਟ ਚੁਣੀਂਦੀਆਂ ਯੋਜਨਾਵਾਂ ਤੱਕ ਸੀਮਤ ਹੈ, ਜਦਕਿ ਤਨਖ਼ਾਹ ਸਮਾਨਤਾ, ਬਾਲ ਦੇਖਭਾਲ ਅਤੇ ਵੱਡੇ ਪੱਧਰ 'ਤੇ ਰੁਜ਼ਗਾਰ ਸਿਰਜਣਾ 'ਤੇ ਚੁੱਪ ਹੈ। ਏਟਕ ਦਾ ਸਪੱਸ਼ਟ ਮੱਤ ਹੈ ਕਿ ਇਹ ਬਜਟ ਬੇਰੁਜ਼ਗਾਰੀ ਵਧਾਉਣ ਵਾਲਾ, ਅਸਮਾਨਤਾਵਾਂ ਨੂੰ ਹੋਰ ਗਹਿਰਾ ਕਰਨ ਵਾਲਾ ਅਤੇ ਕਲਿਆਣਕਾਰੀ ਰਾਜ ਦੇ ਸੰਕਲਪ ਤੋਂ ਪਿੱਛੇ ਹਟਣ ਦਾ ਪ੍ਰਤੀਕ ਹੈ। ਇਸ ਲਈ ਏਟਕ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ 12 ਫਰਵਰੀ ਦੀ ਦੇਸ਼-ਵਿਆਪੀ ਆਮ ਹੜਤਾਲ ਨੂੰ ਸ਼ਾਨਦਾਰ ਸਫਲਤਾ ਬਣਾਉਣ ਦਾ ਸੱਦਾ ਦਿੰਦੀ ਹੈ।

## ਕਲੇਰ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਯੂਥ ਵਰਕਰਾਂ ਨੂੰ ਤਕੜੇ ਹੋਣ ਦਾ ਸੱਦਾ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਨੌਜਵਾਨਾਂ ਦੇ ਮੋਢਿਆਂ 'ਤੇ ਅਹਿਮ ਜ਼ਿੰਮੇਵਾਰੀ ਦਾ ਅਹਿਸਾਸ ਹੋਣਾ ਲਾਜ਼ਮੀ ਹੈ।ਇਹ ਪ੍ਰਤੀਕਿਰਿਆ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਨੇ ਯੂਥ ਅਕਾਲੀ ਦਲ ਦੀ ਹੋਈ ਭਰਵੀਂ ਬੈਠਕ ਦੌਰਾਨ ਕੀਤੀ। ਯੂਥ ਆਗੂ ਸੰਦੀਪ ਸਿੰਘ ਮੱਲ੍ਹਾ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਨੇ ਵੱਡੇ ਜਲਸੇ ਦਾ ਰੂਪ ਧਾਰਨ ਕਰ ਲਿਆ ਤੇ ਵੱਡੀ ਗਿਣਤੀ ਵਿਚ ਇਕੱਠੇ ਹੋਏ ਯੂਥ ਵਰਕਰਾਂ ਨੇ ਪਾਰਟੀ ਦੀ ਮਜ਼ਬੂਤੀ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦਾ ਸੰਕਲਪ ਦ੍ਰਿੜ੍ਹ ਕੀਤਾ।ਇਸ ਮੌਕੇ ਐਸ ਆਰ ਕਲੇਰ ਨੇ ਆਖਿਆ ਕਿ ਸੂਬੇ ਦੀ ਆਪ ਸਰਕਾਰ ਸੂਬੇ ਦੇ ਨੌਜਵਾਨਾਂ ਦੇ ਭਵਿੱਖ ਪ੍ਰਤੀ ਪੂਰੀ ਤਰ੍ਹਾਂ ਸੁਹਿਰਦ ਨਹੀ ਹੈ।ਉਨ੍ਹਾ ਆਖਿਆ ਕਿ ਅੱਜ ਹਜ਼ਾਰਾਂ ਨੌਕਰੀਆਂ ਦੇਣ ਦੇ ਝੂਠੇ ਦਾਅਵਿਆਂ ਨੇ ਸੱਤਾ 'ਤੇ ਕਾਬਜ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਦੇ ਮਨਾਂ ਵਿਚ ਸਖ਼ਤ ਰੋਸ ਹੈ। ਕਲੇਰ ਨੇ ਆਖਿਆ ਕਿ ਸੂਬੇ ਦਾ ਨੌਜਵਾਨ ਆਪਣੇ ਆਪ ਨੂੰ ਲੁੱਟਿਆ ਹੋਇਆ ਮਹਿਸੂਸ ਕਰ ਰਿਹਾ ਹੈ।ਕਲੇਰ ਨੇ ਇਲਾਕੇ ਦੇ ਨੌਜਵਾਨਾਂ ਨੂੰ ਚੇਤੰਨ ਕਰਦਿਆਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹੀ ਨਵੀਂ ਪੀੜ੍ਹੀ ਦੇ ਭਵਿੱਖ ਦਾ ਰੌਸ਼ਨ ਸਿਤਾਰਾ ਹੈ ਜਿਸ ਨੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਅਸੀਮ ਮੌਕੇ ਪ੍ਰਦਾਨ ਕੀਤੇ ਹਨ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਨੌਜਵਾਨ ਵਰਗ ਨੂੰ ਅੱਗੇ ਆਉਣਾ ਹੋਵੇਗਾ।ਉਨ੍ਹਾਂ ਪਾਰਟੀ ਦੇ ਸਿਰੜੀ ਨੌਜਵਾਨਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਸੱਦਾ ਦਿੱਤਾ ਹੈ। ਇਸ ਮੌਕੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਮਨਦੀਪ ਸਿੰਘ ਬਿੱਟੂ ਗਾਲਿਬ ਤੇ ਵੱਡੀ ਗਿਣਤੀ ਵਿੱਚ ਯੂਥ ਵਰਕਰ ਹਾਜ਼ਰ ਸਨ।

## ਕੇਂਦਰੀ ਬਜਟ ਦੇਸ਼ ਦੇ ਵਿਕਾਸ ਤੇ ਆਮ ਵਰਗ ਦੇ ਹੱਕ 'ਚ ਇਤਿਹਾਸਕ ਕਦਮ : ਨੀਲੂ ਮਿੱਤਲ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਕੇਂਦਰ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਦੇਸ਼ ਨੂੰ ਵਿਕਾਸ ਦੀ ਨਵੀਂ ਦਿਸ਼ਾ ਦੇਣ ਵਾਲਾ ਅਤੇ ਹਰ ਵਰਗ ਦੀ ਭਲਾਈ ਨੂੰ ਸਮਰਪਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀ ਜੇ ਪੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਬਜਟ ਗਰੀਬ, ਕਿਸਾਨ, ਮੱਧ ਵਰਗ, ਨੌਜਵਾਨਾਂ ਅਤੇ ਮਹਿਲਾਵਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰਦਾ ਹੈ। ਕਿਸਾਨਾਂ ਲਈ ਖੇਤੀਬਾੜੀ ਖੇਤਰ ਵਿੱਚ ਵਧੇਰੇ ਨਿਵੇਸ਼ ਕਰਕੇ ਪਿੰਡਾਂ ਦੀ ਅਰਥਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵਧੇਗੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ 'ਤੇ ਖਾਸ ਧਿਆਨ ਦਿੱਤਾ ਗਿਆ ਹੈ। ਸਟਾਰਟਅੱਪ ਅਤੇ ਐਮ ਐਸ ਐਮ ਈ ਖੇਤਰ ਨੂੰ ਮਿਲਣ ਵਾਲੇ ਉਤਸ਼ਾਹ ਨਾਲ ਦੇਸ਼ ਵਿੱਚ ਵੱਡੀ ਗਿਣਤੀ ਵਿੱਚ ਨੌਕਰੀਆਂ ਸਿਰਜੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ, ਸਿਹਤ, ਬੁਨਿਆਦੀ ਢਾਂਚੇ, ਡਿਜੀਟਲ ਇੰਡੀਆ ਅਤੇ ਹਰੀ ਊਰਜਾ ਲਈ ਕੀਤੀਆਂ ਗਈਆਂ ਘੋਸ਼ਣਾਵਾਂ ਸਪਸ਼ਟ ਕਰਦੀਆਂ ਹਨ ਕਿ ਇਹ ਬਜਟ ਭਵਿੱਖ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਗਿਆ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬਜਟ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਵਿਰੁੱਧ : ਕਿਸਾਨ ਸਭਾ



**ਝਬਾਲ, (ਹਰਜਿੰਦਰ ਸਿੰਘ ਸੋਨੀ)**

ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਤਰਨ ਤਾਰਨ ਵੱਲੋਂ ਕੇਂਦਰੀ ਬਜਟ ਦੀ ਜ਼ੋਰਦਾਰ ਨਿੰਦਾ ਕੀਤੀ ਗਈ ਹੈ।ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ, ਜ਼ਬਰਜੰਗ ਸਕੱਤਰ ਦਵਿੰਦਰ ਸੋਹਲ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਬਜਟ ਅਗਲੇ ਇੱਕ ਸਾਲ ਲਈ ਸਰਕਾਰੀ ਕੰਮਾਂ ਦਾ ਅਗਾਊਂ ਪ੍ਰੋਗਰਾਮ ਹੁੰਦਾ ਹੈ ਜਿਸ ਤਹਿਤ ਸਰਕਾਰ ਨੇ ਆਮ ਲੋਕਾਂ ਨੂੰ ਸੁਚਾਰੂ ਜ਼ਿੰਦਗੀ ਜਿਊਣ ਲਈ ਤਜਵੀਜ਼ ਬਣਾਉਣੀ ਹੁੰਦੀ ਹੈ ਪਰ ਇਸ ਬਜਟ ਵਿੱਚ ਮਿਹਨਤਕਸ਼ ਲੋਕਾਂ ਲਈ ਕੁੱਝ ਵੀ ਨਹੀਂ।ਦੇਸ਼ ਦੇ ਸਭ ਤੋਂ ਵੱਡੇ ਖੇਤੀ ਸੈਕਟਰ ਲਈ ਕੋਈ ਉਸਾਰੂ ਯੋਜਨਾ ਨਹੀਂ।ਐੱਮਐੱਸਪੀ ਦੇਣ ਬਾਰੇ ਇੱਕ ਸ਼ਬਦ ਨਹੀਂ ਬੋਲਿਆ ਗਿਆ।ਦੇਸ਼ ਦੀ ਬਹੁਗਿਣਤੀ ਪੇਂਡੂ ਕਿਸਾਨ ਮਜ਼ਦੂਰ ਹਨ, ਜਿਨ੍ਹਾਂ ਦਾ ਜ਼ਿੰਦਗੀ ਦਾ ਨਿਰਬਾਹ ਸੌਖਾ ਕਰਨ ਲਈ ਤੇ ਮਿਹਨਤ ਦਾ ਮੁੱਲ ਪਾਉਣ ਲਈ ਕੁਝ ਨਹੀਂ ਹੈ।ਦੇਸ਼ ਦੀ ਸਭ ਤੋਂ ਵੱਡੀ ਸਮੱਸਿਆ ਬੇਰੁਜ਼ਗਾਰੀ ਤੋਂ ਨਿਜਾਤ ਵਾਸਤੇ ਵੀ ਕੁੱਝ ਨਹੀਂ ਦਿਸ ਰਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ, ਕਨਵੀਨਰ ਬਲਦੇਵ ਸਿੰਘ ਧੂੰਦਾ, ਰਣਜੀਤ ਸਿੰਘ ਬਹਾਦਰ ਨਗਰ, ਕੁਲਬੀਰ ਸਿੰਘ ਕਸੇਲ, ਸੁਖਦੇਵ ਸਿੰਘ ਮਾਨੋਚਾਹਲ, ਰਾਣਾ ਰਣਜੀਤ ਸਿੰਘ, ਅਵਤਾਰ ਸਿੰਘ ਪਲਾਸੌਰ, ਜੈਮਲ ਸਿੰਘ ਬਾਠ, ਦਰਸ਼ਨ ਸਿੰਘ ਬਿਹਾਰੀਪੁਰ ਅਤੇ ਬਾਬਾ ਹੀਰਾ ਸਿੰਘ ਮੌਜੂਦ ਸਨ।

# ਗੁਰਦੁਆਰਾ ਕਿਲਾ ਸਾਹਿਬ ਪਿੰਡ ਸਭਰਾਂ ਵਿਖੇ ਕਰਵਾਏ ਜਾਣਗੇ ਬੱਚਿਆਂ ਦੇ ਧਾਰਮਿਕ ਮੁਕਾਬਲੇ

**ਪੱਟੀ (ਬਲਦੇਵ ਸਿੰਘ ਸੰਧੂ)**

ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੋਸਾਇਟੀ ਰਜਿਸਟਰਡ ਪੰਜਾਬ ਦੇ ਵੱਲੋਂ ਖਾਲਸਾ ਰਾਜ ਦੇ ਥੰਮ੍ਹ ਸ਼ਹੀਦ ਸ਼ਾਮ ਸਿੰਘ ਅਟਾਰੀ ਵਾਲੇ ਦੀ ਸ਼ਹਾਦਤ ਨੂੰ ਸਮਰਪਿਤ ਕਰਵਾਏ ਜਾ ਰਹੇ ਸਾਲਾਨਾ ਜੋੜ ਮੇਲੇ ਦੇ ਦੌਰਾਨ 4 ਫਰਵਰੀ ਦਿਨ ਬੁੱਧਵਾਰ ਨੂੰ ਸਵੇਰੇ 9:30 ਵਜੇ ਤੋਂ ਲੈ ਕੇ ਦੁਪਹਿਰ 1 ਵਜੇ ਤੱਕ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਕਿਲਾ ਸਾਹਿਬ ਪਿੰਡ ਸਭਰਾਂ ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਵਿਖੇ ਦਸਤਾਰ ਦੁਮਾਲਾ, ਲੰਮੇ ਕੇਸ, ਪੇਂਟਿੰਗ, ਕਵੀਸ਼ਰੀ ਅਤੇ ਕਵਿਤਾ ਮੁਕਾਬਲੇ ਕਰਵਾਏ ਜਾ ਰਹੇ ਹਨ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲਸਾ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਦਸਤਾਰ ਦੁਮਾਲਾ ਮੁਕਾਬਲੇ ਵਿੱਚ ਚੌਥੀ ਜਮਾਤ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਲੜਕੇ, ਲੜਕੀਆਂ ਅਤੇ ਬਾਕੀ ਸਾਰੇ ਮੁਕਾਬਲਿਆਂ



ਦੇ ਵਿੱਚ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਲੜਕੇ ਅਤੇ ਲੜਕੀਆਂ ਭਾਗ ਲੈ ਸਕਦੇ ਹਨ।ਇਨ੍ਹਾਂ ਮੁਕਾਬਲਿਆਂ ਵਿੱਚ ਪਹੁੰਚਣ ਵਾਲੇ ਬੱਚੇ ਲੋੜੀਂਦਾ ਸਾਮਾਨ ਜਿਵੇਂ ਦਸਤਾਰ ਦੁਮਾਲਾ ਬਾਜ ਪਿੰਨ, ਸ਼ੀਸ਼ਾ, ਪੇਂਟਿੰਗ ਲਈ ਏ ਫੋਰ ਸ਼ੀਟ ਕਲਰ ਜਮੈਟਰੀ ਬਾਕਸ, ਲੰਮੇ ਕੇਸ ਮੁਕਾਬਲਿਆਂ ਲਈ ਕੰਘਾ ਅਤੇ ਹੋਰ ਲੋੜੀਂਦਾ ਸਾਮਾਨ ਆਪਣਾ ਲੈ ਕੇ ਆਉਣਗੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਕਸਦ ਬੱਚਿਆਂ ਅੰਦਰ ਜੋ ਧਰਮ ਪ੍ਰਤੀ ਅਚੇਤਨਤਾ ਦਿਖਾਈ ਦੇ ਰਹੀ ਹੈ ਉਸ ਨੂੰ ਦੂਰ ਕਰਕੇ ਉਨ੍ਹਾਂ ਅੰਦਰ ਆਪਣੇ ਗੌਰਵਮਈ ਵਿਰਸੇ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ।ਇਸ ਦੇ ਨਾਲ ਹੀ 5 ਫਰਵਰੀ ਨੂੰ ਸਿੱਖ ਕੌਮ ਦੀ ਅਹਿਮ ਸ਼ਖ਼ਸੀਅਤ, ਅੰਤਰਰਾਸ਼ਟਰੀ ਪ੍ਰਚਾਰਕ ਪ੍ਰੋ. ਸਰਬਜੀਤ ਸਿੰਘ ਧੂੰਦਾ ਨੂੰ ਭਾਈ ਮੱਖਣ ਸ਼ਾਹ ਐਵਾਰਡ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਉਨ੍ਹਾਂ ਨੇ ਇਲਾਕੇ ਦੀਆਂ ਸੰਗਤਾਂ ਨੂੰ ਵੱਧ ਤੋਂ ਵੱਧ ਇਨ੍ਹਾਂ ਮੁਕਾਬਲਿਆਂ ਵਿੱਚ ਅਤੇ ਇਨ੍ਹਾਂ ਗੁਰਮਤਿ ਸਮਾਗਮਾਂ ਵਿੱਚ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਭਾਈ ਮਨਦੀਪ ਸਿੰਘ ਘੋਲੀਆਂ ਕਲਾਂ, ਦਸਤਾਰ ਕੋਚ ਹਰਜੀਤ ਸਿੰਘ ਸਹਿਰੀ, ਹਰਪ੍ਰੀਤ ਸਿੰਘ, ਵਜੀਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਸਾਜਨ ਪ੍ਰੀਤ ਸਿੰਘ, ਬੀਰ ਸਿੰਘ ਵੀਰਮ, ਗਗਨਦੀਪ ਸਿੰਘ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ, ਪ੍ਰਚਾਰਕ ਸੁਖਵਿੰਦਰ ਸਿੰਘ ਖਾਲੜਾ, ਭਾਈ ਗੁਰਮੀਤ ਸਿੰਘ ਮਾਲੂਵਾਲ, ਭਾਈ ਦਿਲਬਾਗ ਸਿੰਘ ਡੱਲ, ਭਾਈ ਕੁਲਵੰਤ ਸਿੰਘ ਲਖਨਾ, ਭਾਈ ਦਲਵਿੰਦਰ ਸਿੰਘ, ਭਾਈ ਸੁਖਵੰਤ ਸਿੰਘ ਸੁੱਗਾ ਆਦਿ ਹਾਜ਼ਰ ਸਨ।

# ਅਮਰੀਕਾ 'ਚ ਫੌਤ ਹੋਏ ਨੌਜਵਾਨ ਦੀ ਲਾਸ਼ ਖਾਲੜਾ ਪੁੱਜੀ

**ਭਿੱਖੀਵਿੰਡ/ਅਲਗੋਂ ਕੋਠੀ (ਲਖਵਿੰਦਰ ਸਿੰਘ ਗੋਲਣ/ਹਰਦਿਆਲ ਸਿੰਘ ਮੱਲ੍ਹੀ)**

ਕਸਬਾ ਖਾਲੜਾ ਤੋਂ ਦੀਪਕਰਨ ਸਿੰਘ ਨਾਮਕ ਨੌਜਵਾਨ ਦੀ ਬੀਤੇ ਦਿਨੀਂ ਅਮਰੀਕਾ 'ਚ ਸੜਕ ਹਾਦਸੇ ਦੌਰਾਨ ਮੌਤ ਹੋ ਗਈ ਸੀ। ਉਸ ਦੀ ਮ੍ਰਿਤਕ ਦੇਹ ਐਤਵਾਰ ਦੇਰ ਰਾਤ ਨੂੰ ਉਸ ਦੇ ਜੱਦੀ ਪਿੰਡ ਪਹੁੰਚੀ, ਜਿੱਥੇ ਨੌਜਵਾਨ ਦੀ ਅਰਥੀ ਦੇਖ ਕੇ ਮਾਤਾ,ਪਿਤਾ ਤੇ ਸਮੁੱਚਾ ਇਲਾਕਾ ਭੁੱਬਾਂ ਮਾਰ ਕੇ ਰੋਇਆ। ਪਿਤਾ ਕੁਲਦੀਪ ਸਿੰਘ ਨੇ ਨਮ ਅੱਖਾਂ ਨਾਲ ਪੁੱਤਰ ਦੀ ਚਿਖਾ ਨੂੰ ਅਗਨ ਭੇਟ ਕੀਤਾ। ਦੀਪਕਰਨ ਦੀ ਮੌਤ ਨਾਲ ਜਿੱਥੇ ਪਰਿਵਾਰ ਗਹਿਰੇ ਸਦਮੇ ਵਿੱਚ ਹੈ,ਉੱਥੇ ਹੀ ਇਲਾਕੇ ਵਿੱਚ ਵੀ ਸੋਗ ਦੀ ਲਹਿਰ ਪਾਈ ਜਾ ਰਹੀ ਹੈ।ਇਹ ਨੌਜਵਾਨ ਛੇ ਕੁ ਸਾਲ ਪਹਿਲਾਂ ਅਮਰੀਕਾ ਪੜ੍ਹਨ ਲਈ ਗਿਆ ਸੀ।ਮ੍ਰਿਤਕ ਦੇ ਪਿਤਾ ਕੁਲਦੀਪ ਸਿੰਘ ਅਤੇ ਚਾਚਾ ਗੁਰਜੀਤ ਸਿੰਘ ਨੇ ਦੱਸਿਆ ਕਿ ਦੀਪਕਰਨ ਕੈਲੀਫੋਰਨੀਆ ਦੇ ਸ਼ਹਿਰ ਸੈਨ ਫ੍ਰਾਂਸਿਸਕੋ ਵਿੱਚ ਰਹਿ ਰਿਹਾ ਸੀ।21 ਜਨਵਰੀ ਨੂੰ ਗੱਡੀ ਵਿੱਚ ਸਵਾਰ ਹੋ ਕੇ ਕੰਮ 'ਤੇ ਜਾਂਦੇ ਸਮੇਂ ਉਸ ਦਾ ਭਿਆਨਕ ਐਕਸੀਡੈਂਟ ਹੋ ਗਿਆ।ਹਾਦਸੇ ਮਗਰੋਂ ਨਾਜ਼ੁਕ ਹਾਲਤ ਵਿੱਚ ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਜ਼ਿੰਦਗੀ ਮੌਤ ਦੀ ਲੜਾਈ ਲੜਦਿਆਂ ਉਸ ਨੇ ਦਮ ਤੋੜ ਦਿੱਤਾ।ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਉਸ ਨੇ ਜ਼ਮੀਨ ਵੇਚ ਕੇ ਤੇ ਰਿਸ਼ਤੇਦਾਰਾਂ ਤੋਂ ਪੈਸੇ ਫੜ ਕੇ ਆਪਣੇ ਪੁੱਤਰ ਨੂੰ ਵਿਦੇਸ਼ ਭੇਜਿਆ ਸੀ।ਉਨ੍ਹਾਂ ਕਿਹਾ ਕਿ ਵਿਦੇਸ਼ ਵਿੱਚ ਡਾਕਟਰਾਂ ਨੇ ਦੀਪਕਰਨ ਨੂੰ ਬਚਾਉਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਬ੍ਰੇਨ ਡੈੱਡ ਹੋਣ ਕਾਰਨ ਉਸ ਦੀ ਮੌਤ ਹੋ ਗਈ। ਦੀਪ ਕਰਨ ਸਿੰਘ ਆਪਣੇ ਪਿੱਛੇ ਮਾਤਾ, ਪਿਤਾ ਤੇ ਭਰਾ ਨੂੰ ਛੱਡ ਗਿਆ ਹੈ।



# ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਵੰਡੇ ਪੰਜ-ਪੰਜ ਲੱਖ ਰੁਪਏ ਦੇ ਚੈੱਕ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ 2.0 ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਇਸ ਮੁਹਿੰਮ ਤਹਿਤ ਵੱਖ-ਵੱਖ ਖੇਤਰਾਂ ਵਿੱਚ ਨਸ਼ਾ ਮੁਕਤੀ ਮੋਰਚੇ ਵਲੋਂ ਜਾਗਰੂਕਤਾ ਯਾਤਰਾਵਾਂ ਕੱਢ ਕੇ ਲੋਕਾਂ ਨੂੰ ਨਸ਼ੇ ਦੇ ਮਾਰੂ ਪ੍ਰਭਾਵਾਂ ਤੋਂ ਜਾਣੂੰ ਕਰਵਾਇਆ ਜਾ ਰਿਹਾ ਹੈ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਮਾਝਾ ਜ਼ੋਨ ਨਸ਼ਾ ਮੁਕਤੀ ਦੀ ਇੰਚਾਰਜ ਮੈਡਮ ਸੋਨੀਆ ਮਾਨ ਨੇ ਪਿੰਡ ਅਦਲੀਵਾਲਾ ਵਿਖੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਮੈਡਮ ਮਾਨ ਨੇ ਇਸ ਮੌਕੇ ਹਾਜ਼ਰ ਵੀਐੱਲਡੀਸੀ ਮੈਂਬਰਾਂ ਨੂੰ ਨਸ਼ਾ ਮੁਕਤੀ ਮੋਰਚੇ ਦੀ ਐਪ ਡਾਊਨਲੋਡ ਕਰਵਾਉਂਦਿਆਂ ਕਿਹਾ ਕਿ ਉਹ ਇਸ ਐਪ ਰਾਹੀਂ ਆਪਣੇ ਇਲਾਕੇ ਵਿੱਚ ਕਿਸੇ ਵੀ ਨਸ਼ਾ ਸਮੱਗਲਰ ਦੀ ਸੂਚਨਾ ਪੁਲਸ ਨੂੰ ਮੁਹੱਈਆ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸੂਚਨਾ ਦੇਣ ਵਾਲੇ ਦਾ ਨਾਮ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।ਮੈਡਮ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਨਸ਼ਾ ਤਸਕਰਾਂ ਨੂੰ ਸਿੱਧੀ ਚੇਤਾਵਨੀ ਦੇ ਦਿੱਤੀ ਗਈ ਹੈ ਕਿ ਜਾਂ ਤਾਂ ਉਹ ਨਸ਼ਾ ਵੇਚਣਾ ਬੰਦ ਕਰ ਜਾਣ ਜਾਂ ਸੂਬੇ ਨੂੰ ਛੱਡ ਜਾਣ।ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਵੱਲੋਂ ਬਣਾਈ ਗਈ ਗੈਰ-ਕਾਨੂੰਨੀ ਢੰਗ ਨਾਲ ਜਾਇਦਾਦ ਨੂੰ ਢਾਹ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਤਾਂ ਹੀ ਕੀਤਾ ਜਾ ਸਕਦਾ ਹੈ ਜੇਕਰ ਲੋਕ ਸਰਕਾਰ ਦਾ ਸਾਥ ਦੇਣ ਤਾਂ ਜੋ ਅਸੀਂ ਆਪਣੇ ਭਵਿੱਖ ਨੂੰ ਬਚਾ ਸਕੀਏ।ਇਸ ਮੌਕੇ ਮੈਡਮ ਸੋਨੀਆ ਮਾਨ ਵੱਲੋਂ ਬਲਾਕ ਹਰਸ਼ਾ ਛੀਨਾ ਦੀਆਂ



ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪੰਜ-ਪੰਜ ਲੱਖ ਰੁਪਏ ਦੇ ਚੈੱਕ ਵੀ ਵੰਡੇ ਗਏ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੇ ਵਾਅਦਾ ਕੀਤਾ ਸੀ ਕਿ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾ ਨੂੰ ਪੰਜ-ਪੰਜ ਲੱਖ ਰੁਪਏ ਦੇ ਚੈੱਕ ਦਿੱਤੇ ਜਾਣਗੇ ਅਤੇ ਆਪਣੇ ਵਾਅਦੇ ਅਨੁਸਾਰ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਚੈੱਕਾਂ ਦੀ ਵੰਡ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਪੰਚਾਇਤਾਂ ਇਸ ਰਾਸ਼ੀ ਨੂੰ ਆਪਣੀ ਮਰਜ਼ੀ ਨਾਲ ਕਿਸੇ ਵੀ ਵਿਕਾਸ ਕਾਰਜ ਤੇ ਖਰਚ ਸਕਦੀਆਂ ਹਨ।ਉਨ੍ਹਾਂ ਦੱਸਿਆ ਕਿ ਇਹ ਰਾਸ਼ੀ ਪੰਚਾਇਤਾਂ ਲਈ ਕਾਫ਼ੀ ਕਾਰਗਾਰ ਸਿੱਧ ਹੋਵੇਗੀ। ਇਸ ਮੌਕੇ ਲਗਭੱਗ 20 ਪੰਚਾਇਤਾਂ ਨੂੰ ਇਕ ਕਰੋੜ ਰੁਪਏ ਦੀ ਰਾਸ਼ੀ ਨੂੰ ਵੰਡ ਕੀਤੀ ਗਈ।ਇਨ੍ਹਾਂ ਪੰਚਾਇਤਾਂ ਵਿੱਚ ਕੋਟਲੀ ਸੱਕਾ, ਲੱਲਾ ਅਫਗਾਨਾ, ਧਰਮਕੋਟ, ਜਗਦੇਵ ਕਲਾਂ, ਰਾਣੇ ਵਾਲੀ, ਕੋਟ ਸਿੱਧੂ, ਬੰਗਾ ਖੁਰਦ, ਬੰਗਾ ਕਲਾਂ, ਚੈਨਪੁਰ, ਰਾਏ ਪੁਰ ਖੁਰਦ, ਕੋਟਲੀ ਕੋਰੋਟਾਨਾ ਅਦਿ ਸ਼ਾਮਿਲ ਸਨ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਸਿੰਘ ਵੜੈਚ, ਤੇਜਬੀਰ ਸਿੰਘ ਬੱਗਾ, ਸੁਖਚੈਨ ਸਿੰਘ, ਸਵਿੰਦਰ ਸਿੰਘ ਦੁੱਲਾ, ਕੌਂਸਲਰ ਕੁਲਵਿੰਦਰ ਸਿੰਘ ਔਲਖ, ਸਾਹਬ ਸਿੰਘ ਸਰਪੰਚ, ਸੁੱਖ ਕੋਟਲੀ, ਸੁਬੇਗ ਸਿੰਘ ਸਰਪੰਚ ਜਗਦੇਵ ਕਲਾਂ, ਗੁਰਪਾਲ ਸਿੰਘ ਮੱਲੂਨੰਗਲ, ਸਰਪੰਚ ਸਤਨਾਮ ਸਿੰਘ ਲੱਲਾ ਅਫ਼ਗਾਨਾ, ਬੀਡੀਪੀਓ ਪ੍ਰਗਟ ਸਿੰਘ, ਸਕੱਤਰ ਨਿਰਮਲ ਸਿੰਘ, ਜਤਿੰਦਰ ਸਿੰਘ ਰਿੱਕੂ ਬਲਾਕ ਪ੍ਰਧਾਨ, ਲਖਬੀਰ ਸਿੰਘ ਮੰਝ, ਸੁਬੇਗਾ ਸਿੰਘ, ਮੋਰ ਸਿੰਘ, ਬਲਦੇਵ ਸਿੰਘ, ਸੁਖਚੈਨ ਸਿੰਘ ਅਦਲੀਵਾਲ, ਸਤਨਾਮ ਸਿੰਘ ਅਦਲੀਵਾਲ, ਨਿਸ਼ਾਨ ਸਿੰਘ, ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰ ਸੁਖਦੀਪ ਸਿੰਘ ਛੀਨਾ, ਸੰਗਠਨ ਇੰਚਾਰਜ ਰਾਜਬੀਰ ਸਿੰਘ ਤੋਲਾ ਨੰਗਲ, ਸੋਸ਼ਲ ਮੀਡੀਆ ਕੋਆਰਡੀਨੇਟਰ ਅਮਿਤੋਜ ਸਿੰਘ, ਲਵਦੀਪ ਸਿੰਘ। ਨਿਹਾਲ ਸਿੰਘ ਆਦਿ ਸ਼ਾਮਲ ਸਨ।

# ਦੋ ਮੋਟਰਸਾਈਕਲਾਂ ਦੀ ਟੱਕਰ 'ਚ ਪਤਨੀ ਦੀ ਮੌਤ, ਪਤੀ ਗੰਭੀਰ ਜ਼ਖਮੀ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਗੱਗੋਬੂਹਾ ਨੇੜੇ ਦੋ ਮੋਟਰਸਾਈਕਲਾਂ ਦੀ ਹੋਈ ਟੱਕਰ ਵਿੱਚ ਇੱਕ ਮੋਟਰਸਾਈਕਲ 'ਤੇ ਸਵਾਰ ਪਿੰਡ ਝਬਾਲ ਦੇ ਰਹਿਣ ਵਾਲੇ ਵਿਅਕਤੀ ਦੇ ਗੰਭੀਰ ਜ਼ਖਮੀ ਹੋਣ ਤੇ ਉਸਦੀ ਪਤਨੀ ਦੀ ਮੌਤ ਹੋਣ ਬਾਰੇ ਪਤਾ ਲੱਗਾ ਹੈ।ਪ੍ਰਾਪਤ ਜਾਣਕਾਰੀ ਮੁਤਾਬਕ ਨਵਦੀਪ ਸਿੰਘ ਪੁੱਤਰ ਸ਼ਮਸ਼ੇਰ ਸਿੰਘ ਸੋਨੂੰ ਆਪਣੀ ਪਤਨੀ ਅੰਜੂ ਦੇ ਨਾਲ ਮੋਟਰਸਾਈਕਲ 'ਤੇ ਰਿਸ਼ਤੇਦਾਰਾਂ ਨੂੰ ਮਿਲ ਕੇ ਆਪਣੇ ਪਿੰਡ ਝਬਾਲ ਵਾਪਸ ਆ ਰਹੇ ਸਨ।ਰਸਤੇ ਵਿੱਚ ਗੱਗੋਬੂਹਾ ਨੇੜੇ ਸਾਹਮਣੋਂ ਆ ਰਹੇ ਇੱਕ ਹੋਰ ਮੋਟਰਸਾਈਕਲ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ, ਜਿਸ ਕਾਰਨ ਦੋਵੇਂ ਸੜਕ 'ਤੇ ਡਿੱਗ ਪਏ।ਇਸ ਦੌਰਾਨ ਪਿੱਛੋਂ ਆ ਰਹੀ ਇੱਕ ਤੇਜ਼ ਰਫ਼ਤਾਰ ਚਾਰ ਪਹੀਆ ਗੱਡੀ ਸੜਕ 'ਤੇ ਡਿੱਗੀ ਅੰਜੂ ਦੇ ਸਿਰ ਉੱਪਰੋਂ ਲੰਘ ਗਈ, ਜਿਸ ਨਾਲ ਅੰਜੂ ਦੀ ਮੌਕੇ 'ਤੇ ਹੀ ਮੌਤ ਹੋ ਗਈ।ਹਾਦਸੇ ਵਿੱਚ ਪਤੀ ਨਵਦੀਪ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਝਬਾਲ ਤੋਂ ਥਾਣੇਦਾਰ ਜਤਿੰਦਰ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ।ਪੁਲਸ ਨੇ ਮ੍ਰਿਤਕ ਅੰਜੂ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।



ਮ੍ਰਿਤਕ ਅੰਜੂ ਦੀ ਫਾਇਲ ਫੋਟੋ

# ਦਲਜੀਤ ਕੌਰ ਨੂੰ ਸੇਵਾਮੁਕਤੀ 'ਤੇ ਸਟਾਫ ਵੱਲੋਂ ਮਾਣ-ਸਨਮਾਨ

**ਤਰਨਤਾਰਨ (ਨ ਜ਼ ਸ)**-ਪਾਵਰਕਾਮ ਦੇ ਸਥਾਨਕ ਹਲਕਾ ਦਫਤਰ ਵਿਖੇ ਤਾਇਨਾਤ ਉੱਚ ਸ਼੍ਰੇਣੀ ਕਲਰਕ ਦਲਜੀਤ ਕੌਰ ਨੂੰ ਵਿਭਾਗ ਦੀਆਂ ਸੇਵਾਵਾਂ ਤੋਂ ਸੇਵਾ ਮੁਕਤ ਹੋ ਜਾਣ 'ਤੇ ਸਤਿਕਾਰ ਪੈਲੇਸ ਵਿੱਚ ਸ਼ਾਨਦਾਰ ਸਨਮਾਨ ਸਮਾਰੋਹ ਰੱਖ ਕੇ ਵਿਭਾਗ ਦੇ ਅਧਿਕਾਰੀਆਂ/ ਕਰਮਚਾਰੀਆਂ/ ਮੁਲਾਜ਼ਮ ਜਥੇਬੰਦੀਆਂ ਅਤੇ ਰਿਸ਼ਤੇਦਾਰਾਂ ਨੇ ਦਲਜੀਤ ਕੌਰ ਨੂੰ ਯਾਦਗਾਰੀ ਤੋਹਫ਼ੇ ਅਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ।ਇਸ ਸਮਾਗਮ ਵਿੱਚ ਡਿਪਟੀ ਚੀਫ ਇੰਜੀ: ਮੋਹਤਮ ਸਿੰਘ, ਵਧੀਕ ਨਿੰਗਰਾਨ ਇੰਜੀ: ਦਿਹਾਤੀ ਮੰਡਲ ਇੰਜੀ :ਹਰਪ੍ਰੀਤ ਸਿੰਘ, ਵਧੀਕ ਨਿੰਗਰਾਨ ਇੰਜੀ: ਸ਼ਹਿਰੀ ਮੰਡਲ ਇੰਜੀ: ਤਰਸੇਮ ਕੁਮਾਰ, ਵਧੀਕ ਨਿੰਗਰਾਨ ਇੰਜੀ: ਹੈੱਡਕੁਆਰਟਰ ਇੰਜੀ : ਹਰਕ੍ਰਿਸ਼ਨ ਸਿੰਘ, ਐੱਸਡੀਓ ਇੰਜੀ : ਕੁਲਵਿੰਦਰ ਸਿੰਘ ਬਾਗੜੀਆਂ, ਐੱਸਡੀਓ ਇੰਜੀ: ਬਲਜਿੰਦਰ ਸਿੰਘ, ਐੱਸਡੀਓ ਹਰਪ੍ਰੀਤ ਸਿੰਘ, ਹਲਕਾ ਸੁਪਰਡੈਂਟ ਕਵਲਜੀਤ ਕੌਰ, ਹਲਕਾ ਸਹਾਇਕ ਜਸਪ੍ਰੀਤ ਸਿੰਘ, ਮੰਡਲ ਸੁਪਰਡੈਂਟ ਰਾਧਾ ਸ਼ਰਮਾ, ਮੰਡਲ ਲੇਖਾਕਾਰ ਸਿਮਰਨਜੀਤ ਸਿੰਘ, ਮੰਡਲ ਲੇਖਾਕਾਰ ਗੀਤੂ ਗੁਪਤਾ, ਸਾਬਕਾ ਐੱਸਐੱਚਓ ਬਖਤਾਵਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਭਾਗ ਦੇ ਕਰਮਚਾਰੀਆਂ ਅਤੇ ਦਲਜੀਤ ਕੌਰ ਦੇ ਰਿਸ਼ਤੇਦਾਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਡਿਪਟੀ ਚੀਫ ਇੰਜੀ: ਮੋਹਤਮ ਸਿੰਘ, ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਸੂਬਾ ਆਗੂ ਗੁਰਭੇਜ ਸਿੰਘ ਢਿੱਲੋਂ ਅਤੇ ਐੱਸਡੀਓ ਕੁਲਵਿੰਦਰ ਸਿੰਘ ਨੇ ਦਲਜੀਤ ਕੌਰ ਵੱਲੋਂ ਵਿਭਾਗ ਵਿੱਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸੰਬੋਧਨ ਕਰਦੇ ਹੋਏ ਦਲਜੀਤ ਕੌਰ ਨੂੰ ਇਸ ਖੁਸ਼ੀ ਦੇ ਮੌਕੇ



ਮੁਬਾਰਕਬਾਦ ਦਿੰਦੇ ਹੋਏ ਵਿਭਾਗ ਵਿੱਚੋਂ ਹਰੇਕ ਮਹੀਨੇ ਵੱਡੇ ਪੱਧਰ ਤੇ ਹੋ ਰਹੀ ਰਿਟਾਇਰਮੈਂਟ ਕਰਕੇ ਖਾਲੀ ਹੋ ਰਹੀਆਂ ਹਜ਼ਾਰਾਂ ਅਸਾਮੀਆਂ 'ਤੇ ਰੈਗੂਲਰ ਭਰਤੀ ਕਰਨ ਦੀ ਪਾਵਰ ਮੈਨੇਜਮੈਂਟ ਕੋਲੋਂ ਜ਼ੋਰਦਾਰ ਮੰਗ ਕੀਤੀ ।ਇਸ ਮੌਕੇ ਸਟੇਜ ਦਾ ਸ਼ਚਾਲਨ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਸਰਕਲ ਆਗੂ ਰਾਕੇਸ਼ ਕੁਮਾਰ ਮਲਹੋਤਰਾ ਨੇ ਕੀਤਾ। ਸਮਾਗਮ ਦੇ ਅਖੀਰ 'ਤੇ ਦਲਜੀਤ ਕੌਰ ਦੇ ਬੇਟੇ ਇੰਜ. ਅਰਸ਼ਦੀਪ ਸਿੰਘ ਨੇ ਸਨਮਾਨ ਸਮਾਰੋਹ ਵਿੱਚ ਪਹੁੰਚਣ ਵਾਲੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਗੰਡੋਆ ਖਾਦ ਦੀ ਖੇਤੀ ਨੂੰ ਪ੍ਰਫੁੱਲਤ ਕਰਨ ਲਈ ਵਿਸ਼ੇਸ਼ ਕੈਂਪ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਖੇਤੀਬਾੜੀ ਵਿਭਾਗ ਪੰਜਾਬ ਵੱਲੋਂ ਗੰਡੋਆ ਖਾਦ ਦੀ ਖੇਤੀ ਨੂੰ ਪ੍ਰਫੁੱਲਤ ਵੱਲ ਵਿਸ਼ੇਸ਼ ਕੈਂਪ ਲਗਾਇਆ। ਇਹ ਕੈਂਪ ਡਾ. ਪਰਮਜੀਤ ਸਿੰਘ



ਸਹਾਇਕ ਡਾਇਰੈਕਟਰ ਬਾਗਬਾਨੀ ਰੋਪੜ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਬਲਾਕ ਸ੍ਰੀ ਚਮਕੌਰ ਸਾਹਿਬ ਵੱਲੋਂ ਗੰਡੋਆ ਖਾਦ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਕੈਂਪ ਬੀਬੀ ਸ਼ਰਨ ਕੌਲ ਖਾਲਸਾ ਕਾਲਜ ਵਿਖੇ ਲਗਾਇਆ ਗਿਆ। ਇਸ ਮੌਕੇ ਤੇ ਬਲਾਕ ਦੇ ਬਾਗਬਾਨੀ ਵਿਕਾਸ ਅਫਸਰ ਸ੍ਰੀ ਰਵੀਪਾਲ ਸਿੰਘ ਵੱਲੋਂ ਕਾਲਜ ਦੇ ਵਿਦਿਆਰਥੀਆਂ ਨੂੰ ਗੰਡੋਆ ਖਾਦ ਦੀ ਖੇਤੀ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ ਗਈ। ਉਹਨਾਂ ਵੱਲੋਂ ਦੱਸਿਆ ਗਿਆ ਕਿ ਬਾਗਬਾਨੀ ਵਿਭਾਗ ਇਸ ਖੇਤੀ ਨੂੰ ਉਤਸ਼ਾਹਿਤ ਕਰਨ ਦੇ ਲਈ ਉਚੇਚੇ ਯਤਨ ਕਰ ਰਿਹਾ ਹੈ। ਇਸ ਦੇ ਨਾਲ ਹੀ ਪੱਕਾ ਗੰਡੋਆ ਖਾਦ ਯੂਨਿਟ ਲਗਾਉਣ ਤੇ 50 ਹਜਾਰ ਰੁਪਏ ਦੀ ਸਬਸਿਡੀ ਵੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਉਨਾਂ ਵੱਲੋਂ ਕਾਲਜ ਵਿੱਚ ਵਰਮੀ ਬੈਡ ਬਤੌਰ ਡਿਮਾਂਨਸਟੇਸ਼ਨ ਲਗਾਏ ਗਏ ।ਇਸ ਮੌਕੇ ਤੇ ਅਵਤਾਰ ਸਿੰਘ, ਫੀਲਡ ਸਟਾਫ ਬਾਗਬਾਨੀ ਵਿਭਾਗ,ਕਾਲਜ ਦੇ ਪ੍ਰਿੰਸੀਪਲ ਅਤੇ ਕਾਲਜ ਦੇ ਬਾਕੀ ਅਧਿਆਪਕ ਡਾ. ਅੰਮ੍ਰਿਤ ਕੌਰ, ਡਾ. ਅਮਨ ਜੋਤ ਅਤੇ ਵੱਡੀ ਗਿਣਤੀ ਵਿੱਚ ਕਾਲਜ ਦੇ ਵਿਦਿਆਰਥੀ ਵੀ ਸ਼ਾਮਿਲ ਸਨ।

# ਦਸਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਕ ਵਿਖੇ ਸਾਲਾਨਾ ਅਰਦਾਸ ਦਿਵਸ ਸਮਾਗਮ ਆਯੋਜਿਤ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਦਸਮੇਸ਼ ਵਿਦਿਆਕ ਸੰਸਥਾਵਾਂ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਅਤੇ ਦਸਮੇਸ਼ ਕਾਲਜ ਫ਼ਾਰ ਵਿਮੈਨ, ਮਹਿਤਾ ਚੌਕ ਵਿਖੇ ਸਾਲਾਨਾ 'ਅਰਦਾਸ ਦਿਵਸ' ਸਮਾਗਮ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ।ਇਹ ਅਰਦਾਸ ਦਿਵਸ ਵਿਸ਼ੇਸ਼ ਤੌਰ ਤੇ ਜਮਾਤ ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰਵੀਂ ਦੇ ਬੋਰਡ ਇਮਤਿਹਾਨਾਂ ਵਿੱਚ ਬੈਠ ਰਹੇ ਵਿਦਿਆਰਥੀਆਂ ਦੇ ਬੋਰਡ ਅਤੇ ਸਾਲਾਨਾ ਪ੍ਰੀਖਿਆਵਾਂ ਵਿੱਚ ਬੈਠਣ ਮੌਕੇ ਪ੍ਰਮਾਤਮਾ ਦਾ ਓਟ-ਆਸਰਾ ਲੈਣ ਲਈ ਕਰਵਾਇਆ ਗਿਆ। ਸਮਾਗਮ ਦੀ ਅਗਵਾਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਸ: ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੀ ਗਈ।ਸਮਾਗਮ ਵਿੱਚ ਗਿਆਨੀ ਸਾਹਿਬ ਸਿੰਘ ਜੀ (ਦਮਦਮੀ ਟਕਸਾਲ) ਨੇ ਬੱਚਿਆਂ ਨੂੰ ਚੰਗੇ ਗੁਣਾਂ ਦੇ ਧਾਰਨੀ ਹੋਣ ਤੇ ਮਨ ਵਿੱਚ ਕਿਸੇ ਤਰ੍ਹਾਂ ਦਾ ਵੀ ਹੰਕਾਰ ਨਾ ਕਰਨ ਬਾਰੇ ਕਿਹਾ।ਉਨ੍ਹਾਂ ਨੇ ਬੱਚਿਆਂ ਨੂੰ ਧਾਰਮਿਕ ਅਤੇ ਅਧਿਆਤਮਕ ਵਿਦਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਇਸ ਤੋਂ ਬਾਅਦ ਸ੍ਰੀ ਸਹਿਜ ਪਾਠ ਕਰਨ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਧਾਮੀ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਐਡਵੋਕੇਟ ਸ: ਹਰਜਿੰਦਰ ਸਿੰਘ ਧਾਮੀ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਖੇਤਰ ਵਿੱਚ ਮਿਹਨਤ, ਅਨੁਸ਼ਾਸਨ ਅਤੇ ਧਰਮ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ ਅਤੇ ਕਿਹਾ ਕਿ ਅਸੀਂ ਆਤਮਿਕ ਮਜ਼ਬੂਤੀ ਅਤੇ ਲਗਨ ਨਾਲ ਜੀਵਨ ਦੇ ਹਰ ਖੇਤਰ ਵਿੱਚ ਸਫਲਤਾ ਹਾਸਲ ਕਰ ਸਕਦੇ ਹਾਂ ।ਉਨਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਵਿਦਿਆ ਦੇ ਨਾਲ ਨਾਲ ਸਾਨੂੰ ਗੁਰਬਾਣੀ ਦਾ ਜਾਪ ਵੀ ਕਰਨਾ ਚਾਹੀਦਾ ਹੈ।ਇਸ ਮੌਕੇ ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਐਡਵੋਕੇਟ ਸ: ਹਰਜਿੰਦਰ ਸਿੰਘ ਧਾਮੀ ਦਾ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਤੋਂ ਇਲਾਵਾ ਅਵਤਾਰ ਸਿੰਘ ਬੁੱਟਰ (ਮੈਂਬਰ ਚੀਫ਼ ਖ਼ਾਲਸਾ ਦੀਵਾਨ), ਸ: ਕੁਲਬੀਰ ਸਿੰਘ ਮਾਨ, ਪ੍ਰਿੰ: ਤੇਜਬੀਰ ਸਿੰਘ ਸੋਹਲ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਕੁਲਵੰਤ ਸਿੰਘ ਕੋਹਾੜ, ਮੈਡਮ ਗੁਰਬੀਰ ਕੌਰ, ਮੈਡਮ ਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਇਲਾਕਾ ਸੰਘਰਸ਼ ਕਮੇਟੀ ਦਾ ਡੈਪੂਟੇਸ਼ਨ ਗੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਵਿਧਾਇਕ ਨੂੰ ਮਿਲਿਆ

**ਨੰਗਲ (ਸੁਰਜੀਤ ਢੇਰ)**

ਸਥਾਨਕ ਵਿਧਾਇਕ ਦਿਨੇਸ਼ ਚੱਢਾ ਨੂੰ ਇਲਾਕਾ ਸੰਘਰਸ਼ ਕਮੇਟੀ ਦਾ ਇੱਕ ਡੈਪੂਟੇਸ਼ਨ ਪ੍ਰਧਾਨ ਹਰਦੇਵ ਸਿੰਘ ਦੀ ਪ੍ਰਧਾਨਗੀ ਹੇਠ ਮਿਲਿਆ। ਜਿਸ ਵਿੱਚ ਮੰਗ ਕੀਤੀ ਗਈ ਕਿ ਇਲਾਕੇ ਵਿੱਚ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਿਆ ਜਾਵੇ।ਇਸ ਮੌਕੇ 'ਤੇ ਡੈਪੂਟੇਸ਼ਨ ਵਿੱਚ ਸ਼ਾਮਿਲ ਟਿੱਕਾ ਜਯਵੀਰ ਚੰਦ ਭਲਾਣ, ਐਡਵੋਕੇਟ ਵਿਸ਼ਾਲ ਸੈਣੀ, ਸਾਬਕਾ ਸਰਪੰਚ ਰਘਵੀਰ ਸਿੰਘ ਬੇਲਾ, ਕਾਮਰੇਡ ਸੁਰਜੀਤ ਸਿੰਘ ਢੇਰ ਵੀ ਨਾਲ ਸਨ। ਮੰਗ ਪੱਤਰ ਗੈਰ ਕਾਨੂੰਨੀ ਮਾਈਨਿੰਗ ਰੋਕਣ ਲਈ ਵਿਧਾਇਕ ਨੂੰ ਦਿੱਤਾ ਗਿਆ। ਜਿਸ ਵਿੱਚ ਮੰਗ ਕੀਤੀ ਗਈ ਕਿ ਇਲਾਕੇ ਦੇ ਵਿੱਚ ਧੜੱਲੇ ਨਾਲ ਗੈਰ ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ ਜਿਸ ਨਾਲ ਇਲਾਕੇ ਨੂੰ ਬਹੁਤ ਵੱਡਾ ਨੁਕਸਾਨ ਹੋ ਰਿਹਾ ਹੈ, ਲੋਕਾਂ ਦੀਆਂ ਉਪਜਾਊ ਜ਼ਮੀਨਾ ਖਤਮ ਹੋ ਜਾਣਗੀਆਂ, ਕੁਦਰਤੀ ਵਾਤਾਵਰਨ ਤਬਾਹ ਹੋ ਜਾਵੇਗਾ। ਇਸ ਲਈ ਸਥਾਨਕ ਵਿਧਾਇਕ ਇਸ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਉਚਿਤ ਕਦਮ ਚੁੱਕੇ।ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਜੋ ਜਗ੍ਹਾ ਸਰਕਾਰ ਵੱਲੋਂ ਨਿਸ਼ਚਿਤ ਕੀਤੀ ਗਈ ਉੱਥੇ ਦਿਨਾਂ ਨੂੰ ਹੀ ਮਾਈਨਿੰਗ ਕੀਤੀ ਜਾਵੇ। ਕਾਨੂੰਨ ਮੁਤਾਬਿਕ ਮਾਈਨਿੰਗ ਹੋਵੇ ਤਾਂ ਉਸ ਨੂੰ ਕੋਈ ਵੀ ਰੋਕ ਨਹੀਂ ਸਕਦਾ। ਪਰ ਮਾਈਨਿੰਗ ਮਾਫੀਆ ਰਾਤ ਨੂੰ ਮਾਈਨਿੰਗ ਕਰਕੇ ਸਰਕਾਰ ਨੂੰ ਵੀ ਵੱਡੇ ਪੱਧਰ ਤੇ ਚੂਨਾ ਲਾ ਰਿਹਾ ਤੇ ਪਿੰਡਾਂ ਦੇ ਲੋਕਾਂ ਦਾ ਬਹੁਤ ਹੀ ਨੁਕਸਾਨ ਹੋ ਰਿਹਾ ਹੈ। ਇਸ ਮੌਕੇ ਤੇ ਵਿਧਾਇਕ ਨੇ ਡੈਪੂਟੇਸ਼ਨ ਨਾਲ ਲੰਬੀ ਗੱਲਬਾਤ ਕੀਤੀ ਅਤੇ ਭਰੋਸਾ ਦਿੱਤਾ ਕਿ ਉਹ ਪ੍ਰਸ਼ਾਸਨ ਨਾਲ ਸਲਾਹ ਮਸ਼ਵਰਾ ਕਰਕੇ ਇਸ ਮਾਈਨਿੰਗ ਨੂੰ ਰੋਕਣ ਲਈ ਆਪਣੇ ਯਤਨ ਜਾਰੀ ਰੱਖਣਗੇ। ਜਿਕਰ ਯੋਗ ਹੈ ਕਿ ਪਿਛਲੇ ਦਿਨੀ ਇਲਾਕਾ ਸੰਘਰਸ਼ ਕਮੇਟੀ ਨੇ ਇੱਕ ਮੀਟਿੰਗ ਕਰਕੇ ਰੋਪੜ ਜਿਲੇ ਦੇ ਤਿੰਨੇ ਵਿਧਾਇਕਾਂ ਨੂੰ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਸੀ। ਜਿਸ ਵਿੱਚ ਕੈਬਨਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਮੰਗ ਪੱਤਰ ਦਿੱਤਾ ਜਾ ਚੁੱਕਿਆ ਹੈ ਤੇ ਦਿਨੇਸ਼ ਚੱਢਾ ਵਿਧਾਇਕ ਨੂੰ ਮੰਗ ਪੱਤਰ ਦਿੱਤਾ ਗਿਆ। ਅਗਲੇ ਦਿਨਾਂ ਵਿੱਚ ਚਮਕੌਰ ਸਾਹਿਬ ਦੇ ਵਿਧਾਇਕ ਨੂੰ ਮੰਗ ਪੱਤਰ ਦਿੱਤਾ ਜਾਵੇਗਾ।



# 6 ਕਰੋੜ ਰੁਪਏ ਦੀ ਲਾਗਤ ਵਾਲੀ 7 ਕਿਲੋਮੀਟਰ ਲੰਬੀ ਤੇ 16 ਫੁੱਟ ਚੌੜੀ ਸੜਕ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ

**ਪਠਾਨਕੋਟ (ਦਵਿੰਦਰ ਸਿੰਘ)**

ਹਲਕਾ ਭੋਆ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆਂ ਪੰਜਾਬ ਸਰਕਾਰ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਲਗਭਗ 6 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕਰੀਬ 7 ਕਿਲੋਮੀਟਰ ਲੰਬੀ ਅਤੇ 16 ਫੁੱਟ ਚੌੜੀ ਸੜਕ ਦਾ ਨੀਂਹ ਪੱਥਰ ਰੱਖਿਆ।ਇਹ ਸੜਕ ਮਹਾਨ ਪੰਜਾਬੀ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਸਹੁਰੇ ਪਿੰਡ ਮੰਗਿਆਲ ਤੋਂ ਹੁੰਦੀ ਹੋਈ ਮੱਲਪੁਰ, ਜਸਵਾ, ਸ਼ੇਰ ਦਾ ਝੂਮਰ, ਕਤਾਨੀ ਤੋਂ ਸਿਹੋਰਾ ਕਲਾਂ ਤੱਕ ਬਣਾਈ ਜਾਵੇਗੀ ਅਤੇ ਇਸ ਨੂੰ ਉਨ੍ਹਾਂ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ ਹੈ।ਗੌਰਤਲਬ ਹੈ ਕਿ ਦੋ ਮਹੀਨੇ ਪਹਿਲਾਂ ਜ਼ਿਲ੍ਹਾ ਪਰੀਸ਼ਦ ਅਤੇ ਬਲਾਕ ਸਮਿਤੀ ਚੋਣਾਂ ਦੇ ਪ੍ਰਚਾਰ ਦੌਰਾਨ ਮੰਤਰੀ ਕਟਾਰੂਚੱਕ ਪਿੰਡ ਮੰਗਿਆਲ ਪਹੁੰਚੇ ਸਨ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਕਿਹਾ ਕਿ ਉਹ ਰਾਜਨੀਤੀ ਵਿੱਚ ਸਿਰਫ਼ ਵਾਅਦੇ ਕਰਨ ਵਿੱਚ ਨਹੀਂ, ਸਗੋਂ ਉਨ੍ਹਾਂ ਨੂੰ ਨਿਭਾਉਣ ਵਿੱਚ ਯਕੀਨ ਰੱਖਦੇ ਹਨ।ਉਨ੍ਹਾਂ ਕਿਹਾ ਕਿ ਇਹ ਸੜਕ ਨਾ ਸਿਰਫ਼ ਆਵਾਜਾਈ ਨੂੰ ਸੌਖਾਲਾ ਬਣਾਏਗੀ, ਸਗੋਂ ਸ਼ਿਵ ਕੁਮਾਰ ਬਟਾਲਵੀ ਦੀ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਕੰਮ ਵੀ ਕਰੇਗੀ।ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਨਾਲ ਆਸ-ਪਾਸ ਦੇ ਪਿੰਡਾਂ ਨੂੰ ਸਿੱਧਾ ਲਾਭ ਮਿਲੇਗਾ।ਕਿਸਾਨਾਂ, ਵਿਦਿਆਰਥੀਆਂ, ਬਜ਼ੁਰਗਾਂ ਅਤੇ ਵਪਾਰੀਆਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ, ਜਿਸ ਨਾਲ ਸਮਾਂ ਅਤੇ ਸਰੋਤ ਦੋਵਾਂ ਦੀ ਬੱਚਤ ਹੋਵੇਗੀ। ਬਰਸਾਤ ਦੇ ਮੌਸਮ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਤੋਂ ਵੀ ਲੋਕਾਂ ਨੂੰ ਰਾਹਤ ਮਿਲੇਗੀ।ਸਥਾਨਕ ਲੋਕਾਂ ਨੇ ਮੰਤਰੀ ਕਟਾਰੂਚੱਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਇਸ ਸੜਕ ਦੀ ਮੰਗ ਕੀਤੀ ਜਾ ਰਹੀ ਸੀ, ਜੋ ਹੁਣ ਪੂਰੀ ਹੋਣ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੜਕ ਦੇ ਨਿਰਮਾਣ ਨਾਲ ਇਲਾਕੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਆਰਥਿਕ ਗਤੀਵਿਧੀਆਂ ਨੂੰ ਵੀ ਬੜਾਵਾ ਮਿਲੇਗਾ।ਕਾਰਜਕ੍ਰਮ ਦੌਰਾਨ ਪਾਰਟੀ ਵਰਕਰ, ਪੰਚਾਇਤ ਪ੍ਰਤਿਨਿਧੀ, ਸਥਾਨਕ ਨੇਤਾ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਰਹੇ ਜਿਨ੍ਹਾਂ ਵਿੱਚ ਰਾਮ ਸਵਰੂਪ ਸਰਪੰਚ ਮੰਗਿਆਲ, ਕਾਕਾ, ਅਸ਼ਵਨੀ ਕੁਮਾਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਨਿਤਿਨ ਠਾਕੁਰ ਜ਼ਿਲ੍ਹਾ ਪਰਿਸ਼ਦ ਮੈਂਬਰ, ਮੰਜੂ ਦੇਵੀ ਬਲਾਕ ਸਮਿਤੀ ਮੈਂਬਰ, ਸੋਨਮ ਸਰਪੰਚ ਗੁਰੂ ਨਾਭਾ ਦਾਸ ਬਸਤੀ, ਸਰਪੰਚ ਬਬਲੀ ਦੇਵੀ ਪਿੰਡ ਚਕਰਾਲ, ਕਸ਼ਮੀਰ ਸਿੰਘ ਸਰਪੰਚ ਅਨੂਪ ਸ਼ਹਿਰ, ਸਰਪੰਚ ਕਰਨਜੀਤ, ਰਾਜਿੰਦਰ ਪਿੱਲਾ, ਸਰਪੰਚ ਨੀਲਮ ਧੁਪਸਰੀ, ਰਾਜ ਕੁਮਾਰ, ਸੋਮ ਰਾਜ ਆਦਿ ਸ਼ਾਮਲ ਸਨ।



# ਗੁਰੂ ਰਵਿਦਾਸ ਜਯੰਤੀ ਬੜੀ ਸ਼ਰਧਾ ਨਾਲ ਮਨਾਈ



**ਛੇਹਰਟਾ, (ਮਨੋਜ ਕੁਮਾਰ)**-ਗੁਰੂ ਰਵਿਦਾਸ ਜੀ ਮਹਾਰਾਜ ਦਾ 649ਵਾਂ ਜਨਮ ਦਿਹਾੜਾ ਸੰਤ ਨਗਰ, ਵੇਰਕਾ ਵਿਖੇ ਪ੍ਰਧਾਨ ਗੁਰਚਰਨ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਤੇ ਹਲਕਾ ਇੰਚਾਰਜ ਪੂਰਬੀ ਨਿਰਮਲ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ। ਡਾ. ਇੰਦਰ ਪਾਲ ਨੇ ਸੰਗਤ ਨੂੰ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤੇ ਉਪਦੇਸ਼ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੁਖਬੀਰ ਸਿੰਘ, ਸੁਖਵਿੰਦਰ ਸਿੰਘ, ਕਸ਼ਮੀਰੀ ਸਿੰਘ, ਮਾਸਟਰ ਸੁਰਜੀਤ ਸਿੰਘ, ਜਨਕ ਰਾਜ, ਕੁਲਵੰਤ ਸਿੰਘ ਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਝਬਾਲ ਵਿਖੇ ਗੁਦਾਮਾਂ ਦਾ ਲੈਂਟਰ ਪਾਇਆ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਸਿੱਖ ਧਰਮ ਦੇ ਪ੍ਰਸਿੱਧ ਪਵਿੱਤਰ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ (ਝਬਾਲ) ਵਿਖੇ ਸੰਗਤਾਂ ਦੀ ਨਿੱਤ ਵਧਦੀ ਆਮਦ ਨੂੰ ਵੇਖਦਿਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਬੰਧ ਵਿੱਚ ਵੱਡੇ ਵਿਸਥਾਰ ਕੀਤੇ ਜਾ ਰਹੇ ਹਨ।ਇਹ ਕਾਰਜ ਨਾ ਸਿਰਫ਼ ਸੰਗਤਾਂ ਦੀ ਸਹੂਲਤਾਂ ਲਈ ਹਨ ਬਲਕਿ ਗੁਰੂ ਸਾਹਿਬ ਦੇ ਸਿਧਾਂਤਾਂ ਅਨੁਸਾਰ ਸੇਵਾ, ਸੰਗਤ ਅਤੇ ਪੰਗਤ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਾਲੇ ਵੀ ਹਨ।ਇਨ੍ਹਾਂ ਕਾਰਜਾਂ ਦੀ ਜ਼ਿੰਮੇਵਾਰੀ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ, ਜਿਨ੍ਹਾਂ ਦੀ ਦੇਖਰੇਖ ਵਿੱਚ ਅਰਦਾਸ ਉਪਰੰਤ ਵੱਡੇ ਗੁਦਾਮਾਂ ਦਾ ਲੈਂਟਰ ਪਾਇਆ ਗਿਆ ਹੈ।ਇਹ ਗੁਦਾਮ ਗੁਰੂ ਘਰ ਵਿਖੇ ਲੰਗਰ ਅਤੇ ਕੜਾਹ ਪ੍ਰਸ਼ਾਦ ਲਈ ਵਰਤੀਆਂ ਜਾਣ ਵਾਲੀਆਂ ਰਸਦਾਂ ਨੂੰ ਸਟੋਰ ਕਰਨ ਲਈ ਤਿਆਰ ਕੀਤੇ ਜਾ ਰਹੇ ਹਨ,ਜੋ ਕਿ ਸੰਗਤਾਂ ਦੀ ਵਧਦੀ ਗਿਣਤੀ ਨੂੰ ਧਿਆਨ ਵਿੱਚ ਰੱਖ ਕੇ ਇੱਕ ਵੱਡੀ ਲੋੜ ਸੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਭੂਰੀ ਵਾਲਿਆਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ, ਗੁਰਦੁਆਰਾ ਸਾਹਿਬ ਵਿਖੇ ਮੀਰੀ-ਪੀਰੀ ਗੁਰਮਤਿ ਅੰਮ੍ਰਿਤ-ਸੰਚਾਰ ਹਾਲ ਦੀ ਉਸਾਰੀ, ਦਰਬਾਰ ਸਾਹਿਬ ਦੇ ਕੰਪਲੈਕਸ ਵਿੱਚ ਪੱਥਰ ਲਗਾਉਣ, ਕੜਾਹ ਪ੍ਰਸ਼ਾਦ ਦੇ ਕਾਊਂਟਰ ਅਤੇ ਸ਼ੈੱਡ ਤਿਆਰ ਕਰਨ ਅਤੇ ਲੰਗਰ ਹਾਲ ਦੀ ਮੁਕੰਮਲ ਰੈਨੋਵੇਸ਼ਨ ਵਰਗੇ ਕਾਰਜਾਂ ਨੂੰ ਮੁਕੰਮਲ ਕੀਤਾ ਗਿਆ ਹੈ।ਇਸ ਤੋਂ ਇਲਾਵਾ ਲੰਗਰ ਵਰਤਾਉਣ ਲਈ ਲੰਗਰ ਹਾਲ ਵਿੱਚ ਦਾਲ-ਸਬਜ਼ੀਆਂ ਵਾਲੇ ਟੱਬ-ਕੜਾਏ ਰੱਖਣ ਲਈ ਥੜੇ ਅਤੇ ਹੋਰ ਸਹੂਲਤਾਂ ਵੀ ਸ਼ਾਮਲ ਹਨ। ਅੱਜ ਰਸਦਾਂ ਦੀ ਵੱਡੇ ਪੱਧਰ ਤੇ ਸਟੋਰੇਜ ਲਈ ਗੁਦਾਮਾਂ ਦੇ ਲੈਂਟਰ ਪਾਏ ਗਏ ਹਨ।ਗੁਰਦੁਆਰਾ ਸਾਹਿਬ ਦੇ ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ ਨੇ ਕਿਹਾ ਕਿ ਰਸਦਾਂ ਦੀ ਸਟੋਰੇਜ ਲਈ ਗੁਦਾਮਾਂ ਦੀ ਉਸਾਰੀ ਸਮੇਂ ਦੀ ਵੱਡੀ ਲੋੜ ਸੀ ਅਤੇ ਸੰਤ ਮਹਾਂਪੁਰਖਾਂ ਵੱਲੋਂ ਦਿਨ ਰਾਤ ਸੇਵਾ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਬਾਬਾ ਜੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਤਨ,ਮਨ ਅਤੇ ਧਨ ਨਾਲ ਇਸ ਸੇਵਾ ਵਿੱਚ ਸਹਿਯੋਗ ਕਰਨ।



# ਸੇਂਟ ਕਬੀਰ ਸਕੂਲ 'ਚ 77ਵੇਂ ਗਣਤੰਤਰ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ

**ਧਾਰੀਵਾਲ, (ਮਨਦੀਪ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ-ਗੁਰਦਾਸਪੁਰ ਵਿਖੇ ਗਣਤੰਤਰ ਦਿਵਸ ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਅਗਵਾਈ ਹੇਠ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਦੀ ਸ਼ੁਰੂਆਤ ਅੱਠਵੀਂ ਤੇ ਬਾਰ੍ਹਵੀਂ



ਜਮਾਤ ਦੇ ਵਿਦਿਆਰਥੀਆਂ ਦੁਆਰਾ ਮਾਰਚ ਪਾਸ ਕਰਦਿਆਂ ਅਤੇ ਪ੍ਰਿੰਸੀਪਲ ਸਾਹਿਬ ਮੈਨੇਜਮੈਂਟ ਮੈਂਬਰ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਜੀ ਦਾ ਸਵਾਗਤ ਕਰਦਿਆਂ ਕੀਤੀ ਗਈ।ਪ੍ਰੋਗਰਾਮ ਨੂੰ ਅੱਗੇ ਤੋਰਦਿਆਂ ਹੋਇਆਂ ਨੌਵੀਂ ਜਮਾਤ ਦੀਆਂ ਵਿਦਿਆਰਥਣਾਂ ਸੁਖਮਨਪ੍ਰੀਤ ਕੌਰ, ਸੁਖਦੀਪ ਕੌਰ ਅਤੇ ਰਿਧੀਮਾ ਦੁਆਰਾ ਭਾਰਤੀ ਸੰਵਿਧਾਨ ਦੀ ਵਿਸ਼ਾਲਤਾ ਤੇ ਲਚਕਤਾ ਦੇ ਬਾਰੇ ਵਿਚਾਰ ਸਾਂਝੇ ਕੀਤੇ।ਇਸ ਉਪਰੰਤ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਦਰਸਾਉਂਦੇ ਹੋਏ ਗਰੁੱਪ ਗੀਤ ਅੱਠਵੀਂ ਅਤੇ ਨੌਵੀਂ ਜਮਾਤ ਦੀਆਂ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ।ਇਸ ਦੇ ਨਾਲ ਹੀ ਰੰਗਾ-ਰੰਗ ਪ੍ਰੋਗਰਾਮ ਨੂੰ ਲੜੀਵਾਰ ਅੱਗੇ ਵਧਾਉਂਦਿਆਂ ਹੋਇਆ ਸਕੂਲ ਦੇ ਵਿਦਿਆਰਥੀਆਂ ਨੇ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਝਲਕੀਆਂ ਨੂੰ ਬਹੁਤ ਹੀ ਖ਼ੂਬਸੂਰਤ ਅੰਦਾਜ਼ ਵਿੱਚ ਪੇਸ਼ ਕੀਤਾ।ਇਸ ਦੌਰਾਨ ਤੀਸਰੀ ਜਮਾਤ ਨੇ ਰਾਜਸਥਾਨ, ਚੌਥੀ ਨੇ ਛੱਤੀਸਗੜ੍ਹ, ਪੰਜਵੀਂ ਨੇ ਕੇਰਲਾ, ਛੇਵੀਂ ਨੇ ਜੰਮੂ ਅਤੇ ਕਸ਼ਮੀਰ, ਸੱਤਵੀਂ ਨੇ ਪੰਜਾਬ, ਅੱਠਵੀਂ ਜਮਾਤ ਨੇ ਮਹਾਰਾਸ਼ਟਰ ਅਤੇ ਨੌਵੀਂ ਜਮਾਤ ਨੇ ਹਿਮਾਚਲ ਪ੍ਰਦੇਸ਼ ਦੇ ਪ੍ਰਮੁੱਖ ਖਾਣ-ਪੀਣ, ਪਹਿਰਾਵੇ, ਰਾਜ ਚਿੰਨ੍ਹ,ਰਾਜ ਸਮਾਰਕ, ਰਾਜ ਲੋਕ-ਨਾਚ, ਲੋਕ ਪ੍ਰਸਿੱਧ ਖਿਡਾਰੀ, ਮੰਤਰੀ, ਨਾਇਕ, ਮਹਾਨ ਸ਼ਖ਼ਸੀਅਤਾਂ ਦੀ ਹੂ-ਬ-ਹੂ ਪੇਸ਼ਕਾਰੀ ਕਰਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਆਪਣੇ ਹੁਨਰ ਦਾ ਵੀ ਪ੍ਰਗਟਾਵਾ ਕੀਤਾ ।ਸਕੂਲ ਦੇ ਕੇ. ਜੀ. ਬਲਾਕ ਦੇ ਵਿਦਿਆਰਥੀਆਂ ਦੁਆਰਾ ਦੇਸ਼ ਭਗਤ ਸੈਨਾਨੀਆਂ ਦੀ ਭੂਮਿਕਾ ਨਿਭਾਅ ਕੇ ਇਨਕਲਾਬ-ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ।ਇਸ ਤੋਂ ਇਲਾਵਾ ਸਕੂਲ ਹਾਊਸ ਬੋਰਡਾਂ ਨੂੰ ਦੇਸ਼ ਭਗਤਾਂ ਤੇ ਰਾਸ਼ਟਰੀ ਝੰਡੇ ਦੀਆਂ ਤਸਵੀਰਾਂ ਲਗਾ ਕੇ ਸਜਾਇਆ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਦੁਆਰਾ ਸਾਰੇ ਭਾਗੀਦਾਰ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਸਮੁੱਚੇ ਸਕੂਲ ਨੂੰ ਹਮੇਸ਼ਾ ਆਪਣੇ ਦੇਸ਼ ਪ੍ਰਤੀ ਸਤਿਕਾਰ ਦੀ ਭਾਵਨਾ ਰੱਖਣ ਅਤੇ ਆਪਣੇ ਅਧਿਕਾਰਾਂ ਨੂੰ ਮਾਨਣ ਦੇ ਨਾਲ-ਨਾਲ ਕਰਤੱਵਾਂ ਨੂੰ ਪਾਲਣ ਕਰਨਾ ਦਾ ਪ੍ਰਣ ਵੀ ਕਰਵਾਇਆ।ਇਸ ਮੌਕੇ ਸਮੂਹ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

# ਸੇਖਵਾਂ ਵੱਲੋਂ ਬਸਰਾਵਾਂ ਤੇ ਠੱਕਰ ਸੰਧੂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਵਿੱਕੀ)**

ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਪਿੰਡ ਬਸਰਾਵਾਂ ਵਿਖੇ ਬਸਰਾਵਾਂ ਤੋਂ ਤੁਗਲਵਾਲ ਸੜਕ ਦੀ ਸਪੈਸ਼ਲ ਰਿਪੇਅਰ ਦਾ ਨੀਂਹ ਪੱਥਰ ਰੱਖਿਆ ਅਤੇ ਪਿੰਡ ਠੱਕਰ ਸੰਧੂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਆਵਾਜਾਈ ਸਹੂਲਤਾਂ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ, ਲਿੰਕ ਸੜਕ ਫਿਰਨੀ ਦੀ ਵਿਸ਼ੇਸ਼ ਮੁਰੰਮਤ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ, ਜਿਸ ਨਾਲ ਪਿੰਡ ਵਾਸੀਆਂ ਨੂੰ ਸੁਰੱਖਿਅਤ ਆਵਾਜਾਈ ਦੀ ਸਹੂਲਤ ਪ੍ਰਦਾਨ ਹੋਵੇਗੀ।ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਵਿਕਾਸ ਕੰਮ ਜਾਰੀ ਹਨ, ਜਿਸ ਲਈ ਕਾਦੀਆਂ ਹਲਕੇ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਪਿੰਡਾਂ ਵਿੱਚ ਸੜਕ ਬਣਾਉਣ ਦੇ ਕੰਮ ਕਰਵਾਏ ਗਏ ਹਨ ਅਤੇ ਵੱਖ-ਵੱਖ ਵਿਕਾਸ ਕਾਰਜ ਚੱਲ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦਾ ਨਵੀਨੀਕਰਨ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਸਟੇਡੀਅਮ ਬਣਾਉਣ, ਡੇਰਿਆਂ ਦੇ ਰਸਤੇ ਪੱਕੇ ਕਰਨ ਸਮੇਤ ਵੱਖ-ਵੱਖ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ। ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰ ਰਹੇ ਹਨ ਅਤੇ ਸਰਕਾਰ ਦੀਆਂ ਲੋਕ-ਪੱਖੀ ਸਕੀਮਾਂ ਦਾ ਲੋਕਾਂ ਤੱਕ ਲਾਭ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।



# ਧੂਮਧਾਮ ਨਾਲ ਮਨਾਇਆ ਹਰੀਕੇ ਵਾਈਲਡਲਾਈਫ ਸੈਂਚੁਰੀ ਵਿਖੇ ਵਿਸ਼ਵ ਵੈੱਟਲੈਂਡ ਦਿਵਸ

**ਪੱਟੀ (ਬਲਦੇਵ ਸਿੰਘ ਸੰਧੂ)**

ਜੰਗਲਾਤ ਵਿਭਾਗ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਹਰੀਕੇ ਵੱਲੋਂ ਹਰੀਕੇ ਵਾਈਲਡਲਾਈਫ ਸੈਂਚੁਰੀ ਵਿਖੇ ਵਿਸ਼ਵ ਵੈੱਟਲੈਂਡ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ ਡੀਐੱਫਓ ਹਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਫੋਰੈਸਟ ਰੇਂਜ ਅਫ਼ਸਰ ਕਮਲਜੀਤ ਸਿੰਘ ਦੀ ਸੁਚੱਜੀ ਨਿਗਰਾਨੀ ਹੇਠ ਸਪੰਨ ਹੋਇਆ।ਇਸ ਮੌਕੇ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦੇਣ ਲਈ ਸਰਕਾਰੀ ਸਕੂਲ ਹਰੀਕੇ, ਟ੍ਰਿਨਿਟੀ ਕਾਲਜ ਜਲੰਧਰ ਅਤੇ ਜ਼ਿਲ੍ਹਾ ਕਪੂਰਥਲਾ ਦੇ ਸਕੂਲਾਂ ਦੇ ਲਗਭਗ 200 ਵਿਦਿਆਰਥੀਆਂ ਅਤੇ ਪਹਿਲ ਦੇ 150 ਦੇ ਕਰੀਬ ਵਲੰਟੀਅਰਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੀਆਂ ਮੁੱਖ ਗਤੀਵਿਧੀਆਂ ਸਾਈਕਲ ਰੈਲੀ ਅਤੇ ਬਰਡ ਵਾਕ: ਦਿਨ ਦੀ ਸ਼ੁਰੂਆਤ ਸਵੇਰੇ ਸਾਈਕਲ ਰੈਲੀ ਨਾਲ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਨੂੰ ਬਰਡ ਵਾਕ 'ਤੇ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਹਰੀਕੇ ਦੇ ਪ੍ਰਵਾਸੀ ਪੰਛੀਆਂ ਨੂੰ ਨੇੜਿਓਂ ਦੇਖਿਆ।ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ।ਇਸ ਦੇ ਨਾਲ ਹੀ ਪੰਛੀਆਂ ਦੀ ਪਛਾਣ ਸਬੰਧੀ ਇੱਕ ਬਰਡ ਚੈੱਕਲਿਸਟ ਕੁਇਜ਼ ਵੀ ਰੱਖਿਆ ਗਿਆ।ਜਾਗਰੂਕਤਾ ਕੈਂਪ ਵਿਭਾਗ ਵੱਲੋਂ ਪਲਾਸਟਿਕ ਮੁਕਤ ਵਾਤਾਵਰਣ, ਜੰਗਲੀ ਜੀਵਾਂ ਦੀ ਰੱਖਿਆ ਅਤੇ ਪਾਣੀ ਦੀ ਬੱਚਤ ਬਾਰੇ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।ਇਨਾਮ ਵੰਡ ਅਤੇ ਸਨਮਾਨ ਸਮਾਗਮ ਦੇ ਅਖੀਰ ਵਿੱਚ ਵਿਭਾਗ ਵੱਲੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਮੁਕਾਬਲੇ ਵਿੱਚ ਸ਼ਾਨਦਾਰ ਕਲਾਕਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਬੈਸਟ ਪੇਂਟਿੰਗ ਐਵਾਰਡ ਦਿੱਤੇ ਗਏ।ਬਰਡ ਵਾਕ ਦੌਰਾਨ ਪੰਛੀਆਂ ਬਾਰੇ ਸਭ ਤੋਂ ਸਹੀ ਅਤੇ ਵਧੀਆ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਵਿਭਾਗ ਵੱਲੋਂ ਵਿਸ਼ੇਸ਼ ਪ੍ਰਸ਼ੰਸਾ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਵਿੱਚ ਹਿੱਸਾ ਲੈਣ ਵਾਲੇ ਸਮੂਹ ਵਿਦਿਆਰਥੀਆਂ, ਮਹਿਮਾਨਾਂ ਅਤੇ ਵਲੰਟੀਅਰਾਂ ਲਈ ਵਿਭਾਗ ਵੱਲੋਂ ਤਾਜ਼ਾ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ।ਰੇਂਜ ਅਫ਼ਸਰ ਕਮਲਜੀਤ ਸਿੰਘ ਨੇ ਦੱਸਿਆ ਕਿ ਅਜਿਹੇ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਹਰੀਕੇ ਵੈੱਟਲੈਂਡ ਦੀ ਅੰਤਰਰਾਸ਼ਟਰੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਕੁਦਰਤ ਦੇ ਰਖਵਾਲੇ ਬਣਾਉਣਾ ਹੈ।



ਨਵਾਂ ਜ਼ਮਾਨਾ
ਮੰਗਲਵਾਰ, 3 ਫਰਵਰੀ 2026

# ਕਾਰਪੋਰੇਟ ਨਾਲ ਲਿਹਾਜ਼, ਆਮ ਲੋਕਾਂ 'ਤੇ ਮਾਰ

*ਕੇਂਦਰੀ ਬਜਟ ਦੇ ਅੰਕੜੇ ਦੱਸਦੇ ਹਨ ਕਿ ਸਰਕਾਰ ਦੀ ਕੁੱਲ ਆਮਦਨ ਵਿੱਚ ਇਨਕਮ ਟੈਕਸ (ਨਿੱਜੀ ਟੈਕਸ) ਦੀ ਹਿੱਸੇਦਾਰੀ ਇੱਕ ਵਾਰ ਫਿਰ 21 ਫੀਸਦੀ ਹੋ ਗਈ ਹੈ, ਜੋ ਕਾਰਪੋਰੇਟ ਟੈਕਸ (18 ਫੀਸਦੀ) ਤੋਂ ਵੱਧ ਹੈ। ਇਹ ਪਿਛਲੇ ਇੱਕ ਦਹਾਕੇ ਦੇ ਉਸ ਰੁਝਾਨ ਨੂੰ ਦਰਸਾਉਂਦਾ ਹੈ, ਜਿਸ ਵਿੱਚ ਭਾਰਤ ਦੀ ਟੈਕਸ ਵਿਵਸਥਾ ਦਾ ਝੁਕਾਅ ਕਾਰਪੋਰੇਟਾਂ ਤੇ ਅਸਿੱਧੇ ਟੈਕਸਾਂ ਦੇ ਪੱਖ ਵਿੱਚ ਰਿਹਾ ਹੈ। ਸਾਲ 2019 ਵਿੱਚ ਸਰਕਾਰ ਨੇ ਕਾਰਪੋਰੇਟ ਟੈਕਸ ਦੀਆਂ ਦਰਾਂ ਵਿੱਚ ਕਟੌਤੀ ਕਰਦਿਆਂ ਮੌਜੂਦਾ ਘਰੇਲੂ ਕੰਪਨੀਆਂ ਲਈ ਇਸ ਨੂੰ 22 ਫੀਸਦੀ ਤੇ ਨਵੀਂਆਂ ਮੈਨਨੂੰਫੈਕਚਰਿੰਗ ਕੰਪਨੀਆਂ ਲਈ 15 ਫੀਸਦੀ ਕਰ ਦਿੱਤਾ ਸੀ। 2026-27 ਲਈ ਕਾਰਪੋਰੇਟ ਟੈਕਸ ਦਾ ਬਜਟ ਅਨੁਮਾਨ 12,31,000 ਕਰੋੜ ਰੁਪਏ ਹੈ, ਜਦਕਿ ਇਨਕਮ ਟੈਕਸ ਤੋਂ ਪ੍ਰਾਪਤੀ ਦਾ ਅਨੁਮਾਨ 14,66,000 ਕਰੋੜ ਰੁਪਏ ਰੱਖਿਆ ਗਿਆ ਹੈ। ਇਸ ਦੇ ਮੁਕਾਬਲੇ 2025-26 ਵਿੱਚ ਕਾਰਪੋਰੇਟ ਟੈਕਸ ਦਾ ਬਜਟ ਅਨੁਮਾਨ 10,82,000 ਕਰੋੜ ਰੁਪਏ ਸੀ, ਜਦਕਿ ਇਨਕਮ ਟੈਕਸ ਦਾ ਅਨੁਮਾਨ 14,38,000 ਕਰੋੜ ਰੁਪਏ ਰਿਹਾ। ਉਸੇ ਸਾਲ ਕਾਰਪੋਰੇਟ ਟੈਕਸ ਦਾ ਸੋਧਿਆ ਅਨੁਮਾਨ 11.09,000 ਕਰੋੜ ਰੁਪਏ ਤੇ ਇਨਕਮ ਟੈਕਸ ਦਾ 13,12,000 ਕਰੋੜ ਰੁਪਏ ਸੀ।*

*ਪੀ ਆਰ ਐੱਸ ਲੈਜਿਸਲੇਟਿਵ ਰਿਸਰਚ ਦੇ ਵਿਸ਼ਲੇਸ਼ਣ ਮੁਤਾਬਕ 2000-2001 ਤੋਂ 2023-24 ਤੱਕ ਕਾਰਪੋਰੇਟ ਟੈਕਸ ਵਿੱਚ ਔਸਤਨ 15 ਫੀਸਦੀ ਤੇ ਨਿੱਜੀ ਇਨਕਮ ਟੈਕਸ ਵਿੱਚ 16 ਫੀਸਦੀ ਦਾ ਸਾਲਾਨਾ ਵਾਧਾ ਹੋਇਆ। ਇਸ ਮਿਆਦ ਵਿੱਚ ਕੁੱਲ ਸਿੱਧੇ ਟੈਕਸਾਂ ਵਿੱਚ ਇਨਕਮ ਟੈਕਸ ਦਾ ਯੋਗਦਾਨ ਵਧਿਆ ਹੈ। ਸਾਲ 2023-24 ਵਿੱਚ ਇਹ ਕੁੱਲ ਸਿੱਧੇ ਟੈਕਸਾਂ ਦਾ 53 ਫੀਸਦੀ ਰਿਹਾ, ਜਿਹੜਾ 2000-2001 ਵਿੱਚ 47 ਫੀਸਦੀ ਸੀ।*

*2026-27 ਦੇ ਕੇਂਦਰੀ ਬਜਟ ਵਿੱਚ ਸਰਕਾਰ ਦੀ ਆਮਦਨ 'ਚ ਸਭ ਤੋਂ ਵੱਡਾ ਹਿੱਸਾ ਉਧਾਰ ਤੇ ਦੇਣਦਾਰੀਆਂ ਦਾ ਹੈ, ਜਿਹੜਾ 24 ਫੀਸਦੀ ਹੈ, ਜਦਕਿ ਉਸ ਤੋਂ ਬਾਅਦ ਇਨਕਮ ਟੈਕਸ (21 ਫੀਸਦੀ) ਦਾ ਨੰਬਰ ਆਉਂਦਾ ਹੈ। ਕਾਰਪੋਰੇਟ ਟੈਕਸ ਦਾ ਯੋਗਦਾਨ 18 ਫੀਸਦੀ, ਜੀ ਐੱਸ ਟੀ ਤੇ ਹੋਰਨਾਂ ਟੈਕਸਾਂ ਦਾ 15 ਫੀਸਦੀ, ਗੈਰ-ਟੈਕਸ ਮਾਲੀਆ 10 ਫੀਸਦੀ, ਐਕਸਾਈਜ਼ ਡਿਊਟੀ 6 ਫੀਸਦੀ, ਕਸਟਮਜ਼ ਡਿਊਟੀ 4 ਫੀਸਦੀ ਅਤੇ ਗੈਰ-ਕਰਜ਼ ਪੂੰਜੀਗਤ ਪ੍ਰਾਪਤੀਆਂ 2 ਫੀਸਦੀ ਹਨ। ਉਥੇ, ਸਰਕਾਰ ਦੇ ਖਰਚ ਦੀ ਸੰਰਚਨਾ ਵਿੱਚ ਰਾਜਾਂ ਦੀ ਟੈਕਸਾਂ 'ਚ ਹਿੱਸੇਦਾਰੀ (22 ਫੀਸਦੀ) ਸਭ ਤੋਂ ਵੱਧ ਹੈ। ਇਸ ਦੇ ਬਾਅਦ ਵਿਆਜ ਭੁਗਤਾਨ (20 ਫੀਸਦੀ), ਕੇਂਦਰੀ ਖੇਤਰ ਦੀਆਂ ਯੋਜਨਾਵਾਂ (17 ਫੀਸਦੀ), ਰੱਖਿਆ (11 ਫੀਸਦੀ), ਹੋਰ ਖਰਚ ਅਤੇ ਵਿੱਤ ਕਮਿਸ਼ਨ ਤੇ ਹੋਰ ਟਰਾਂਸਫਰ (ਦੋਨੋਂ 7 ਫੀਸਦੀ) ਅਤੇ ਪ੍ਰਮੁੱਖ ਸਬਸਿਡੀਆਂ (6 ਫੀਸਦੀ) ਸ਼ਾਮਲ ਹਨ।*

*ਪਿਛਲੇ ਇੱਕ ਦਹਾਕੇ ਵਿੱਚ ਭਾਰਤ ਦੀ ਟੈਕਸ ਵਿਵਸਥਾ ਨੇ ਕਾਰਪੋਰੇਟ ਤੇ ਅਸਿੱਧੇ ਟੈਕਸਾਂ ਨੂੰ ਤਰਜੀਹ ਦਿੱਤੀ ਹੈ। ਘਰੇਲੂ ਕੰਪਨੀਆਂ ਲਈ ਕਾਰਪੋਰੇਟ ਟੈਕਸ 30 ਫੀਸਦੀ ਤੋਂ ਘਟਾ ਕੇ 22 ਫੀਸਦੀ ਅਤੇ ਨਵੀਂਆਂ ਮੈਨੂਫੈਕਚਰਿੰਗ ਕੰਪਨੀਆਂ ਲਈ 15 ਫੀਸਦੀ ਕਰ ਦਿੱਤਾ ਗਿਆ, ਪਰ ਇਸ ਦੇ ਬਾਵਜੂਦ ਇਨ੍ਹਾਂ ਤੋਂ ਟੈਕਸ ਵਸੂਲੀ ਜੀ ਡੀ ਪੀ (ਕੁੱਲ ਘਰੇਲੂ ਪੈਦਾਵਾਰ) ਦੇ 3.5 ਫੀਸਦੀ ਤੋਂ ਘਟ ਕੇ 2.8 ਫੀਸਦੀ ਰਹਿ ਗਈ। ਦੂਜੇ ਪਾਸੇ, ਪਿਛਲੇ ਪੰਜ ਸਾਲਾਂ ਵਿੱਚ ਜੀ ਐੱਸ ਟੀ ਤੋਂ ਹੋਣ ਵਾਲੀ ਆਮਦਨ 4.4 ਲੱਖ ਕਰੋੜ ਰੁਪਏ ਤੋਂ ਵਧ ਕੇ 22.08 ਲੱਖ ਕਰੋੜ ਰੁਪਏ ਹੋ ਗਈ ਹੈ, ਜਿਸ ਵਿੱਚ ਸਾਲ-ਦਰ-ਸਾਲ 9.4 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਇਸ ਅਸੰਤੁਲਤ ਟੈਕਸ ਵਿਵਸਥਾ ਦੇ ਚਲਦਿਆਂ ਆਰਥਕ ਨਾਬਰਾਬਰੀ ਵਧੀ ਹੈ। ਭਾਰਤ ਇਸ ਵੇਲੇ ਦੁਨੀਆ ਦੇ ਸਭ ਤੋਂ ਵੱਧ ਨਾਬਰਾਬਰੀ ਵਾਲੇ ਦੇਸ਼ਾਂ ਵਿੱਚ ਸ਼ਾਮਲ ਹੈ। ਦੇਸ਼ ਦੀ ਕੁੱਲ ਆਮਦਨ ਦਾ ਲਗਭਗ 58 ਫੀਸਦੀ 10 ਫੀਸਦੀ ਲੋਕਾਂ ਕੋਲ ਜਾਂਦਾ ਹੈ, ਜਦਕਿ ਹੇਠਲੇ 50 ਫੀਸਦੀ ਲੋਕਾਂ ਨੂੰ ਸਿਰਫ 15 ਫੀਸਦੀ ਹੀ ਮਿਲਦਾ ਹੈ। ਸੰਪਤੀ ਦੀ ਨਾਬਰਾਬਰੀ ਇਸ ਤੋਂ ਕਿਤੇ ਵੱਧ ਹੈ। ਸਭ ਤੋਂ ਅਮੀਰ 10 ਫੀਸਦੀ ਕੋਲ ਕੁੱਲ ਸੰਪਤੀ ਦਾ ਲਗਭਗ 65 ਫੀਸਦੀ ਤੇ ਸਿਖਰਲੇ ਇੱਕ ਫੀਸਦੀ ਕੋਲ ਕਰੀਬ 40 ਫੀਸਦੀ ਹੈ।*

# ਚਾਰ ਲੇਬਰ ਕੋਡ ਮਜ਼ਦੂਰਾਂ ਲਈ ਨਹੀਂ ਹਨ

**ਮੂਲ : ਸੀ. ਸ਼੍ਰੀਕੁਮਾਰ ਕੌਮੀ ਸਕੱਤਰ ਏਟਕ**
**ਅਨੁਵਾਦ : ਐੱਮ ਐੱਸ ਭਾਟੀਆ**

21 ਨਵੰਬਰ 2025 ਨੂੰ ਭਾਰਤ ਸਰਕਾਰ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਉਹ ਚਾਰ ਮਜ਼ਦੂਰ-ਵਿਰੋਧੀ ਲੇਬਰ ਕੋਡ ਲਾਗੂ ਕਰ ਦਿੱਤੇ, ਜੋ 2019 ਅਤੇ 2020 ਵਿੱਚ ਸੰਸਦ ਵਿੱਚ ਪਾਸ ਕੀਤੇ ਗਏ ਸਨ।

ਇਹ ਚਾਰ ਲੇਬਰ ਕੋਡ ਹਨ:

ਵੇਤਨ ਕੋਡ 2019 (ਕੋਡ ਔਨ ਵੇਜਿਜ਼)

ਕੰਮਕਾਜੀ ਸੁਰੱਖਿਆ, ਸਿਹਤ ਅਤੇ ਕੰਮ ਦੀਆਂ ਸ਼ਰਤਾਂ ਕੋਡ 2020, (ਆਕੂਪੇਸ਼ਨਲ ਸੇਫਟੀ, ਹੈੱਲਥ ਐਂਡ ਵਰਕਿੰਗ ਕੰਡੀਸ਼ਨਜ ਕੋਡ-ਓ ਐੱਸ ਐੱਚ ਕੋਡ)

* ਸਮਾਜਿਕ ਸੁਰੱਖਿਆ ਕੋਡ 2020 (ਸੋਸ਼ਲ ਸਕਿਉਰਿਟੀ ਕੋਡ 2020)

* ਉਦਯੋਗਿਕ ਸੰਬੰਧ ਕੋਡ 2020 (ਇੰਡਸਟਰੀਅਲ ਰਿਲੇਸ਼ਨਜ਼- ਆਈ ਆਰ ਕੋਡ)

ਸਰਕਾਰ ਦਾ ਦਾਅਵਾ ਹੈ ਕਿ ਇਹ ਚਾਰ ਲੇਬਰ ਕੋਡ ਬਸਤੀਵਾਦੀ ਦੌਰ ਦੇ ਮਜ਼ਦੂਰਾਂ ਦੇ ਕਾਨੂੰਨਾਂ ਤੋਂ ਮੁਕਤੀ ਹਨ ।ਕਾਰਪੋਰੇਟ ਘਰਾਣਿਆਂ ਦੇ ਕਾਬੂ ਹੇਠ ਕੌਮੀ ਮੀਡੀਆ ਵੀ ਇਹ ਪ੍ਰਚਾਰ ਕਰ ਰਿਹਾ ਹੈ ਕਿ ਇਹ ਲੇਬਰ ਕੋਡ ਮਜ਼ਦੂਰ-ਹਿਤੈਸ਼ੀ ਹਨ । ਸਰਕਾਰ ਦੇ ਸਾਰੇ ਵਿਭਾਗਾਂ ਨੂੰ ਹੁਕਮ ਦਿੱਤੇ ਗਏ ਹਨ ਕਿ ਸੈਮੀਨਾਰ, ਵਰਕਸ਼ਾਪ ਆਦਿ ਕਰਵਾ ਕੇ ਇਹ ਪ੍ਰਚਾਰਿਆ ਜਾਵੇ ਕਿ ਸਰਕਾਰ ਨੇ ਮਜ਼ਦੂਰਾਂ ਦੇ ਹਿੱਤ ਵਿੱਚ ਲੇਬਰ ਕੋਡ ਪਾਸ ਕੀਤੇ ਹਨ ।ਪਰ ਜੇ ਇਹ ਸੱਚਮੁੱਚ ਮਜ਼ਦੂਰ-ਹਿਤੈਸ਼ੀ ਹੁੰਦੇ, ਤਾਂ ਕਾਰਪੋਰੇਟ ਘਰਾਣੇ ਅਤੇ ਮਾਲਕਾਂ ਦੀਆਂ ਸੰਸਥਾਵਾਂ ਇਨ੍ਹਾਂ ਦੀ ਖੁੱਲ੍ਹ ਕੇ ਤਾਰੀਫ਼ ਕਿਉਂ ਕਰਦੀਆਂ ?

ਦੇਸ਼ ਦੀਆਂ ਟਰੇਡ ਯੂਨੀਅਨਾਂ ਇਨ੍ਹਾਂ ਚਾਰ ਮਜ਼ਦੂਰ-ਵਿਰੋਧੀ ਲੇਬਰ ਕੋਡਾਂ ਦਾ ਵਿਰੋਧ ਇਸ ਲਈ ਕਰ ਰਹੀਆਂ ਹਨ, ਕਿਉਂਕਿ ਅਮਲ ਵਿੱਚ ਇਹ ਮਜ਼ਦੂਰਾਂ ਦੇ ਕਈ ਮੌਜੂਦਾ ਅਧਿਕਾਰ ਅਤੇ ਫ਼ਾਇਦੇ ਖੋਹ ਲੈਂਦੇ ਹਨ । ਜਦੋਂ ਇਹ ਪੂਰੀ ਤਰ੍ਹਾਂ ਲਾਗੂ ਹੋ ਜਾਣਗੇ, ਤਾਂ ਮਜ਼ਦੂਰ ਵਰਗ 'ਤੇ ਇਸ ਦੇ ਗੰਭੀਰ ਅਸਰ ਪੈਣਗੇ।ਇਨ੍ਹਾਂ ਲੇਬਰ ਕੋਡਾਂ ਦੇ ਅਸਰ ਨੂੰ ਨਿਰਪੱਖ ਤੌਰ 'ਤੇ ਸਮਝਣ ਲਈ ਕੰਮਕਾਜ ਦੀਆਂ ਸ਼ਰਤਾਂ, ਟਰੇਡ ਯੂਨੀਅਨ ਹੱਕ, ਹੜਤਾਲ ਦਾ ਅਧਿਕਾਰ, ਉਦਯੋਗਿਕ ਵਿਵਾਦ ਉਠਾਉਣ ਦਾ ਹੱਕ, ਸਮਾਜਿਕ ਸੁਰੱਖਿਆ, ਪੇਸ਼ਾਵਰ ਖ਼ਤਰੇ, ਨਿਗਰਾਨੀ ਮਸ਼ੀਨਰੀ ਦੀ ਕਮਜ਼ੋਰੀ, ਠੇਕਾ ਅਤੇ ਫਿਕਸਡ ਟਰਮ ਰੁਜ਼ਗਾਰ ਨੂੰ ਕਾਨੂੰਨੀ ਬਣਾਉਣਾ ਅਤੇ ਹੱਦਾਂ (ਥਰੈਸਹੋਲਡਜ਼) ਨੂੰ ਵਧਾਉਣਾ, ਇਨ੍ਹਾਂ ਸਭ ਪੱਖਾਂ ਦਾ ਅਧਿਐਨ ਕਰਨਾ ਲਾਜ਼ਮੀ ਹੈ।

ਅੰਕੜਾ ਅਤੇ ਪ੍ਰੋਗਰਾਮ ਲਾਗੂ ਕਰਨ ਵਾਲੇ ਮੰਤਰਾਲੇ (ਮਨਿਸਟਰੀ ਆਫ ਸਟੈਟਿਸਟਿਕਸ ਐਂਡ ਪ੍ਰੋਗਰਾਮ ਇੰਪਲੀਮੈਂਟੇਸ਼ਨ) ਵੱਲੋਂ ਜਾਰੀ ਕੀਤੇ ਗਏ ਸਾਲਾਨਾ ਉਦਯੋਗਿਕ ਸਰਵੇਖਣ ਅਨੁਸਾਰ, 43.2 ਫੀਸਦੀ ਫੈਕਟਰੀਆਂ 20 ਤੋਂ ਘੱਟ ਮਜ਼ਦੂਰ ਕੰਮ ਤੇ ਰੱਖਦੀਆਂ ਹਨ । ਹੁਣ ਇਹ ਸਾਰੇ ਮਜ਼ਦੂਰ ਕਿਸੇ ਵੀ ਮਜ਼ਦੂਰੀ ਕਾਨੂੰਨ ਦੀ ਸੁਰੱਖਿਆ ਤੋਂ ਵਾਂਝੇ ਰਹਿਣਗੇ । ਓ ਐਸ ਐਚ ਕੋਡ ਅਧੀਨ ਬਿਜਲੀ ਨਾਲ ਚੱਲਣ ਵਾਲੇ ਕਾਰਖਾਨਿਆਂ ਲਈ ਹੱਦ ਵਧਾ ਕੇ 20 ਕਰ ਦਿੱਤੀ ਗਈ ਹੈ ਅਤੇ ਬਿਨ੍ਹਾਂ ਬਿਜਲੀ ਵਾਲੇ ਕਾਰਖਾਨਿਆਂ ਲਈ ਵੀ 20 ਮਜ਼ਦੂਰ ਕਰ ਦਿੱਤੀ ਗਈ ਹੈ, ਜਦਕਿ ਫੈਕਟਰੀ ਐਕਟ 1948 ਹੇਠ ਇਹ ਹੱਦ ਬਿਜਲੀ ਵਾਲੀਆਂ ਇਕਾਈਆਂ ਲਈ 10 ਅਤੇ ਬਿਨਾਂ ਬਿਜਲੀ ਵਾਲੀਆਂ ਲਈ 20 ਸੀ।ਉਦਯੋਗਿਕ ਰੁਜ਼ਗਾਰ (ਇੰਡਸਟਰੀਅਲ ਇੰਪਲਾਇਮੈਂਟ ਸਟੈਂਡਿੰਗ ਆਰਡਰਜ਼) ਐਕਟ 1946 ਦਾ ਮਕਸਦ ਮਜ਼ਦੂਰਾਂ ਅਤੇ ਮੈਨੇਜਮੈਂਟ ਵਿਚਕਾਰ ਸੰਬੰਧਾਂ ਨੂੰ ਬਰਾਬਰੀ ਦੇ ਅਧਾਰ 'ਤੇ ਲਿਆਉਣਾ ਸੀ। ਇਸ ਐਕਟ ਅਧੀਨ 100 ਜਾਂ ਉਸ ਤੋਂ ਵੱਧ ਮਜ਼ਦੂਰਾਂ ਵਾਲੀਆਂ ਇਕਾਈਆਂ ਲਈ ਸੇਵਾ ਸ਼ਰਤਾਂ ਬਣਾਉਣਾ ਲਾਜਮੀ ਸੀ ਅਤੇ ਮਜ਼ਦੂਰਾਂ ਦੀ ਸੁਣਵਾਈ ਤੋਂ ਬਾਅਦ ਰਾਜ ਸਰਕਾਰ ਵੱਲੋਂ ਉਨ੍ਹਾਂ ਦੀ ਮਨਜ਼ੂਰੀ ਲੈਣੀ ਪੈਂਦੀ ਸੀ, ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਸੇਵਾ ਸ਼ਰਤਾਂ ਜਾਇਜ਼ ਹਨ, ਪਰ ਨਵਾਂ ਆਈ ਆਰ ਕੋਡ ਇਹ ਹੱਦ 100 ਤੋਂ ਵਧਾ ਕੇ 300 ਕਰ ਦਿੰਦਾ ਹੈ। ਇਸ ਦਾ ਮਤਲਬ ਹੈ ਕਿ 300 ਤੋਂ ਘੱਟ ਮਜ਼ਦੂਰਾਂ ਵਾਲੀਆਂ ਇਕਾਈਆਂ ਦੇ ਮਜ਼ਦੂਰ ਪੂਰੀ ਤਰ੍ਹਾਂ ਮਾਲਕਾਂ ਦੇ ਰਹਿਮ 'ਤੇ ਰਹਿ ਜਾਣਗੇ।

ਉਦਯੋਗਿਕ ਵਿਵਾਦ ਐਕਟ (ਇੰਡਸਟਰੀਅਲ ਡਿਸਪਿਊਟਸ ਐਕਟ) 1947 ਅਨੁਸਾਰ 100 ਜਾਂ ਉਸ ਤੋਂ ਵੱਧ ਮਜ਼ਦੂਰਾਂ ਵਾਲੀਆਂ ਇਕਾਈਆਂ ਵਿੱਚ ਛਾਂਟੀ, ਨੌਕਰੀ ਤੋਂ ਕੱਢਣ ਜਾਂ ਬੰਦ ਕਰਨ ਲਈ ਸਰਕਾਰੀ ਮਨਜ਼ੂਰੀ ਲਾਜ਼ਮੀ ਸੀ, ਕਿਉਂਕਿ ਇਸ ਨਾਲ ਮਜ਼ਦੂਰਾਂ ਦੀ ਰੋਜ਼ੀ-ਰੋਟੀ ਅਤੇ ਨੌਕਰੀ ਸੁਰੱਖਿਆ ਪ੍ਰਭਾਵਤ ਹੁੰਦੀ ਹੈ। ਨਵਾਂ ਆਈ ਆਰ ਕੋਡ ਇਹ ਹੱਦ 100 ਤੋਂ ਵਧਾ ਕੇ 300 ਕਰ ਦਿੰਦਾ ਹੈ।

ਹੁਣ 300 ਤੋਂ ਘੱਟ ਮਜ਼ਦੂਰਾਂ ਵਾਲੀਆਂ ਇਕਾਈਆਂ ਬਿਨਾਂ ਸਰਕਾਰੀ ਮਨਜ਼ੂਰੀ ਦੇ ਛਾਂਟੀ, ਨੌਕਰੀ ਤੋਂ ਕੱਢਣਾ ਜਾਂ ਬੰਦ ਕਰ ਸਕਦੀਆਂ ਹਨ। ਦੇਸ਼ ਦੀਆਂ 90 ਫੀਸਦੀ ਤੋਂ ਵੱਧ ਉਦਯੋਗਿਕ ਇਕਾਈਆਂ ਵਿੱਚ 300 ਤੋਂ ਘੱਟ ਪੱਕੇ ਮਜ਼ਦੂਰ ਹਨ, ਕਿਉਂਕਿ ਉੱਥੇ ਵੱਡੀ ਗਿਣਤੀ ਵਿੱਚ ਠੇਕਾ ਮਜ਼ਦੂਰ ਲਗਾ ਕਿ ਕੰਮ ਚਲਾਇਆ ਜਾਂਦਾ ਹੈ ।

1926 ਦਾ ਟਰੇਡ ਯੂਨੀਅਨ ਐਕਟ, ਜੋ ਬਰਤਾਨਵੀ ਸਰਕਾਰ ਨੇ ਬਣਾਇਆ ਸੀ, ਭਾਰਤੀ ਸੰਵਿਧਾਨ ਦੇ ਆਰਟੀਕਲ 19 ਹੇਠ ਦਿੱਤੇ ਟਰੇਡ ਯੂਨੀਅਨ ਬਣਾਉਣ ਦੇ ਅਧਿਕਾਰ ਨੂੰ ਮਜ਼ਬੂਤੀ ਦਿੰਦਾ ਸੀ। ਹੁਣ ਇਸ ਦੀ ਥਾਂ ਆਈ ਆਰ ਕੋਡ ਲਿਆਂਦਾ ਗਿਆ ਹੈ, ਜਿਸ ਵਿੱਚ ਕਈ ਖ਼ਤਰਨਾਕ ਧਾਰਾਵਾਂ ਹਨ।ਆਈ ਆਰ ਕੋਡ ਰਜਿਸਟਰਾਰ ਆਫ ਟਰੇਡ ਯੂਨੀਅਨਜ਼ ਨੂੰ ਇਹ ਅਸਧਾਰਨ ਅਧਿਕਾਰ ਦਿੰਦਾ ਹੈ ਕਿ ਉਹ ਕਿਸੇ ਜਾਣਕਾਰੀ ਦੇ ਆਧਾਰ 'ਤੇ ਜੋ ਉਸ ਨੂੰ ਮਿਲੀ ਹੈ ਅਤੇ ਜੋ ਕਥਿਤ ਤੌਰ 'ਤੇ ਆਈ ਆਰ ਕੋਡ ਦੀ ਉਲੰਘਣਾ ਕਰਦੀ ਹੈ, ਟਰੇਡ ਯੂਨੀਅਨ ਦੀ ਰਜਿਸਟ੍ਰੇਸ਼ਨ ਰੱਦ ਕਰ ਸਕਦਾ ਹੈ। ਇਸ ਨਾਲ ਰਜਿਸਟਰਾਰ ਆਫ ਟਰੇਡ ਯੂਨੀਅਨਜ਼ ਨੂੰ ਬੇਤਹਾਸ਼ਾ ਤਾਕਤ ਮਿਲ ਜਾਵੇਗੀ।

ਹੜਤਾਲ ਮਜ਼ਦੂਰ ਦੀ ਸਭ ਤੋਂ ਵੱਡੀ ਮੋਲ-ਤੋਲ ਤਾਕਤ ਹੁੰਦੀ ਹੈ, ਪਰ ਆਈ ਆਰ ਕੋਡ ਹੜਤਾਲ 'ਤੇ ਸਿੱਧਾ ਹਮਲਾ ਕਰਦਾ ਹੈ। ਹੁਣ ਹਰ ਹੜਤਾਲ ਲਈ 14 ਦਿਨ ਪਹਿਲਾਂ ਨੋਟਿਸ ਦੇਣਾ ਲਾਜ਼ਮੀ ਹੈ। ਨੋਟਿਸ ਦੇ ਨਾਲ ਹੀ ਸਲਾਹ-ਮਸ਼ਵਰਾ ਪ੍ਰਕਿਰਿਆ ਸ਼ੁਰੂ ਮੰਨੀ ਜਾਂਦੀ ਹੈ ਅਤੇ ਇਸ ਦੌਰਾਨ ਹੜਤਾਲ 'ਤੇ ਪਾਬੰਦੀ ਹੁੰਦੀ ਹੈ।

ਆਈ ਆਰ ਕੋਡ ਹੜਤਾਲ ਲਈ ਸਜ਼ਾ ਵੀ ਵਧਾ ਦਿੰਦਾ ਹੈ। ਪਹਿਲਾਂ ਸਿਰਫ਼ 50 ਰੁਪਏ ਜੁਰਮਾਨਾ ਜਾਂ ਇੱਕ ਮਹੀਨੇ ਦੀ ਕੈਦ ਸੀ, ਹੁਣ 1000 ਤੋਂ 10,000 ਰੁਪਏ ਤੱਕ ਜੁਰਮਾਨਾ ਜਾਂ ਕੈਦ ਜਾਂ ਦੋਵੇਂ ਹੋ ਸਕਦੇ ਹਨ । ਇਹ ਸਾਰਾ ਪ੍ਰਬੰਧ ਮਜ਼ਦੂਰਾਂ ਨੂੰ ਚੁੱਪ ਕਰਵਾਉਣ ਲਈ ਹੈ।

ਫੈਕਟਰੀ ਐਕਟ 1948 ਹੇਠ ਰਾਤ ਦੀ ਸ਼ਿਫਟ 'ਚ ਔਰਤਾਂ ਤੋਂ ਕੰਮ ਕਰਵਾਉਣਾ ਮਨ੍ਹਾਂ ਸੀ । ਨਵਾਂ ਓ ਐਸ ਐਚ ਕੋਡ ਇਸ ਨੂੰ ਮਨਜ਼ੂਰੀ ਦਿੰਦਾ ਹੈ ਅਤੇ ਇਸ ਨੂੰ ਔਰਤਾਂ ਦੀ ਆਜ਼ਾਦੀ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਪਰ ਅਸਲ ਵਿੱਚ ਔਰਤ ਮਜ਼ਦੂਰਾਂ 'ਤੇ ਦਬਾਅ ਹੋਵੇਗਾ ਅਤੇ ਸੁਰੱਖਿਆ ਦੀ ਕੋਈ ਗਾਰੰਟੀ ਨਹੀਂ ਹੈ ।

ਸੁਪਰੀਮ ਕੋਰਟ ਵੱਲੋਂ ਦਿੱਤੀ ਗਈ ਵਿਆਖਿਆ ਅਨੁਸਾਰ ਠੇਕਾ ਮਜ਼ਦੂਰੀ ਪ੍ਰਣਾਲੀ (ਕਾਂਟ੍ਰੈਕਟ ਲੇਬਰ ਸਿਸਟਮ) ਦਰਅਸਲ ਬੰਧੂਆ ਮਜ਼ਦੂਰੀ ਦਾ ਹੀ ਇੱਕ ਸੁਧਾਰਿਆ ਹੋਇਆ ਰੂਪ ਹੈ। ਮੌਜੂਦਾ ਠੇਕਾ ਮਜ਼ਦੂਰੀ (ਨਿਯਮਨ ਅਤੇ ਖ਼ਾਤਮਾ) ਕਾਨੂੰਨ, 1970 ਦੇ ਬਾਵਜੂਦ ਠੇਕੇ 'ਤੇ ਰੋਜ਼ਗਾਰ ਨਿੱਜੀ ਖੇਤਰ ਹੀ ਨਹੀਂ, ਸਗੋਂ ਸਰਕਾਰੀ ਅਤੇ ਜਨਤਕ ਖੇਤਰ ਵਿੱਚ ਵੀ ਲਗਾਤਾਰ ਵਧ ਰਿਹਾ ਹੈ ।

ਠੇਕਾ ਪ੍ਰਣਾਲੀ ਵਿੱਚ ਅਸੀਂ ਜੋ ਦੇਖ ਰਹੇ ਹਾਂ, ਉਹ ਹੈ—ਮੁੱਖ ਨਿਯੋਗਤਾ ਦੀ ਜਾਣਕਾਰੀ ਅਤੇ ਸਹਿਮਤੀ ਨਾਲ ਠੇਕੇਦਾਰ ਵੱਲੋਂ ਮਜ਼ਦੂਰਾਂ ਦੀ ਪੂਰੀ ਤਰ੍ਹਾਂ ਲੁੱਟ । ਇਸ ਵਿੱਚ ਅਨਪੜ੍ਹ, ਅਰਧ-ਕੁਸ਼ਲ ਅਤੇ ਕੁਸ਼ਲ ਕੰਮ ਲਈ ਕਾਨੂੰਨੀ ਨਿਊਨਤਮ ਮਜ਼ਦੂਰੀ ਨਾ ਦੇਣਾ, ਮਜ਼ਦੂਰੀ ਦੀ ਅਦਾਇਗੀ ਵਿੱਚ ਦੇਰੀ ਕਰਨਾ, ਈ ਪੀ ਐੱਫ ਅਤੇ ਈ ਐੱਸ ਆਈ ਦੀਆਂ ਯੋਗਦਾਨ ਰਕਮਾਂ ਜਮ੍ਹਾਂ ਨਾ ਕਰਵਾਉਣਾ ਆਦਿ ਸ਼ਾਮਲ ਹਨ ।

ਠੇਕਾ ਮਜ਼ਦੂਰੀ ਪ੍ਰਣਾਲੀ ਨੂੰ ਖ਼ਤਮ ਕਰਨ ਦੀ ਬਜਾਇ ਓ ਐੱਸ ਐੱਚ ਕੋਡ ਨੇ ਇਸ ਸੁਧਾਰੀ ਹੋਈ ਬੰਧੂਆ ਮਜ਼ਦੂਰੀ ਨੂੰ ਕਾਨੂੰਨੀ ਦਰਜਾ ਦੇ ਦਿੱਤਾ ਹੈ । ਇਸ ਕੋਡ ਨੇ ਮੁੱਖ ਗਤੀਵਿਧੀ ਦੀ ਪਰਿਭਾਸ਼ਾ ਨੂੰ ਹੀ ਬਦਲ ਦਿੱਤਾ ਹੈ । ਹੁਣ ਸਫ਼ਾਈ ਕਰਮਚਾਰੀ, ਪਹਿਰੇਦਾਰੀ ਅਤੇ ਸੁਰੱਖਿਆ ਸੇਵਾਵਾਂ, ਕੰਟੀਨ ਅਤੇ ਕੇਟਰਿੰਗ ਸੇਵਾਵਾਂ, ਲੋਡਿੰਗ-ਅਨਲੋਡਿੰਗ ਕੰਮ, ਹਾਊਸਕੀਪਿੰਗ ਅਤੇ ਲਾਂਡਰੀ ਸੇਵਾਵਾਂ, ਬਾਗਬਾਨੀ ਅਤੇ ਲਾਅਨ ਦੀ ਦੇਖਭਾਲ, ਆਵਾਜਾਈ ਅਤੇ ਐਂਬੂਲੈਂਸ ਸੇਵਾਵਾਂ, ਨਿਰਮਾਣ ਅਤੇ ਰੱਖ-ਰਖਾਅ ਦੇ ਕੰਮ—ਇਹ ਸਭ ਮੁੱਖ ਕੰਮ ਦੀ ਪਰਿਭਾਸ਼ਾ ਤੋਂ ਬਾਹਰ ਕਰ ਦਿੱਤੇ ਗਏ ਹਨ ।

ਇਸ ਦਾ ਨਤੀਜਾ ਇਹ ਹੈ ਕਿ ਉਪਰੋਕਤ ਕਿਸਮ ਦੇ ਕੰਮਾਂ ਵਿੱਚ ਜੇ ਕੋਈ ਮਜ਼ਦੂਰ ਸਾਲਾਂ ਤੱਕ ਵੀ ਕੰਮ ਕਰਦਾ ਰਹੇ, ਤਦ ਵੀ ਉਸ ਨੂੰ ਕਦੇ ਵੀ ਪੱਕਾ (ਰੈਗੂਲਰ) ਨਹੀਂ ਕੀਤਾ ਜਾਵੇਗਾ ।

ਮਾਣਯੋਗ ਸੁਪਰੀਮ ਕੋਰਟ ਦਾ 21.02.1978 ਦਾ ਪ੍ਰਸਿੱਧ ਫ਼ੈਸਲਾ—ਬੈਂਗਲੁਰੂ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ ਕੇਸ ਵਿੱਚ ਉਦਯੋਗ ਦੀ ਪਰਿਭਾਸ਼ਾ ਨਿਰਧਾਰਤ ਕਰਨ ਲਈ ਹੇਠ ਲਿਖੇ ਤਿੰਨ ਮਿਆਰੀ ਟੈਸਟ (ਟਰਿਪਲ ਟੈਸਟ) ਤੈਅ ਕੀਤੇ ਗਏ ਹਨ:

* ਸੰਸਥਾ ਵਿੱਚ ਕੋਈ ਨਿਰੰਤਰ ਅਤੇ ਪ੍ਰਣਾਲੀਬੱਧ ਗਤੀਵਿਧੀ ਹੋਣੀ ਚਾਹੀਦੀ ਹੈ।

*ਉਹ ਗਤੀਵਿਧੀ ਨਿਯੋਗਤਾ ਅਤੇ ਕਰਮਚਾਰੀਆਂ ਦੇ ਆਪਸੀ ਸਹਿਯੋਗ ਨਾਲ ਚਲਾਈ ਜਾ ਰਹੀ ਹੋਵੇ

(ਇਸ ਗੱਲ ਦਾ ਕੋਈ ਮਹੱਤਵ ਨਹੀਂ ਕਿ ਸਿੱਧਾ ਜਾਂ ਮੁੱਖ ਤੱਤ ਕਿਹੜਾ ਹੈ);

* ਉਹ ਗਤੀਵਿਧੀ ਵਸਤੂਆਂ ਜਾਂ ਸੇਵਾਵਾਂ ਦੀ ਉਤਪਾਦਨ ਅਤੇ ਜਾਂ ਵੰਡ ਵੱਲ ਕੇਂਦਰਤ ਹੋਵੇ, ਜੋ ਮਨੁੱਖੀ ਲੋੜਾਂ ਅਤੇ ਇੱਛਾਵਾਂ ਨੂੰ ਪੂਰਾ ਕਰਨ ਲਈ ਹੋਣ (ਧਾਰਮਿਕ ਜਾਂ ਆਤਮਿਕ ਨਹੀਂ, ਪਰ ਭੌਤਿਕ ਵਸਤੂਆਂ ਜਾਂ ਅਜਿਹੀਆਂ ਸੇਵਾਵਾਂ ਵੀ ਸ਼ਾਮਲ ਹਨ, ਜੋ ਧਾਰਮਿਕ ਉਦੇਸ਼ਾਂ ਲਈ ਵਰਤੀਆਂ ਜਾਣ, ਜਿਵੇਂ ਕਿ ਵੱਡੇ ਪੱਧਰ 'ਤੇ ਪ੍ਰਸ਼ਾਦ ਜਾਂ ਭੋਜਨ ਦੀ ਤਿਆਰੀ) ।

ਹਕੀਕਤ ਇਹ ਹੈ ਕਿ ਮੌਜੂਦਾ ਸਰਕਾਰ ਨੇ ਰੱਖਿਆ ਅਨੁਸੰਧਾਨ, ਐਟਾਮਿਕ ਊਰਜਾ ਅਤੇ ਅੰਤਰਿਕਸ਼ ਨਾਲ ਜੁੜੀਆਂ ਗਤੀਵਿਧੀਆਂ ਨੂੰ ਪੂਰੀ ਤਰ੍ਹਾਂ ਨਿੱਜੀਕਰਣ ਵੱਲ ਧੱਕ ਦਿੱਤਾ ਹੈ । ਜਦੋਂ ਸਭ ਕੁਝ ਨਿੱਜੀ ਹੱਥਾਂ ਵਿੱਚ ਦਿੱਤਾ ਜਾ ਚੁੱਕਾ ਹੈ, ਤਾਂ ਫਿਰ ਸਰਕਾਰ ਦੇ ਸਰਵਭੌਮ ਕੰਮ ਵਾਲੇ ਸ਼ਬਦ ਦੀ ਪਵਿੱਤਰਤਾ ਅਤੇ ਅਰਥ ਕੀ ਰਹਿ ਜਾਂਦਾ ਹੈ—ਇਹ ਸਮਝ ਤੋਂ ਬਾਹਰ ਹੈ।

ਅੰਤ ਵਿੱਚ ਇਹ ਸਾਫ਼ ਹੈ ਕਿ 29 ਮਜ਼ਦੂਰ ਕਾਨੂੰਨਾਂ ਨੂੰ ਰੱਦ ਕਰਕੇ ਮਜ਼ਦੂਰ-ਵਿਰੋਧੀ ਲੇਬਰ ਕੋਡ ਲਾਗੂ ਕਰਨ ਦੇ ਪਿੱਛੇ ਸਰਕਾਰ ਦਾ ਮਕਸਦ ਮਜ਼ਦੂਰਾਂ ਨੂੰ ਮੁੜ ਗੁਲਾਮੀ ਵੱਲ ਧੱਕਣਾ ਹੈ । ਲੇਬਰ ਮੰਤਰਾਲੇ ਵੱਲੋਂ ਘੋਸ਼ਿਤ ਨਵੀਂ ਲੇਬਰ ਨੀਤੀ ਇਸ ਦੀ ਪੂਰੀ ਤਰ੍ਹਾਂ ਪੁਸ਼ਟੀ ਕਰਦੀ ਹੈ।ਹੋਰ ਵੀ ਗੰਭੀਰ ਗੱਲ ਇਹ ਹੈ ਕਿ ਮਜ਼ਦੂਰ ਮੰਤਰਾਲਾ ਮਨੂਸਮ੍ਰਿਤੀ ਨੂੰ ਹਵਾਲੇ ਵਜੋਂ ਦਰਸਾ ਰਿਹਾ ਹੈ, ਉਹ ਗ੍ਰੰਥ ਜਿਸ ਨੇ ਵਰਣ ਪ੍ਰਣਾਲੀ ਨੂੰ ਜਾਇਜ਼ ਠਹਿਰਾਇਆ ਸੀ ਅਤੇ ਜਿਸ ਵਿੱਚ ਹੇਠ ਲਿਖੀਆਂ ਗੱਲਾਂ ਕਹੀਆਂ ਗਈਆਂ:

ਭਾਰਤੀ ਦ੍ਰਿਸ਼ਟੀਕੋਣ ਅਨੁਸਾਰ ਕੰਮ ਸਿਰਫ਼ ਰੋਜ਼ੀ-ਰੋਟੀ ਕਮਾਉਣ ਦਾ ਸਾਧਨ ਨਹੀਂ ਹੁੰਦਾ, ਸਗੋਂ ਇਹ ਧਰਮ (ਨਿਆਂਸੰਗਤ ਕਰਤੱਬ) ਦੇ ਵਿਸ਼ਾਲ ਸਮਾਜਿਕ ਕ੍ਰਮ ਵਿੱਚ ਆਪਣਾ ਯੋਗਦਾਨ ਪਾਉਂਦਾ ਹੈ। ਇਸ ਦ੍ਰਿਸ਼ਟੀ ਵਿੱਚ ਹਰ ਮਜ਼ਦੂਰ—ਚਾਹੇ ਉਹ ਕਾਰੀਗਰ ਹੋਵੇ, ਕਿਸਾਨ ਹੋਵੇ, ਅਧਿਆਪਕ ਹੋਵੇ ਜਾਂ ਉਦਯੋਗਿਕ ਮਜ਼ਦੂਰ—ਸਮਾਜਿਕ ਸਿਰਜਣਾ ਦੇ ਚੱਕਰ ਵਿੱਚ ਇੱਕ ਅਹਿਮ ਹਿੱਸੇਦਾਰ ਮੰਨਿਆ ਜਾਂਦਾ ਹੈ।ਇਸੇ ਵਿਚਾਰਧਾਰਾ ਨੂੰ ਮਨੂਸਮ੍ਰਿਤੀ, ਯਾਜ਼ਨਵਲਕਯਸਮ੍ਰਿਤੀ, ਨਾਰਦਸਮ੍ਰਿਤੀ, ਸ਼ੁਕ੍ਰਨੀਤੀ ਅਤੇ ਅਰਥ ਸ਼ਾਸਤਰ ਵਰਗੇ ਪ੍ਰਾਚੀਨ ਗ੍ਰੰਥਾਂ ਨੇ ਰਾਜ ਧਰਮ ਦੀ ਅਵਧਾਰਨਾ ਰਾਹੀਂ ਪ੍ਰਗਟ ਕੀਤਾ ਹੈ, ਜਿਸ ਵਿੱਚ ਸ਼ਾਸਕ ਦਾ ਫਰਜ਼ ਦੱਸਿਆ ਗਿਆ ਹੈ ਕਿ ਉਹ ਨਿਆਂ ਯਕੀਨੀ ਬਣਾਵੇ, ਇਨਸਾਫ਼ਯੋਗ ਮਜ਼ਦੂਰੀ ਤੈਅ ਕਰੇ ਅਤੇ ਮਜ਼ਦੂਰਾਂ ਨੂੰ ਸ਼ੋਸ਼ਣ ਤੋਂ ਬਚਾਏ।

ਸਰਕਾਰ ਵੱਲੋਂ ਐਲਾਨ ਕੀਤੀ ਗਈ ਇਸ ਪੱਛੜੀ ਅਤੇ ਪ੍ਰਤੀਗਾਮੀ ਲੇਬਰ ਨੀਤੀ ਦੇ ਖ਼ਿਲਾਫ਼ ਸਭ ਤੋਂ ਪਹਿਲਾਂ ਕੇਂਦਰੀ ਟਰੇਡ ਯੂਨੀਅਨ ਏਟਕ ਵੱਲੋਂ ਪ੍ਰਤੀਕਿਰਿਆ ਦਿੱਤੀ ਗਈ । ਇਸ ਤੋਂ ਬਾਅਦ ਦੇਸ਼ ਦੀਆਂ ਸਾਰੀਆਂ ਕੇਂਦਰੀ ਟਰੇਡ ਯੂਨੀਅਨਾਂ ਨੇ ਬਿਨਾਂ ਕਿਸੇ ਮੰਚ 'ਤੇ ਚਰਚਾ ਕੀਤੇ ਸਰਕਾਰ ਵੱਲੋਂ ਲਾਗੂ ਕੀਤੀ ਗਈ ਲੇਬਰ ਨੀਤੀ ਦੇ ਵਿਰੋਧ ਵਿੱਚ ਸਾਂਝੇ ਬਿਆਨ ਜਾਰੀ ਕੀਤੇ।

ਭਾਰਤੀ ਲੇਬਰ ਕਾਨਫਰੰਸ, ਜੋ ਕਿ ਹਰ ਸਾਲ ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਣੀ ਚਾਹੀਦੀ ਹੈ, ਪਿਛਲੇ ਦਸ ਸਾਲਾਂ ਤੋਂ ਵੱਧ ਸਮੇਂ ਤੋਂ ਇੱਕ ਵਾਰ ਵੀ ਨਹੀਂ ਹੋਈ ।ਬੀ ਐੱਮ ਐੱਸ ਤੋਂ ਇਲਾਵਾ ਦੇਸ਼ ਦੀਆਂ ਸਾਰੀਆਂ ਕੇਂਦਰੀ ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਮਜ਼ਦੂਰ-ਵਿਰੋਧੀ ਲੇਬਰ ਕੋਡਾਂ ਅਤੇ ਲੇਬਰ ਨੀਤੀਆਂ ਦੇ ਖ਼ਿਲਾਫ਼ ਲੜਾਈ ਦੀ ਤਿਆਰੀ ਕਰ ਰਹੀਆਂ ਹਨ । ਆਰ ਐੱਸ ਐੱਸ ਦੀ ਇਕ ਇਕਾਈ ਹੋਣ ਕਰਕੇ ਉਮੀਦ ਮੁਤਾਬਕ ਬੀ ਐੱਮ ਐੱਸ ਨੇ ਇਨ੍ਹਾਂ ਲੇਬਰ ਕੋਡਾਂ ਦਾ ਸਮਰਥਨ ਕੀਤਾ ਹੈ ।

ਜਦੋਂ ਲੇਬਰ ਕੋਡਾਂ ਕਾਰਨ ਨੌਕਰੀ ਦੀ ਸੁਰੱਖਿਆ ਖਤਮ ਕੀਤੀ ਜਾ ਰਹੀ ਹੋਵੇ, ਸਥਾਈ ਰੁਜ਼ਗਾਰ ਨਾ ਰਹਿੰਦਾ ਹੋਵੇ, ਹਾਇਰ ਐਂਡ ਫਾਇਰ ਦੀ ਨੀਤੀ ਲਾਗੂ ਕੀਤੀ ਜਾ ਰਹੀ ਹੋਵੇ, ਲੋਕਤੰਤਰਿਕ ਸੁਰੱਖਿਆ ਖਤਮ ਹੋ ਰਹੀ ਹੋਵੇ, ਟਰੇਡ ਯੂਨੀਅਨਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੋਵੇ, ਹੜਤਾਲਾਂ 'ਤੇ ਰੋਕ ਲੱਗ ਰਹੀ ਹੋਵੇ, ਉਦਯੋਗਾਂ ਵਿੱਚ ਸੁਰੱਖਿਆ ਨਿਯਮਾਂ ਨੂੰ ਢਿੱਲਾ ਕੀਤਾ ਜਾ ਰਿਹਾ ਹੋਵੇ, ਜੀਵਨ-ਯੋਗ ਮਜ਼ਦੂਰੀ ਨਾ ਮਿਲ ਰਹੀ ਹੋਵੇ ਅਤੇ ਫਿਕਸਡ ਟਰਮ ਅਤੇ ਠੇਕੇਦਾਰੀ ਨੌਕਰੀ ਨੂੰ ਸਧਾਰਨ ਬਣਾਇਆ ਜਾ ਰਿਹਾ ਹੋਵੇ, ਇਸ ਹਾਲਤ ਵਿੱਚ ਟਰੇਡ ਯੂਨੀਅਨਾਂ ਮੂਕ ਦਰਸ਼ਕ ਨਹੀਂ ਬਣ ਸਕਦੀਆਂ।

# ਸੰਪਰਕ : 99884-91002

# ਜੋਤਸ਼ੀ ਦੇ ਹੈਂਡ ਬਿੱਲ 'ਚ ਕੀਤੇ ਦਾਅਵਿਆਂ ਦੀ ਖੋਲ੍ਹੀ ਪੋਲ

**ਮਾਸਟਰ ਪਰਮ ਵੇਦ**

ਭੋਲੀ-ਭਾਲੀ ਜਨਤਾ ਨੂੰ ਲੁੱਟਣ ਵਾਲਿਆਂ ਦੀ ਇਸ ਦੇਸ਼ ਵਿੱਚ ਕੋਈ ਘਾਟ ਨਹੀਂ ।ਅਖੌਤੀ ਬਾਬੇ, ਤਾਂਤਰਿਕ, ਪਾਂਡੇ, ਜੋਤਸ਼ੀਆਂ, ਵਾਸਤੂ ਸ਼ਾਸਤਰੀਆਂ ਆਦਿ ਨੇ ਲੋਕਾਂ ਨੂੰ ਲੁੱਟਣ ਲਈ ਜਾਲ ਵਿਛਾਇਆ ਹੋਇਆ ਹੈ।ਇਹ ਆਪਣੀ ਲੁੱਟ ਨੂੰ ਤੇਜ਼ ਕਰਨ ਲਈ ਵਿਗਿਆਨਕ ਖੋਜਾਂ, ਟੀ ਵੀ ਚੈਨਲਾ, ਕੇਬਲਾਂ, ਕੰਪਿਊਟਰਾਂ, ਮੋਬਾਇਲਾਂ ਤੇ ਪ੍ਰਿੰਟ ਮੀਡੀਆ ਦੀ ਪੂਰੀ ਵਰਤੋਂ ਕਰ ਰਹੇ ਹਨ।

ਕਈ ਸਾਲ ਪਹਿਲਾਂ ਦੀ ਗੱਲ ਹੈ, ਅਸੀਂ ਤਰਕਸ਼ੀਲ ਸਾਥੀ ਸੰਗਰੂਰ ਵਿਖੇ ਇੱਕ ਮਰਗ 'ਤੇ ਇਕੱਠੇ ਸੀ, ਸੂਬਾ ਆਗੂ ਵੀ ਸਾਡੇ ਨਾਲ ਸਨ। ਉਸ ਸਮੇਂ ਕਈ ਜੋਤਸ਼ੀਆਂ ਨੇ ਲੀਫਲੈਟ ਵੰਡੇ ਹੋਏ ਸੀ ਤੇ ਉਨ੍ਹਾਂ ਦਾ ਕੇਬਲ ਟੀ ਵੀ 'ਤੇ ਪ੍ਰਚਾਰ ਚੱਲ ਰਿਹਾ ਸੀ ਕਿ ਇਹ ਲੋਕਾਂ ਦਾ ਬੀਤਿਆ ਸਮਾਂ,ਵਰਤਮਾਨ ਤੇ ਭਵਿੱਖ ਦੱਸਦੇ ਹਨ। ਉਪਰੋਕਤ ਦੱਸੀਆਂ ਸਾਰੀਆਂ ਸਮੱਸਿਆਵਾਂਫ, ਬੀਮਾਰੀਆਂ/ ਸੰਕਟਾਂ ਦਾ ਹੱਲ ਕਰਦੇ ਹਨ। ਸੋ ਅਸੀਂ ਇਕੱਠੇ ਹੋਏ ਸਾਥੀਆਂ ਸਲਾਹ ਕੀਤੀ ਕਿ ਜੋਤਸ਼ੀਆਂ ਦੇ ਦਾਅਵਿਆਂ ਦੀ ਅਸਲੀਅਤ ਲੋਕਾਂ ਸਾਹਮਣੇ ਲਿਆਂਦੀ ਜਾਵੇ। ਅਸੀਂ ਸਾਰੇ ਸਾਥੀ, ਜਿਨ੍ਹਾਂ ਵਿੱਚ ਲੈਕਚਰਾਰ ਕ੍ਰਿਸ਼ਨ ਸਿਘ, ਡਾਕਟਰ ਅਵਤਾਰ ਸਿੰਘ, ਜਸਵੀਰ ਸਿੰਘ, ਚਮਕੌਰ ਸਿੰਘ, ਸੰਤੋਸ਼ ਪਟਵਾਰੀ, ਸਵਰਨਜੀਤ ਸਿੰਘ, ਮਨਧੀਰ ਸਿੰਘ, ਰਜਿੰਦਰ ਭਦੌੜ ਤੇ ਮੇਰੇ (ਪਰਮਵੇਦ) ਸਮੇਤ ਸਾਰੇ ਇਕੱਠੇ ਹੋ ਕੇ ਕੌਲਾ ਪਾਰਕ ਦੇ ਸਾਹਮਣੇ ਇੱਕ ਜੋਤਸ਼ੀ ਦੀ ਦੁਕਾਨ ਦੇ ਸਾਹਮਣੇ ਇਕੱਠੇ ਹੋ ਗਏ। ਅਸੀਂ ਦੋ ਸਾਥੀਆਂ ਨੂੰ ਜੋਤਸ਼ੀ ਕੋਲ ਭੇਜਣ ਦਾ ਫੈਸਲਾ ਕੀਤਾ । ਪਹਿਲਾਂ ਇੱਕ ਕੁੜੀ ਦੇ ਪਿਤਾ ਪਟਵਾਰੀ ਨੂੰ ।ਉਸ ਨੂੰ ਸਾਰੀ ਗੱਲ ਸਮਝਾਈ ਗਈ ਕਿ ਕੀ ਕਹਿਣਾ, ਕੀ ਪੁੱਛਣਾ ਹੈ। ਉਹ ਉਪਰ ਜੋਤਸ਼ੀ ਕੋਲ ਗਿਆ, 50/-ਰੁਪਏ ਫੀਸ ਭਰੀ ਤੇ ਕਹਿੰਦਾ -ਜੋਤਸ਼ੀ ਜੀ, ਮੈਂ ਡਬਲ ਐਮ ਏ ਹਾਂ, ਵਧੀਆ ਨੰਬਰਾਂ ਨਾਲ ਪਾਸ ਕੀਤੀ ਹੈ, ਸਰਕਾਰੀ ਨੌਕਰੀ ਨਹੀਂ ਮਿਲ ਰਹੀ, ਜੰਤਰੀ ਦੇਖ ਕੇ ਦੱਸੋ ਕਿ ਮੇਰੀ ਕਿਸਮਤ ਵਿੱਚ ਸਰਕਾਰੀ ਨੌਕਰੀ ਹੈ, ਜੇ ਹੈ ਤਾਂ ਕਦੋਂ ਮਿਲੇਗੀ? ਜੋਤਸ਼ੀ ਨੇ ਪੱਤਰੀ ਦੇਖ ਕੇ ਕਿਹਾ-ਤੇਰੀ ਕਿਸਮਤ ਵਿੱਚ ਸਰਕਾਰੀ ਨੌਕਰੀ ਨਹੀਂ, ਪ੍ਰਾਈਵੇਟ ਨੌਕਰੀ ਕਰ ਲੈ । ਪੈਸੇ ਕਮਾਉਣ ਦਾ ਉਪਾਅ ਕਰ ਦੇਵਾਂਗੇ।ਪਟਵਾਰੀ ਨੇ ਜੋਤਸ਼ੀ ਤੋਂ ਦੂਜੀ ਪੁੱਛ ਰੱਖੀ, ਕਿਹਾ-ਮੇਰਾ ਵਿਆਹ ਹੋਏ ਨੂੰ ਚਾਰ ਸਾਲ ਹੋ ਗਏ ਹਨ, ਅਜੇ ਤੱਕ ਔਲਾਦ ਦੀ ਪ੍ਰਾਪਤੀ ਨਹੀਂ ਹੋਈ ।ਦੱਸੋ ਮੇਰੀ ਕਿਸਮਤ ਵਿੱਚ ਔਲਾਦ ਹੈ। ਜੋਤਸ਼ੀ ਨੇ ਕਿਹਾ-ਤੇਰੀ ਕਿਸਮਤ ਵਿੱਚ ਔਲਾਦ ਹੈ, ਪਹਿਲਾ ਬੱਚਾ ਲੜਕਾ ਹੋਵੇਗਾ।ਇਸ ਲਈ ਉਪਾਅ ਕਰਨਾ ਪਵੇਗਾ। ਖਰਚਾ ਪੁੱਛਣ 'ਤੇ ਜੋਤਸ਼ੀ ਨੇ 5000/- ਰੁਪਏ ਕਿਹਾ। ਇਸ ਤੋਂ ਬਾਅਦ ਪਟਵਾਰੀ ਵਾਪਸ ਸਾਡੇ ਕੋਲ ਆ ਗਏ ਤੇ ਸਾਰੀ ਰਿਪੋਰਟਿੰਗ ਕੀਤੀ। ਉਸ ਤੋਂ ਬਾਅਦ ਅਸੀਂ ਦੂਜਾ ਸਾਥੀ ਭੇਜਿਆ, ਜਿਹੜਾ ਅਣਵਿਆਹਿਆ ਸੀ।ਉਸ ਨੂੰ ਸਾਰੀ ਗੱਲ ਸਮਝਾ ਕੇ ਭੇਜਿਆ।ਉਸ ਨੇ ਵੀ ਦਾਖਲੇ ਦੀ ਪਰਚੀ ਫੀਸ ਦੇ 50/- ਰੁਪਏ ਦਿੱਤੇ ਤੇ ਜੋਤਸ਼ੀ ਨੂੰ ਆਪਣੀ ਸਮੱਸਿਆ ਦੱਸਦਿਆਂ ਕਿਹਾ ਕਿ ਮੈਂ 3 ਲੜਕੀਆਂ ਦਾ ਪਿਓ ਹਾਂ, ਦੱਸੋ ਮੇਰੀ ਕਿਸਮਤ ਵਿਚ ਲੜਕਾ ਹੈ? ਜੋਤਸ਼ੀ ਨੇ ਪੱਤਰੀ ਦੇਖ ਕੇ ਕਿਹਾ-ਚੌਥੀ ਔਲਾਦ ਲੜਕੇ ਦੇ ਰੂਪ ਵਿੱਚ ਹੋਵੇਗੀ, ਉਹ ਬਹੁਤ ਹੀ ਆਗਿਆਕਾਰੀ ਤੇ ਮਾਪਿਆਂ ਦਾ ਨਾਂਅ ਰੋਸ਼ਨ ਕਰਨ ਵਾਲਾ ਹੋਵੇਗਾ । ਉਪਾਅ ਕਰਵਾਉਣਾ ਪਵੇਗਾ। ਉਸ ਤੋਂ ਬਾਅਦ ਉਹ ਵੀ ਵਾਪਸ ਸਾਡੇ ਕੋਲ ਆ ਗਿਆ। ਅਸੀਂ ਦੋਨੋਂ ਸਾਥੀਆਂ ਦੀ ਗੱਲ ਸੁਣਨ ਤੋਂ ਬਾਅਦ ਜੋਤਸ਼ੀ ਕੋਲ ਗਏ।ਉਸ ਕੋਲ ਦੋ ਪੜ੍ਹੀਆਂ-ਲਿਖੀਆਂ ਔਰਤਾਂ ਬੈਠੀਆਂ ਸਨ। ਉਹ ਸਾਨੂੰ ਦੇਖ ਕੇ ਜਾਣ ਲੱਗੀਆਂ, ਸਾਡੀ ਬੇਨਤੀ 'ਤੇ ਉਹ ਰੁਕ ਗਈਆਂ। ਅਸੀਂ ਜੋਤਸ਼ੀ ਨੂੰ ਉਸ ਦਾ ਹੈਂਡ ਬਿੱਲ ਦਿਖਾਇਆ ਤੇ ਕਿਹਾ- ਤੁਸੀਂ ਲੋਕਾਂ ਦਾ ਵਰਤਮਾਨ, ਭੂਤਕਾਲ ਤੇ ਭਵਿੱਖ ਦੱਸਣ ਦਾ ਦਾਅਵਾ ਕੀਤਾ ਹੈ ਤੇ ਹਰ ਸਮੱਸਿਆ ਦੇ ਸਮਾਧਾਨ ਲਈ ਵੀ ਕਿਹਾ ਹੈ। ਸਭ ਤੋਂ ਪਹਿਲਾਂ ਇਹ ਪਟਵਾਰੀ ਤੁਹਾਡੇ ਕੋਲ ਆਇਆ, ਤੁਸੀਂ ਕਿਹਾ ਕਿ ਇਸ ਦੀ ਕਿਸਮਤ ਵਿੱਚ ਸਰਕਾਰੀ ਨੌਕਰੀ ਨਹੀਂ ਤੇ ਔਲਾਦ ਬਾਰੇ ਪੁੱਛਣ 'ਤੇ ਤੁਸੀਂ ਕਿਹਾ ਕਿ ਪਹਿਲੀ ਔਲਾਦ ਲੜਕਾ ਹੋਵੇਗਾ । ਚਮਕੌਰ ਸਿੰਘ ਨੂੰ ਸਾਹਮਣੇ ਕਰਦਿਆਂ ਕਿਹਾ ਕਿ ਇਹ ਵਿਅਕਤੀ ਵੀ ਤੁਹਾਡੇ ਕੋਲ ਆਇਆ ਸੀ, ਇਸ ਦੇ ਔਲਾਦ ਬਾਰੇ ਪੁੱਛਣ 'ਤੇ ਤੁਸੀਂ ਕਿਹਾ ਕਿ ਇਸ ਦੇ ਘਰੇ ਬਹੁਤ ਛੇਤੀ ਲੜਕਾ ਆਉਣ ਵਾਲਾ ਹੈ। ਜੋਤਸ਼ੀ ਤੋਂ ਹਾਂ ਭਰਵਾਉਣ ਤੋਂ ਬਾਅਦ ਅਸੀਂ ਕਿਹਾ-ਇਹ ਪਹਿਲਾ ਵਿਅਕਤੀ 4 ਸਾਲ ਤੋਂ ਸਰਕਾਰੀ ਨੌਕਰੀ ਵਿੱਚ ਹੈ ਤੇ ਇਸ ਦੇ ਘਰ ਪਹਿਲੀ ਲੜਕੀ ਪੈਦਾ ਹੋਈ ਹੈ।ਦੂਜਾ ਵਿਅਕਤੀ ਜਿਸ ਦੇ ਬਾਰੇ ਤੁਸੀ ਕਿਹਾ ਕਿ ਛੇਤੀ ਲੜਕਾ ਆਉਣ ਵਾਲਾ ਹੈ, ਇਸ ਦਾ ਤਾਂ ਅਜੇ ਵਿਆਹ ਵੀ ਨਹੀਂ ਹੋਇਆ । ਤੁਸੀਂ ਭਵਿੱਖ ਦੱਸਣ ਦਾ ਦਾਅਵਾ ਕਰਦੇ ਹੋ, ਪਰ ਇਥੇ ਤਾਂ ਕੁਝ ਵੀ ਸੱਚ ਨਹੀਂ। ਉਸ ਕਿਹਾ-ਤੁਹਾਨੂੰ ਪਤਾ ਹੈ, ਸਾਡੇ ਕੋਲ ਕੁਝ ਨਹੀਂ, ਮਸਾਲਾ ਲਾ ਕੇ ਗੱਲਾਂ ਰੱਖਣੀਆਂ ਪੈਂਦੀਆਂ ਹਨ । ਭਰਮਾਊ ਤੇ ਲਾਲਚ ਤੋਂ ਬਿਨਾਂ ਕੋਈ ਆਉਂਦਾ ਨਹੀਂ ।

ਅਸੀਂ ਕਿਹਾ-ਲੋਕਾਂ ਨੂੰ ਗੁੰਮਰਾਹ ਨਾ ਕਰੋ, ਝੂਠ ਨਾ ਬੋਲੋ, ਝੂਠਾ ਪ੍ਰਚਾਰ ਨਾ ਕਰੋ, ਵਿਗਿਆਨਕ ਖੋਜਾਂ ਦੀ ਦੁਰਵਰਤੋ ਕਰਕੇ ਲੋਕਾਂ ਨੂੰ ਭਰਮਾਓ ਨਾ । ਜੋਤਿਸ਼ ਦੀ ਗੱਲਾਂ, ਕੀਤੇ ਦਾਅਵਿਆਂ ਨੂੰ ਝੁਠਲਾ ਕੇ ਗੈਰ ਵਿਗਿਆਨਕ ਸਿੱਧ ਕਰਕੇ ਅਸੀਂ ਹੇਠਾਂ ਇਕੱਠੇ ਹੋਏ ਲੋਕਾਂ ਨੂੰ ਕਿਹਾ ਕਿ ਸਾਡਾ ਕਿਸੇ ਨਾਲ ਕੋਈ ਵੈਰ ਵਿਰੋਧ ਨਹੀਂ, ਵੈਰ-ਵਿਰੋਧ ਲੋਕਾਂ ਦੀ ਲੁੱਟ ਨਾਲ ਤੇ ਗੁੰਮਰਾਹ,ਭਰਮਾਊ ਪ੍ਰਚਾਰ ਨਾਲ ਹੈ, ਲੋਕਾਂ ਨਾਲ ਹੁੰਦੀ ਲੁੱਟ ਨਾਲ ਹੈ।ਰਜਿੰਦਰ ਭਦੌੜ ਨੇ ਲੋਕਾਂ ਨੂੰ ਜੋਤਸ਼ੀ ਦੇ ਦਾਅਵੇ ਵਾਲੇ ਹੈਂਡ ਬਿੱਲ ਲੋਕਾਂ ਨੂੰ ਦਿਖਾਉਂਦਿਆਂ ਕਿਹਾ-ਇਸ ਪਰਚੇ ਵਿੱਚ ਜੋਤਸ਼ੀ ਨੇ ਲੋਕਾਂ ਦਾ ਭੂਤ, ਵਰਤਮਾਨ ਤੇ ਭਵਿੱਖ ਦੱਸਣ ਦਾ ਦਾਅਵਾ ਕਰਦਿਆਂ ਹਰ ਸਮੱਸਿਆ, ਕੀਤੇ ਕਰਾਇਆ ਦਾ ਅਸਰ ਖਤਮ ਕਰਨ ਦਾ ਦਾਅਵਾ ਕੀਤਾ ਹੈ। ਅਸੀਂ ਇਹ ਦੋ ਸਾਥੀ ਇਸ ਕੋਲ ਭੇਜੇ ਸੀ, ਪਰਚੀ ਕਟਾਈ ਸੀ, ਜੋ ਪੁੱਛਿਆ ਸਭ ਗਲਤ ਦੱਸਿਆ ।

ਅਸੀਂ ਲੋਕਾਂ ਨੂੰ ਪੂਰੀ ਰਿਪੋਰਟਿੰਗ ਕੀਤੀ।ਅਸੀਂ ਕਿਹਾ ਜੋਤਿਸ਼ ਤੇ ਵਾਸਤੂ ਸ਼ਾਸਤਰ ਗੈਰ-ਵਿਗਿਆਨਕ ਹਨ, ਕਿਸੇ ਵੀ ਜੋਤਸ਼ੀ, ਅਖੌਤੀ ਸਿਆਣੇ, ਤਾਂਤਰਿਕ, ਚੌਂਕੀ ਲਾਉਣ ਵਾਲੇ ਆਦਿ ਕੋਲ ਕੋਈ ਗੈਬੀ ਸ਼ਕਤੀ ਨਹੀਂ, ਜਿਸ ਨਾਲ ਕਿਸੇ ਦਾ ਭਲਾ ਕਰ ਸਕਣ, ਸਭ ਭਰਮਾਊ ਗੱਲਾਂ ਹੁੰਦੀਆਂ ਹਨ ।ਆਪਣਾ ਸੋਚਣ ਢੰਗ ਵਿਗਿਆਨਕ ਬਣਾਓ, ਹਰ ਗੱਲ ਅਨੁਭਵ ਤੇ ਤਰਕ ਦੀ ਕਸੌਟੀ 'ਤੇ ਪਰਖ ਕੇ ਮੰਨੋ, ਲਾਈਲੱਗ ਨਾ ਬਣੋ। ਫ਼ਿਰ ਅਸੀਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਰੱਖੀਆਂ 23 ਸ਼ਰਤਾਂ ਬਾਰੇ ਵਿਸਥਾਰਪੂਰਵਕ ਇਕੱਠੇ ਹੋਏ ਲੋਕਾਂ ਨੂੰ ਦੱਸਦਿਆਂ ਕਿਹਾ ਕਿ ਉਪਰੋਕਤ ਸਾਰੀ ਕਿਸਮ ਦੇ ਧੰਦੇ ਕਰਨ ਵਾਲਿਆਂ ਨੂੰ ਪਿਛਲੇ ਕਈ ਸਾਲਾਂ ਤੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਖੁੱਲੀ ਚੁਣੌਤੀ ਦਿੱਤੀ ਹੋਈ ਹੈ ਕਿ ਉਹ ਆਪਣੀ ਗੈਬੀ ਸ਼ਕਤੀ ਨਾਲ ਸੁਸਾਇਟੀ ਦੀਆਂ ਰੱਖੀਆ 23 ਸ਼ਰਤਾਂ ਵਿੱਚੋਂ ਇਕ ਵੀ ਧੋਖਾ ਰਹਿਤ ਹਾਲਤਾਂ ਵਿੱਚ ਪੂਰੀ ਕਰ ਦੇਣ ਤਾਂ ਉਨ੍ਹਾਂ ਨੂੰ ਪੰਜ ਲੱਖ ਰੁਪਏ ਦਿੱਤੇ ਜਾਣਗੇ ਤੇ ਹੋਰ ਸੁਸਾਇਟੀਆਂ ਵੱਲੋਂ ਰੱਖੇ ਇਨਾਮਾਂ ਦੀ ਰਕਮ ਜੋੜ ਕੇ ਕਰੋੜਾਂ ਵਿੱਚ ਹੈ, ਪਰ ਅੱਜ ਤੱਕ ਕੋਈ ਵੀ ਇਹ ਸ਼ਰਤ ਨਹੀ ਜਿੱਤ ਸਕਿਆ ।ਅਸੀਂ ਲੋਕਾਂ ਨੂੰ ਇਨ੍ਹਾਂ ਅਖੌਤੀ ਸਿਆਣਿਆਂ, ਤਾਂਤਰਿਕਾਂ, ਜੋਤਸ਼ੀਆਂ ਦੇ ਭਰਮਾਂ ਦੇ ਮੱਕੜਜਾਲ ਵਿਚੋਂ ਨਿਕਲ ਕੇ ਵਿਗਿਆਨਕ ਸੋਚ ਦੇ ਉਜਾਲੇ ਵਿੱਚ ਆਉਣ ਦਾ ਸੁਨੇਹਾ ਦੇ ਕੇ ਆਪੋ-ਆਪਣੇ ਘਰਾਂ ਨੂੰ ਰਵਾਨਾ ਹੋਏ।

# ਸੰਪਰਕ : 94174-22349

# ਭਾਰਤ ਦਾ ਪਹਿਲਾ ਜੰਗੀ ਡਰੋਨ-ਕਾਲ ਭੈਰਵ


ਸੰਦੀਪ ਕੁਮਾਰ

ਭਾਰਤ ਨੇ ਰੱਖਿਆ ਤਕਨੀਕ ਦੇ ਖੇਤਰ ਵਿੱਚ ਇੱਕ ਨਵਾਂ ਅਤੇ ਇਤਿਹਾਸਕ ਮੀਲ ਪੱਥਰ ਸਥਾਪਤ ਕੀਤਾ ਹੈ। ਬੰਗਲੌਰ ਸਥਿਤ ਇੱਕ ਸਟਾਰਟਅਪ, ਫਲਾਇੰਗ ਵੈੱਜ ਡਿਫੈਂਸ ਐਂਡ ਏਰੋਸਪੇਸ (ਐੱਫ ਡਬਲਯੂ ਡੀ ਏ) ਨੇ ਭਾਰਤ ਦਾ ਪਹਿਲਾ ਸਵਦੇਸ਼ੀ ਮੀਡੀਅਮ ਐਲਟੀਚਿਊਡ ਲੌਂਗ ਇੰਡਿਊਰੈਂਸ ਜੰਗੀ ਡਰੋਨ 'ਕਾਲ ਭੈਰਵ' ਵਿਕਸਤ ਕਰਕੇ ਦੁਨੀਆ ਭਰ ਵਿੱਚ ਭਾਰਤ ਦੀ ਤਕਨੀਕੀ ਸਮਰੱਥਾ ਦਾ ਡੰਕਾ ਵਜਾਇਆ ਹੈ। ਸਿਰਫ਼ 1 ਕਰੋੜ ਡਾਲਰ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਇਹ ਡਰੋਨ ਅਮਰੀਕਾ ਦੇ ਮਸ਼ਹੂਰ ਐੱਮ ਕਿਊ -9 ਪ੍ਰੀਡੇਟਰ ਡਰੋਨ ਨਾਲੋਂ 10 ਗੁਣਾ ਸਸਤਾ ਹੈ, ਜੋ ਇਸ ਦੀ ਵਿਲੱਖਣਤਾ ਅਤੇ ਭਾਰਤ ਦੀ ਨਵੀਨਤਮ ਸਮਰੱਥਾ ਨੂੰ ਦਰਸਾਉਂਦਾ ਹੈ।

ਭਾਰਤ ਦੀ ਰੱਖਿਆ ਤਕਨੀਕ ਦੇ ਖੇਤਰ ਵਿੱਚ ਇਹ ਪ੍ਰਾਪਤੀ ਆਤਮ ਨਿਰਭਰ ਭਾਰਤ ਮੁਹਿੰਮ ਦਾ ਇੱਕ ਜੀਵੰਤ ਪ੍ਰਤੀਕ ਹੈ। ਸਰਕਾਰ ਦੀ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਸਵਦੇਸ਼ੀ ਤਕਨੀਕ ਨੂੰ ਉਤਸ਼ਾਹਤ ਕਰਨਾ ਅਤੇ ਵਿਦੇਸ਼ੀ ਰੱਖਿਆ ਪ੍ਰਣਾਲੀਆਂ 'ਤੇ ਨਿਰਭਰਤਾ ਨੂੰ ਘਟਾਉਣਾ ਹੈ। ਪਿਛਲੇ ਕੁਝ ਸਾਲਾਂ ਵਿੱਚ ਭਾਰਤ ਨੇ ਰੱਖਿਆ ਨਿਰਮਾਣ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਕਦਮ ਚੁੱਕੇ ਹਨ, ਜਿਨ੍ਹਾਂ ਵਿੱਚ ਸਵਦੇਸ਼ੀ ਜੰਗੀ ਜਹਾਜ਼, ਮਿਸਾਈਲ ਸਿਸਟਮ ਅਤੇ ਹੁਣ ਜੰਗੀ ਡਰੋਨ ਸ਼ਾਮਲ ਹਨ । ਕਾਲ ਭੈਰਵ ਦਾ ਵਿਕਾਸ ਇਸੇ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ, ਜੋ ਨਾ ਸਿਰਫ਼ ਭਾਰਤ ਦੀਆਂ ਸੁਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਦਾ ਹੈ, ਸਗੋਂ ਅੰਤਰਰਾਸ਼ਟਰੀ ਪੱਧਰ 'ਤੇ ਵੀ ਇਸ ਦੀ ਮੰਗ ਨੂੰ ਦਰਸਾਉਂਦਾ ਹੈ।

ਕਾਲ ਭੈਰਵ ਡਰੋਨ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਸ ਦੀ ਲਾਗਤ-ਪ੍ਰਭਾਵਸ਼ੀਲਤਾ ਹੈ। ਜਿੱਥੇ ਅਮਰੀਕਾ ਦਾ ਐੱਮ ਕਿਊ-9 ਪ੍ਰੀਡੇਟਰ ਡਰੋਨ ਅਤੇ ਇਜ਼ਰਾਈਲ ਦੇ ਸਰਚਰ ਜਿਹੇ ਡਰੋਨਾਂ ਦੀ ਲਾਗਤ ਕਈ ਗੁਣਾ ਵੱਧ ਹੈ, ਉੱਥੇ ਕਾਲ ਭੈਰਵ ਨੂੰ ਸਿਰਫ਼ 10 ਮਿਲੀਅਨ ਡਾਲਰ ਦੀ ਲਾਗਤ ਨਾਲ ਵਿਕਸਤ ਕੀਤਾ ਗਿਆ ਹੈ। ਇਹ ਨਾ ਸਿਰਫ਼ ਭਾਰਤ ਦੀ ਤਕਨੀਕੀ ਸਮਰੱਥਾ ਨੂੰ ਦਰਸਾਉਂਦਾ ਹੈ, ਸਗੋਂ ਇਹ ਵੀ ਸਾਬਤ ਕਰਦਾ ਹੈ ਕਿ ਭਾਰਤ ਘੱਟ ਲਾਗਤ ਵਿੱਚ ਉੱਚ ਗੁਣਵੱਤਾ ਵਾਲੀ ਰੱਖਿਆ ਤਕਨੀਕ ਵਿਕਸਤ ਕਰ ਸਕਦਾ ਹੈ। ਇਸ ਦੀ ਸਫਲਤਾ ਦਾ ਸਬੂਤ 30 ਮਿਲੀਅਨ ਡਾਲਰ ਦਾ ਨਿਰਯਾਤ ਸੌਦਾ ਹੈ, ਜੋ ਇੱਕ ਅਣਪਛਾਤੇ ਦੱਖਣੀ ਏਸ਼ੀਆਈ ਦੇਸ਼ ਨਾਲ ਸਾਈਨ ਕੀਤਾ ਗਿਆ ਹੈ। ਇਸ ਸੌਦੇ ਵਿੱਚ ਡਰੋਨ ਦੇ ਨਾਲ-ਨਾਲ ਮੇਨਟੀਨੈਂਸ, ਰਿਪੇਅਰ ਅਤੇ ਓਵਰਹਾਲ ਸੇਵਾਵਾਂ ਵੀ ਸ਼ਾਮਲ ਹਨ, ਜੋ ਇਸ ਦੀਆਂ ਵਪਾਰਕ ਸੰਭਾਵਨਾਂ ਨੂੰ ਹੋਰ ਮਜ਼ਬੂਤ ਕਰਦੀਆਂ ਹਨ।

ਕਾਲ ਭੈਰਵ ਨੂੰ ਬੰਗਲੌਰ ਦੇ ਇੱਕ ਸਮਾਗਮ ਵਿੱਚ ਅਧਿਕਾਰਤ ਤੌਰ 'ਤੇ ਲਾਂਚ ਕੀਤਾ ਗਿਆ, ਜੋ ਦਾ ਲਲਿਤ ਅਸ਼ੋਕ ਹੋਟਲ ਵਿਖੇ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਰੱਖਿਆ ਖੇਤਰ ਦੇ ਮਾਹਿਰਾਂ, ਸਰਕਾਰੀ ਅਧਿਕਾਰੀਆਂ ਅਤੇ ਉਦਯੋਗਿਕ ਨੇਤਾਵਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਇਸ ਪ੍ਰਾਪਤੀ ਨੂੰ ਭਾਰਤ ਦੀ ਰੱਖਿਆ ਨਿਰਮਾਣ ਸਮਰੱਥਾ ਦਾ ਇੱਕ ਮਹੱਤਵਪੂਰਨ ਪ੍ਰਦਰਸ਼ਨ ਮੰਨਿਆ । ਇਹ ਡਰੋਨ ਨਾ ਸਿਰਫ਼ ਭਾਰਤ ਦੀਆਂ ਸੁਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ, ਸਗੋਂ ਇਸ ਦੀਆਂ ਡਿਜ਼ਾਈਨ ਅਤੇ ਤਕਨੀਕੀ ਵਿਸ਼ੇਸ਼ਤਾਵਾਂ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਵੀ ਪੂਰਾ ਕਰਦੀਆਂ ਹਨ।

ਇਸ ਪ੍ਰੋਜੈਕਟ ਦੀ ਸਫਲਤਾ ਦਾ ਸਿਹਰਾ ਫਲਾਇੰਗ ਵੈੱਜ ਡਿਫੈਂਸ ਐਂਡ ਏਰੋਸਪੇਸ ਦੀ ਨੌਜਵਾਨ ਅਤੇ ਨਵੀਨਤਮ ਟੀਮ ਨੂੰ ਜਾਂਦਾ ਹੈ, ਜਿਸ ਨੇ ਸੀਮਤ ਸਰੋਤਾਂ ਦੇ ਬਾਵਜੂਦ ਇੱਕ ਅਜਿਹੀ ਤਕਨੀਕ ਵਿਕਸਤ ਕੀਤੀ, ਜੋ ਵਿਸ਼ਵ ਪੱਧਰ 'ਤੇ ਮੁਕਾਬਲਾ ਕਰ ਸਕਦੀ ਹੈ। ਇਸ ਸਟਾਰਟਅਪ ਨੇ ਨਾ ਸਿਰਫ਼ ਤਕਨੀਕੀ ਖੇਤਰ ਵਿੱਚ ਨਵੀਨਤਾ ਦੀ ਮਿਸਾਲ ਕਾਇਮ ਕੀਤੀ, ਸਗੋਂ ਭਾਰਤ ਦੀ ਸਟਾਰਟਅਪ ਈਕੋ ਸਿਸਟਮ ਦੀ ਸਮਰੱਥਾ ਨੂੰ ਵੀ ਸਾਬਤ ਕੀਤਾ । ਕਾਲ ਭੈਰਵ ਦੀ ਸਫਲਤਾ ਦਾ ਇੱਕ ਹੋਰ ਮਹੱਤਵਪੂਰਨ ਪਹਿਲੂ ਇਸ ਦੀ ਨਿਰਯਾਤ ਸੰਭਾਵਨਾ ਹੈ ਅਤੇ 30 ਮਿਲੀਅਨ ਡਾਲਰ ਦਾ ਸੌਦਾ ਇਸ ਗੱਲ ਦਾ ਸੰਕੇਤ ਹੈ ਕਿ ਭਾਰਤ ਦੀ ਸਵਦੇਸ਼ੀ ਰੱਖਿਆ ਤਕਨੀਕ ਨੂੰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਵੀ ਮਾਨਤਾ ਮਿਲ ਰਹੀ ਹੈ। ਇਹ ਸੌਦਾ ਸਿਰਫ਼ ਇੱਕ ਸ਼ੁਰੂਆਤ ਹੈ ਅਤੇ ਭਵਿੱਖ ਵਿੱਚ ਹੋਰ ਦੇਸ਼ਾਂ ਨਾਲ ਅਜਿਹੇ ਸੌਦੇ ਸੰਭਵ ਹਨ। ਇਹ ਨਾ ਸਿਰਫ਼ ਭਾਰਤ ਦੀ ਆਰਥਿਕਤਾ ਨੂੰ ਮਜ਼ਬੂਤ ਕਰੇਗਾ, ਸਗੋਂ ਭਾਰਤ ਨੂੰ ਰੱਖਿਆ ਉਪਕਰਣਾਂ ਦੇ ਨਿਰਯਾਤ ਵਿੱਚ ਇੱਕ ਮਹੱਤਵਪੂਰਨ ਖਿਡਾਰੀ ਵਜੋਂ ਸਥਾਪਤ ਕਰੇਗਾ।

ਇਸ ਡਰੋਨ ਦੀਆਂ ਤਕਨੀਕੀ ਵਿਸ਼ੇਸ਼ਤਾਵਾਂ ਵੀ ਧਿਆਨ ਦੇਣ ਯੋਗ ਹਨ। ਆਰਟੀਫਿਸ਼ੀਲ ਇੰਟੈਲੀਜੈਂਸ ਸੰਚਾਲਿਤ ਇਹ ਡਰੋਨ ਨਾ ਸਿਰਫ਼ ਨਿਗਰਾਨੀ ਅਤੇ ਖੁਫੀਆ ਜਾਣਕਾਰੀ ਇਕੱਠੀ ਕਰਨ ਵਿੱਚ ਸਮਰੱਥ ਹੈ, ਸਗੋਂ ਜੰਗੀ ਮਿਸ਼ਨਾਂ ਵਿੱਚ ਵੀ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਸਕਦਾ ਹੈ। ਇਸ ਦੀ 3,000 ਕਿਲੋਮੀਟਰ ਦੀ ਰੇਂਜ ਇਸ ਨੂੰ ਲੰਮੇ ਸਮੇਂ ਤੱਕ ਅਤੇ ਦੂਰ-ਦੁਰਾਡੇ ਦੇ ਮਿਸ਼ਨਾਂ ਲਈ ਢੁਕਵਾਂ ਬਣਾਉਂਦੀ ਹੈ । ਨਾਲ ਹੀ ਇਸ ਦੀ ਆਟੋਨੋਮਸ ਸਮਰੱਥਾ ਇਸ ਨੂੰ ਆਧੁਨਿਕ ਜੰਗ ਦੀਆਂ ਜ਼ਰੂਰਤਾਂ ਦੇ ਅਨੁਕੂਲ ਬਣਾਉਂਦੀ ਹੈ, ਜਿੱਥੇ ਤੇਜ਼ੀ ਅਤੇ ਸਟੀਕਤਾ ਦੀ ਮੰਗ ਵਧ ਰਹੀ ਹੈ । ਇਸ ਪ੍ਰਾਪਤੀ ਦਾ ਭਾਰਤ ਦੀ ਰੱਖਿਆ ਰਣਨੀਤੀ 'ਤੇ ਵੀ ਡੂੰਘਾ ਪ੍ਰਭਾਵ ਪਵੇਗਾ । ਪਿਛਲੇ ਕੁਝ ਸਾਲਾਂ ਵਿੱਚ ਭਾਰਤ ਨੇ ਵਿਦੇਸ਼ੀ ਰੱਖਿਆ ਉਪਕਰਣਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਦਿਖਾਈ ਹੈ । ਅਮਰੀਕਾ, ਰੂਸ ਅਤੇ ਇਜ਼ਰਾਈਲ ਵਰਗੇ ਦੇਸ਼ਾਂ ਤੋਂ ਮਹਿੰਗੇ ਡਰੋਨ ਅਤੇ ਹੋਰ ਸੁਰੱਖਿਆ ਪ੍ਰਣਾਲੀਆਂ ਦੀ ਖਰੀਦ ਨੇ ਭਾਰਤ ਦੇ ਰੱਖਿਆ ਬਜਟ 'ਤੇ ਕਾਫੀ ਦਬਾਅ ਪਾਇਆ ਹੈ। ਕਾਲ ਭੈਰਵ ਵਰਗੇ ਸਵਦੇਸ਼ੀ ਡਰੋਨ ਦਾ ਵਿਕਾਸ ਇਸ ਨਿਰਭਰਤਾ ਨੂੰ ਘਟਾਉਣ ਅਤੇ ਭਾਰਤ ਨੂੰ ਰਣਨੀਤਕ ਤੌਰ 'ਤੇ ਸੁਤੰਤਰ ਬਣਾਉਣ ਵਿੱਚ ਮਦਦ ਕਰੇਗਾ।

ਇਹ ਨਾ ਸਿਰਫ਼ ਭਾਰਤ ਦੀ ਸੁਰੱਖਿਆ ਸਮਰੱਥਾ ਨੂੰ ਮਜ਼ਬੂਤ ਕਰਦਾ ਹੈ, ਸਗੋਂ ਵਿਸ਼ਵ ਪੱਧਰ 'ਤੇ ਭਾਰਤ ਨੂੰ ਇੱਕ ਸੁਪਰ ਪਾਵਰ ਦੇ ਰੂਪ ਵਿੱਚ ਸਥਾਪਤ ਕਰਨ ਦੀ ਸੰਭਾਵਨਾ ਵੀ ਰੱਖਦਾ ਹੈ। ਇਸ ਦੀ ਸਫਲਤਾ ਨੇ ਸਾਬਤ ਕਰ ਦਿੱਤਾ ਹੈ ਕਿ ਭਾਰਤ ਸਿਰਫ਼ ਤਕਨੀਕੀ ਨਵੀਨਤਾ ਵਿੱਚ ਹੀ ਨਹੀਂ, ਸਗੋਂ ਵਿਸ਼ਵ ਬਾਜ਼ਾਰ ਵਿੱਚ ਮੁਕਾਬਲੇ ਦੀ ਸਮਰੱਥਾ ਵੀ ਰੱਖਦਾ ਹੈ। ਆਉਣ ਵਾਲੇ ਸਮੇਂ ਵਿੱਚ ਕਾਲ ਭੈਰਵ ਵਰਗੇ ਪ੍ਰੋਜੈਕਟਸ ਭਾਰਤ ਨੂੰ ਰੱਖਿਆ ਨਿਰਮਾਣ ਦੇ ਖੇਤਰ ਵਿੱਚ ਇੱਕ ਮੋਹਰੀ ਦੇਸ਼ ਵਜੋਂ ਸਥਾਪਤ ਕਰਨਗੇ।

# ਸੰਪਰਕ : 70098-07121

# ਸੁਖਾਨੰਦ ਕਤਲ ਕਾਂਡ ਦੇ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਸਮਾਲਸਰ ਥਾਣੇ ਅੱਗੇ ਧਰਨਾ

## ਐੱਸ ਐੱਚ ਓ ਨੇ ਕਾਰਵਾਈ ਦਾ ਦਿੱਤਾ ਭਰੋਸਾ, ਹਫਤੇ ਦਾ ਅਲਟੀਮੇਟਮ ਦੇ ਕੇ ਚੁੱਕਿਆ ਧਰਨਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਸੁਖਾਨੰਦ ਦੇ ਸਿਕੰਦਰ ਸਿੰਘ ਦੇ ਕਾਤਲਾਂ ਨੂੰ ਗ੍ਰਿਫਤਾਰ ਕਰਾਉਣ, ਮੁਕੱਦਮੇ ਵਿੱਚ ਆਈ ਪੀ ਸੀ ਦੀ ਧਾਰਾ 120ਬੀ ਅਨੁਸਾਰ ਕਾਰਵਾਈ, ਐੱਸ ਸੀ ਐੱਸ ਟੀ ਐਕਟ ਦਾ ਵਾਧਾ ਕਰਾਉਣ ਲਈ ਸਮਾਲਸਰ ਥਾਣੇ ਅੱਗੇ ਧਰਨਾ ਦਿੱਤਾ ਗਿਆ।ਧਰਨੇ ਵਿੱਚ ਐੱਸ ਐੱਚ ਓ ਨੇ ਆ ਕੇ ਭਰੋਸਾ ਦਿੱਤਾ ਕਿ ਰਹਿੰਦੇ ਦੋਸ਼ੀ ਜਲਦ ਗ੍ਰਿਫਤਾਰ ਕੀਤੇ ਜਾਣਗੇ ਨਹੀਂ ਤਾਂ ਉਨ੍ਹਾਂ ਨੂੰ ਭਗੌੜਾ ਕਰਾਰ ਦਿੱਤਾ ਜਾਵੇਗਾ ਤੇ ਬਾਕੀ ਮੰਗਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਧਰਨੇ ਵਿੱਚ ਪੁਲਸ ਪ੍ਰਸ਼ਾਸਨ ਨੂੰ ਇੱਕ ਹਫਤੇ ਦਾ ਅਲਟੀਮੇਟਮ ਦਿੱਤਾ ਗਿਆ।ਜੇਕਰ ਇਨਸਾਫ ਨਾ ਮਿਲਿਆ ਤਾਂ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਇਲਾਕਾ ਪ੍ਰਧਾਨ ਜਗਦੀਪ ਸਿੰਘ ਲੰਗੇਆਣਾ ਨੇ ਕਿਹਾ ਕਿ ਮੁਕੱਦਮੇ ਵਿੱਚ ਸ਼ਾਮਲ ਰਹਿੰਦੇ ਦੋਸ਼ੀਆਂ ਤੇ ਅਣਪਛਾਤੇ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਪੁਲਸ ਕੋਲ ਇੱਕੋ ਬਹਾਨਾ ਹੈ ਕਿ ਸਾਨੂੰ ਦੋਸ਼ੀ ਲੱਭ ਨਹੀਂ ਰਹੇ ਤਾਂ ਫੇਰ ਪੁਲਸ ਨੇ ਉਨ੍ਹਾਂ ਨੂੰ ਹਾਲੇ ਤੱਕ ਭਗੌੜੇ ਕਰਾਰ ਕਿਉਂ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਪੁਲਸ ਦੀ ਗ੍ਰਿਫਤ ਤੋਂ ਬਾਹਰ ਦੋਸ਼ੀ ਜਰਾਇਮ ਪੇਸ਼ਾ ਅਪਰਾਧੀ ਹਨ।ਉਨ੍ਹਾਂ ਦਾ ਮਾਰ ਧਾੜ, ਲੜਾਈਆਂ, ਕਤਲ ਕਰਨੇ ਕਿੱਤਾ ਹੈ।ਪੁਲਸ ਉਨ੍ਹਾਂ ਦੀ ਰਾਖੀ ਕਰ ਰਹੀ ਹੈ ਤੇ ਐੱਮ ਐੱਲ ਏ ਸੁਖਾਨੰਦ ਦੋਸ਼ੀਆਂ ਨੂੰ ਸ਼ਹਿ ਦੇ ਰਿਹਾ ਹੈ।

ਪਰਮਜੀਤ ਸਿੰਘ ਡੋਡ, ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਸੰਦੀਪ ਸਿੰਘ ਸ਼ਨੀ ਨੇ ਕਿਹਾ ਕਿ ਇਹ ਸੰਘਰਸ਼ ਦੀ ਸ਼ੁਰੂਆਤ ਹੈ, ਇੱਕ ਹਫਤੇ ਵਿੱਚ ਜੇਕਰ ਇਨਸਾਫ ਨਾ ਮਿਲਿਆ ਤਾਂ ਸੰਘਰਸ਼ ਅੱਗੇ ਤੋਰਿਆ ਜਾਵੇਗਾ, ਇਸ ਦੇ ਲਈ ਮੀਟਿੰਗ ਕਰਕੇ ਫੈਸਲਾ ਕੀਤਾ ਜਾਵੇਗਾ।ਅੱਜ ਦੇ ਧਰਨੇ ਵਿੱਚ ਸੁਖਾਨੰਦ ਤੋਂ ਬਿਨਾਂ ਵੱਖ ਵੱਖ ਪਿੰਡਾਂ ਤੋਂ ਲੋਕ ਪਹੁੰਚੇ।

ਉਕਤ ਤੋਂ ਇਲਾਵਾ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਚਮਕੌਰ ਸਿੰਘ ਰੋਡੇ, ਯੂਥ ਵਿੰਗ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਬਲਕਰਨ ਸਿੰਘ ਵੈਰੋਕੇ, ਨੌਜਵਾਨ ਭਾਰਤ ਸਭਾ ਦੇ ਇਲਾਕਾ ਵਿੱਤ ਸਕੱਤਰ ਨਿਰਮਲ ਸਿੰਘ ਸੇਖਾ, ਸੁਰਜੀਤ ਸਿੰਘ, ਤਰਸੇਮ ਸਿੰਘ, ਸੁਰਜੀਤ ਸਿੰਘ, ਪੰਚਾਇਤ ਮੈਂਬਰ ਬੱਬੀ ਢਿੱਲੋਂ, ਕਮਲਜੀਤ ਸਿੰਘ, ਦੀਪਾ, ਗੁਰਪ੍ਰੀਤ ਸਿੰਘ ਸਮਾਲਸਰ, ਅਕਾਸ਼ਦੀਪ ਸਿੰਘ, ਚਰਨਾ ਸੇਖਾ, ਅਕਾਸ਼ ਰੋਡੇ, ਗੁਰਪ੍ਰੀਤ ਸਿੰਘ ਰੋਡੇ, ਬਲਜੀਤ ਸਿੰਘ ਆਦਿ ਨੇ ਸੰਬੋਧਨ ਕੀਤਾ।ਨੌਜਵਾਨ ਭਾਰਤ ਸਰਕਾਰ ਸਭਾ ਦੇ ਆਗੂ ਸਾਧੂ ਸਿੰਘ ਸੇਖਾ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।

# ਬਿਜਲੀ ਦੇ ਖੁੱਲ੍ਹੇ ਮੀਟਰ ਬਕਸੇ ਲੋਕਾਂ ਲਈ ਬਣੇ ਪ੍ਰੇਸ਼ਾਨੀ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਤੇ ਨਾਲ ਲਗਦੇ ਅਨੇਕਾਂ ਪਿੰਡਾਂ ਵਿੱਚ ਲੱਗੇ ਬਿਜਲੀ ਦੇ ਮੀਟਰ ਬਕਸੇ ਲੋਕਾਂ ਲਈ ਪ੍ਰੇਸ਼ਾਨੀ ਦਾ ਸਬੱਬ ਬਣ ਗਏ ਹਨ।ਕਈ ਥਾਈਂ ਪਾਵਰਕਾਮ ਦੇ ਮੁਲਾਜ਼ਮਾਂ ਵੱਲੋਂ ਵੱਡੇ ਮੀਟਰ ਬਕਸਿਆਂ ਦੀ ਜਗ੍ਹਾ 'ਤੇ ਖੰਬਿਆਂ ਉਪਰ ਹੀ ਛੋਟੇ ਮੀਟਰ ਬਕਸੇ ਲਗਾਏ ਹੋਏ ਹਨ, ਜੋ ਜ਼ਿਆਦਾਤਰ ਖੁੱਲ੍ਹੇ ਪਏ ਹਨ ਤੇ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ, ਜ਼ਿਆਦਾਤਰ ਮੀਟਰ ਬਕਸਿਆਂ ਵਿੱਚ ਬਾਰਿਸ਼ ਦੇ ਚੱਲਦਿਆਂ ਖੰਬਿਆਂ ਤੇ ਕੰਧਾਂ ਵਿੱਚ ਕਰੰਟ ਆ ਜਾਂਦਾ ਹੈ, ਜਿਸ ਕਾਰਨ ਸ਼ਹਿਰ ਵਾਸੀਆਂ ਤੇ ਪਿੰਡ ਵਾਸੀਆਂ ਵਿੱਚ ਹਰ ਸਮੇਂ ਕਈ ਦੁਰਘਟਨਾਵਾਂ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।ਜ਼ਿਕਰਯੋਗ ਹੈ ਕਿ ਪਾਵਰਕਾਮ ਵੱਲੋਂ ਜਦੋਂ ਦੇ ਬਕਸੇ ਲਗਾਏ ਗਏ ਹਨ, ਉਸ ਤੋਂ ਬਾਅਦ ਇਨ੍ਹਾਂ ਬਕਸਿਆਂ ਦੀ ਸੰਭਾਲ ਜਾਂ ਦਰੁੱਸਤ ਕਰਨ ਲਈ ਕੋਈ ਖਾਸ ਕਦਮ ਨਹੀਂ ਚੁੱਕੇ ਗਏ।ਸ਼ਹਿਰ ਵਾਸੀਆਂ ਨੇ ਦੱਸਿਆ ਕਿ ਇਨ੍ਹਾਂ ਖੁੱਲ੍ਹੇ ਮੀਟਰ ਬਕਸਿਆਂ ਕਾਰਨ ਕਈ ਹਾਦਸੇ ਵਾਪਰ ਚੁੱਕੇ ਹਨ ਤੇ ਕਈ ਬੇਜ਼ੁਬਾਨ ਪਸ਼ੂ ਵੀ ਇਨ੍ਹਾਂ ਦੀ ਚਪੇਟ ਵਿੱਚ ਆ ਚੁੱਕੇ ਹਨ।ਇਸ ਤੋਂ ਇਲਾਵਾ ਪਿੰਡਾਂ ਤੇ ਸ਼ਹਿਰਾਂ ਦੀਆਂ ਗਲੀਆਂ ਵਿੱਚ ਛੋਟੇ ਬੱਚੇ ਖੇਡਦੇ ਹਨ, ਜਿਸ ਦੇ ਚੱਲਦਿਆਂ ਕਦੇ ਵੀ ਹਾਦਸੇ ਵਾਪਰ ਸਕਦੇ ਹਨ, ਪਰ ਵਿਭਾਗੀ ਅਧਿਕਾਰੀ ਸਭ ਕੁਝ ਦੇਖਦੇ ਹੋਏ ਵੀ ਅਣਦੇਖਿਆ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਬਾਰਿਸ਼ ਤੇ ਹਨੇਰੀ ਦੇ ਦਿਨਾਂ ਵਿੱਚ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਰਹਿੰਦਾ, ਕਿਉਂਕਿ ਇਨ੍ਹਾਂ ਮੀਟਰ ਬਕਸਿਆਂ ਕਾਰਨ ਕਦੇ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ।ਇਸ ਮੌਕੇ ਸ਼ਹਿਰ ਵਾਸੀਆਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਖੁੱਲ੍ਹੇ ਪਏ ਮੀਟਰ ਬਕਸਿਆਂ ਨੂੰ ਦਰੁੱਸਤ ਕਰਵਾਇਆ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਅਣਹੋਣੀ ਘਟਨਾ ਨਾ ਵਾਪਰ ਸਕੇ।

# 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ' ਵੱਲੋਂ ਈਸੜੂ ਭਵਨ ਵਿਖੇ ਸੂਬਾ ਪੱਧਰੀ ਮੀਟਿੰਗ

- ਬਜਟ ਸੈਸ਼ਨ ਦੌਰਾਨ ਵਿਧਾਨ ਸਭਾ ਵੱਲ ਕੀਤਾ ਜਾਵੇਗਾ ਮਾਰਚ
- 12 ਨੂੰ ਦੇਸ਼-ਵਿਆਪੀ ਹੜਤਾਲ ਸਮੇਂ ਸਾਂਝੇ ਸੰਘਰਸ਼ਾਂ 'ਚ ਹੋਵਾਂਗੇ ਸ਼ਾਮਲ



**ਲੁਧਿਆਣਾ (ਭਾਟੀਆ, ਕਥੂਰੀਆ)**-ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤੇ ਜਾਣ ਨੂੰ ਲੈ ਕੇ 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ' ਵੱਲੋਂ ਈਸੜੂ ਭਵਨ ਵਿਖੇ ਸੂਬਾ ਪੱਧਰੀ ਮੀਟਿੰਗ ਸਾਂਝੇ ਫਰੰਟ ਦੇ ਕਨਵੀਨਰ ਕਰਮ ਸਿੰਘ ਧਨੋਆ ਦੀ ਪ੍ਰਧਾਨਗੀ ਵਿੱਚ ਕੀਤੀ ਗਈ।ਮੀਟਿੰਗ ਤੋਂ ਬਾਅਦ ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਸੂਬਾ ਕਨਵੀਨਰਜ਼ ਸਤੀਸ਼ ਰਾਣਾ, ਭਜਨ ਸਿੰਘ ਗਿੱਲ, ਜਰਮਨਜੀਤ ਸਿੰਘ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਾਜ ਸਿੰਘ ਖਹਿਰਾ, ਕੋ-ਕਨਵੀਨਰਜ਼ ਜਗਦੀਸ਼ ਸਿੰਘ ਚਾਹਲ, ਕੁਲਦੀਪ ਸਿੰਘ ਉਦੋਕੇ ਤੇ ਸੂਬਾ ਆਗੂ ਸ਼ਿਵ ਕੁਮਾਰ ਤਿਵਾੜੀ, ਸੁਰਿੰਦਰ ਕੁਮਾਰ ਪੁਆਰੀ, ਗੁਲਜ਼ਾਰ ਖਾਂ, ਆਰ. ਐੱਸ. ਕਾਲਰਾ, ਕੇਵਲ ਸਿੰਘ ਬਨਵੈਤ, ਮੋਹਣਜੀਤ ਸਿੰਘ, ਕੰਵਰਦੀਪ ਸਿੰਘ, ਮਨਜਿੰਦਰ ਸਿੰਘ ਮਨਸੂਰਾ, ਕੁਲਵਿੰਦਰ ਸਿੰਘ ਤੇ ਮੁੰਹਮਦ ਮੁਸਤਫਾ ਨੇ ਆਖਿਆ ਕਿ ਆਉਣ ਵਾਲੇ ਬਜਟ ਸੈਸ਼ਨ ਦੌਰਾਨ ਰੋਜ਼ਾਨਾ ਲਗਾਤਾਰ ਚੰਡੀਗੜ੍ਹ ਵਿਖੇ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ।ਉਕਤ ਆਗੂਆਂ ਨੇ ਆਖਿਆ ਕਿ ਇਹ ਇਸ ਕਰਕੇ ਕੀਤਾ ਜਾ ਰਿਹਾ ਹੈ, ਕਿਉਂਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰ ਤੇ ਗਵਾਂਢੀ ਸੂਬਿਆਂ ਦੀਆਂ ਸਰਕਾਰਾਂ ਨਾਲੋਂ 16% ਮਹਿੰਗਾਈ ਭੱਤਾ ਘੱਟ ਦੇ ਰਹੀ ਹੈ।ਇਸੇ ਤਰ੍ਹਾਂ ਪੈਨਸ਼ਨਰਾਂ ਉੱਤੇ 2.59 ਦਾ ਗੁਣਾਂਕ ਲਾਗੂ ਕਰਨ, ਆਪਣੀ ਸਰਕਾਰ ਦੁਆਰਾ ਪੁਰਾਣੀ ਪੈਨਸ਼ਨ ਦੇਣ ਸੰਬੰਧੀ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਤੇ ਰਹਿੰਦੇ ਬੋਰਡ/ਕਾਰਪੋਰੇਸ਼ਨਾਂ ਦੇ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਮਾਣ ਭੱਤਾ ਵਰਕਰਾਂ 'ਤੇ ਘੱਟੋ-ਘੱਟ ਉਜਰਤਾਂ ਕਾਨੂੰਨ ਲਾਗੂ ਕਰਨ, ਕੱਚੇ, ਆਊਟਸੋਰਸ, ਇਨਲਿਸਟਮੈਂਟ ਤੇ ਵੱਖ-ਵੱਖ ਸੁਸਾਇਟੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਪੱਕੇ ਕਰਨ ਦੀ ਲਿਆਂਦੀ ਘਟੀਆ ਪੌਲਸੀ ਨੂੰ ਸੋਧਣ ਸਮੇਤ ਸਾਂਝੇ ਫਰੰਟ ਦੀਆਂ ਹੋਰ ਮੰਗਾਂ ਪੂਰੀਆਂ ਕਰਨ ਤੋਂ ਲੱਗਭੱਗ ਇਨਕਾਰੀ ਹੋ ਚੁੱਕੀ ਹੈ, ਜਦੋਂਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਾਣਭੱਤਾ ਵਰਕਰਾਂ ਨੂੰ ਅਨੇਕਾਂ ਕਿਸਮ ਦੀਆਂ ਗਰੰਟੀਆਂ ਦਿੱਤੀਆਂ ਗਈਆਂ ਸਨ। ਆਗੂਆਂ ਆਖਿਆ ਕਿ ਇਨ੍ਹਾਂ ਮੰਗਾਂ ਨੂੰ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਰੱਖਣ ਤੇ ਚਰਚਾ ਕਰਵਾਉਣ ਲਈ ਸਾਂਝਾ ਫਰੰਟ ਦੇ ਆਗੂਆਂ ਨੂੰ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਤੇ ਬਹੁਜਨ ਸਮਾਜ ਪਾਰਟੀ ਦੇ ਵਿਧਾਇਕ ਨਛੱਤਰ ਪਾਲ ਨੇ ਭਰੋਸਾ ਦਿੱਤਾ ਹੈ।ਵਿਰੋਧੀ ਧਿਰ ਦੇ ਉਕਤ ਆਗੂਆਂ ਨੇ ਆਖਿਆ ਕਿ ਇਨ੍ਹਾਂ ਮੰਗਾਂ ਨੂੰ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਪੂਰੇ ਜ਼ੋਰ ਨਾਲ ਉਠਾਇਆ ਜਾਵੇਗਾ।

ਇਸ ਮੌਕੇ ਸਾਂਝਾ ਫਰੰਟ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਸਮੁੱਚੇ ਦੇਸ਼ ਅੰਦਰ ਕੇਂਦਰੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾ ਵੱਲੋਂ 12 ਫਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਉਸ ਦਿਨ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ।ਇਸ ਦਿਨ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਐਕਸ਼ਨਾਂ ਵਿੱਚ ਵੀ ਸ਼ਮੂਲੀਅਤ ਕਰਨਗੇ।ਇਸ ਹੜਤਾਲ ਨੂੰ ਕਾਮਯਾਬ ਕਰਨ ਲਈ ਜ਼ਿਲ੍ਹਾ ਕੇਂਦਰਾਂ ਤੇ ਕੀਤੀਆਂ ਜਾ ਰਹੀਆਂ ਕਨਵੈਨਸ਼ਨਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਸਾਂਝੇ ਫਰੰਟ ਦੇ ਸੂਬਾ ਆਗੂ ਤੀਰਥ ਸਿੰਘ ਬਾਸੀ, ਸੁਰਿੰਦਰ ਰਾਮ ਕੁੱਸਾ, ਕੁਲਵਰਨ ਸਿੰਘ, ਰਕੇਸ਼ ਸ਼ਰਮਾ, ਸੁਖਵਿੰਦਰ ਸਿੰਘ ਲੀਲ, ਗੁਰਮੇਲ ਸਿੰਘ ਮੈਲਡੇ, ਜਗਦੀਸ਼ ਸਿੰਘ ਸਰਾਓ, ਸੁਸ਼ੀਲ ਕੁਮਾਰ, ਓਮਾ ਕਾਂਤ ਸ਼ਾਸਤਰੀ, ਜਗਜੀਤ ਸਿੰਘ ਮਾਨ, ਰੋਹਿਤ ਅਵਸਥੀ, ਅਮਨਦੀਪ, ਰੁਪਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਨਗਰ ਕੀਰਤਨ 'ਚ ਵਿਧਾਇਕ ਸਵਨਾ ਤੇ ਖੁਸ਼ਬੂ ਸਵਨਾ ਨੇ ਕੀਤੀ ਸ਼ਿਰਕਤ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੰਸਥਾ ਵੱਲੋਂ ਕਢੇ ਗਏ ਨਗਰ ਕੀਰਤਨ ਵਿੱਚ ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਤੇ ਮੈਡਮ ਖੁਸ਼ਬੂ ਸਵਨਾ ਨੇ ਸ਼ਿਰਕਤ ਕੀਤੀ। ਉਨ੍ਹਾਂ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਦੌਰਾਨ ਉਨ੍ਹਾਂ ਸੰਗਤਾਂ ਨੂੰ ਬਿਸਕੁਟਾਂ ਦੀ ਸੇਵਾ ਅਰਪਣ ਕੀਤੀ। ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਤੇ ਮੈਡਮ ਖੁਸ਼ਬੂ ਸਵਨਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਅੱਗੇ ਨਤਮਸਤਕ ਹੋਏ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ।

### ਰਾਜ ਕੁਮਾਰ ਨੇ ਡੀ ਪੀ ਆਰ ਓ ਦਾ ਚਾਰਜ ਸੰਭਾਲਿਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਾਜ ਕੁਮਾਰ ਨੇ ਸੋਮਵਾਰ ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਲੋਕ ਸੰਪਰਕ ਅਫਸਰ ਦਾ ਚਾਰਜ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਮੋਗਾ ਵਿਖੇ ਬਤੌਰ ਡੀ.ਪੀ.ਆਰ.ਓ. ਵਾਧੂ ਚਾਰਜ ਮਾਲੇਰਕੋਟਲਾ ਤਾਇਨਾਤ ਸਨ। ਰਾਜ ਕੁਮਾਰ ਮੋਗਾ ਤੋਂ ਪਹਿਲਾਂ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰੀਬ 10 ਮਹੀਨੇ ਸੇਵਾਵਾਂ ਨਿਭਾ ਚੁੱਕੇ ਹਨ। ਜ਼ਿਲ੍ਹਾ ਲੋਕ ਸੰਪਰਕ ਅਫਸਰ ਦਾ ਚਾਰਜ ਸੰਭਾਲਣ ਮੌਕੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਦੇ ਡਿਪਟੀ ਡਾਇਰੈਕਟਰ ਰਸ਼ਿਮ ਵਰਮਾ ਅਤੇ ਪੱਤਰਕਾਰ ਸੁਰਿੰਦਰ ਭਾਰਦਵਾਜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜਦੋਂ ਕਿ ਜ਼ਿਲ੍ਹਾ ਪੱਤਰਕਾਰ ਯੂਨੀਅਨ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਰਣਬੀਰ ਕੁਮਾਰ ਜੱਜੀ, ਜ਼ਿਲ੍ਹਾ ਜਨਰਲ ਸਕੱਤਰ ਬਿਕਰਮਜੀਤ ਸਿੰਘ ਸਹੋਤਾ, ਦੀਪਕ ਸੂਦ ਤੇ ਰਜਨੀਸ਼ ਡੱਲਾ ਨੇ ਡੀ.ਪੀ.ਆਰ.ਓ. ਰਾਜ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

### ਹੈਰੋਇਨ ਸਮੇਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਪੁਲਸ ਵੱਲੋਂ 06.80 ਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐੱਚ.ਸੀ. ਸਤਪਾਲ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਫਲਾਈ ਓਵਰ ਸ਼੍ਰੀ ਮੁਕਤਸਰ ਸਾਹਿਬ-ਜਲਾਲਾਬਾਦ ਰੋਡ 'ਤੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਸੰਦੀਪ ਕੁਮਾਰ ਉਰਫ ਸ਼ੀਪੀ ਪੁੱਤਰ ਜਗਦੀਸ਼ ਸਿੰਘ ਵਾਸੀ ਗਲੀ ਨੰਬਰ-1 ਅਗਰਵਾਲ ਕਲੋਨੀ ਜਲਾਲਾਬਾਦ ਹੈਰੋਇਨ ਵੇਚਣ ਦਾ ਆਦੀ ਹੈ, ਜੇਕਰ ਹੁਣੇ ਪੀਰ ਬਾਬਾ ਖਾਕੀ ਸ਼ਾਹ ਸਮਾਧ ਨੂੰ ਜਾਂਦੀ ਸੜਕ ਜਲਾਲਾਬਾਦ ਰੇਡ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਉਪਰੰਤ ਪੁਲਸ ਨੇ ਛਾਪੇਮਾਰੀ ਕਰਕੇ ਸੰਦੀਪ ਕੁਮਾਰ ਉਰਫ ਸ਼ੀਪੀ ਪੁੱਤਰ ਜਗਦੀਸ਼ ਸਿੰਘ ਵਾਸੀ ਗਲੀ ਨੰਬਰ-1 ਅਗਰਵਾਲ ਕਲੋਨੀ ਜਲਾਲਾਬਾਦ ਨੂੰ 06.80 ਗ੍ਰਾਮ ਹੈਰੋਇਨ ਸਣੇ ਕਾਬੂ ਕਰਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਕੈਂਬ੍ਰਿਜ ਕਾਨਵੈਂਟ ਸਕੂਲ 'ਚ ਸਲਾਨਾ ਐਥਲੈਟਿਕਸ ਮੀਟ



**ਕੋਟ ਈਸੇ ਖਾਂ (ਅਜੈ ਅਰੋੜਾ)**

ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਵਿਖੇ ਸਾਲਾਨਾ ਐਥਲੈਟਿਕਸ ਮੀਟ ਬੜੇ ਉਤਸ਼ਾਹ ਤੇ ਜੋਸ਼ ਨਾਲ ਕਰਵਾਈ ਗਈ।ਇਸ ਖੇਡ ਮੇਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਤੇ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਤ ਕਰਨਾ ਸੀ।ਸਕੂਲ ਪ੍ਰਬੰਧਕ ਕਮੇਟੀ ਇਸ ਸਮਾਰੋਹ ਦੀ ਮੁੱਖ ਮਹਿਮਾਨ ਰਹੀ।ਸਕੂਲ ਪਹੁੰਚਣ 'ਤੇ ਪ੍ਰਬੰਧਕ ਕਮੇਟੀ ਦਾ ਐੱਨ.ਸੀ.ਸੀ. ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਤੇ ਸਲਾਮੀ ਦੇ ਕੇ ਸਵਾਗਤ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਕੀਤੀ ਗਈ।ਸਕੂਲ ਦੇ ਪ੍ਰਿੰਸੀਪਲ ਗੁਰਵਿੰਦਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਖੇਡਾਂ ਦੀ ਮਹੱਤਤਾ ਬਾਰੇ ਵਿਚਾਰ ਪ੍ਰਗਟ ਕੀਤੇ ਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਐਥਲੈਟਿਕਸ ਮੀਟ ਦੌਰਾਨ 100 ਮੀਟਰ ਦੌੜ, ਹਰਡਲ ਰੇਸ ਤੇ ਟੱਗ ਆਫ ਵਾਰ ਵਰਗੀਆਂ ਰੋਮਾਂਚਕ ਖੇਡਾਂ ਕਰਵਾਈਆਂ ਗਈਆਂ।ਸਾਰੇ ਸਕੂਲ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਤੇ ਖੇਡ ਭਾਵਨਾ ਨਾਲ ਭਾਗ ਲਿਆ।ਚਾਰ ਹਾਊਸਾਂ ਨੌਰਥ (ਗ੍ਰੀਨ), ਸਾਊਥ (ਰੈੱਡ), ਈਸਟ (ਯੈਲੋ) ਤੇ ਵੈਸਟ (ਬਲੂ) ਵਿੱਚ ਤਗੜਾ ਮੁਕਾਬਲਾ ਦੇਖਣ ਨੂੰ ਮਿਲਿਆ, ਜਿਸ ਵਿੱਚ ਸਖ਼ਤ ਤੇ ਨਿਰਪੱਖ ਮੁਕਾਬਲੇ ਤੋਂ ਬਾਅਦ ਨੌਰਥ (ਗ੍ਰੀਨ) ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਸਾਊਥ (ਰੈੱਡ) ਹਾਊਸ ਨੇ ਦੂਜਾ ਤੇ ਈਸਟ (ਯੈਲੋ) ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜੇਤੂ ਵਿਦਿਆਰਥੀਆਂ ਨੂੰ ਸਕੂਲ ਦੇ ਚੇਅਰਮੈਨ ਮਨਦੀਪ ਮਾਲੜਾ ਤੇ ਸੰਦੀਪ ਮਾਲੜਾ ਵੱਲੋਂ ਇਨਾਮ ਤੇ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਚੇਅਰਮੈਨ ਮਨਦੀਪ ਮਾਲੜਾ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ।ਸਮਾਰੋਹ ਦੀ ਸਮਾਪਤੀ ਧੰਨਵਾਦੀ ਭਾਸ਼ਣ ਨਾਲ ਕੀਤੀ ਗਈ।

# ਡੀ ਟੀ ਓ ਦਫ਼ਤਰ ਦਾ ਕਲਰਕ ਰਿਸ਼ਵਤ ਲੈਂਦਾ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵਿਜੀਲੈਂਸ ਬਿਊਰੋ ਬਠਿੰਡਾ ਵੱਲੋਂ ਕੀਤੀ ਗਈ ਵੱਡੀ ਕਾਰਵਾਈ ਵਿੱਚ ਜ਼ਿਲ੍ਹਾ ਟਰਾਂਸਪੋਰਟ ਦਫਤਰ ਦੇ ਇੱਕ ਕਲਰਕ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਡੇਵਿਡ ਕੁਮਾਰ ਵਜੋਂ ਹੋਈ ਹੈ ਕਿ ਜੋ ਕਿ ਟਰਾਂਸਪੋਰਟ ਦਫਤਰ ਵਿੱਚ ਬਤੌਰ ਕਲਰਕ ਕੰਮ ਕਰਦਾ ਹੈ।ਦੱਸਿਆ ਜਾ ਰਿਹਾ ਕਿ ਵਿਜੀਲੈਂਸ ਕੋਲ ਇਸ ਸਬੰਧੀ ਰਜੀਵ ਕੁਮਾਰ ਨਾਂਅ ਦੇ ਵਿਅਕਤੀ ਵੱਲੋਂ ਸ਼ਿਕਾਇਤ ਕੀਤੀ ਗਈ ਸੀ ਕਿ ਮੁਲਜ਼ਮ ਕਲਰਕ ਵੱਲੋਂ ਗੱਡੀਆਂ ਨੂੰ ਅਪਰੂਵ ਕਰਨ ਬਦਲੇ ਰਿਸ਼ਵਤ ਦੀ ਮੰਗ ਕਰਕੇ ਲਗਾਤਾਰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ, ਜਿਸ ਦੇ ਚਲਦੇ ਉਸ ਦੇ ਵੱਲੋਂ ਵਿਜੀਲੈਂਸ ਨੂੰ ਸ਼ਿਕਾਇਤ ਕੀਤੀ ਗਈ ਅਤੇ ਇਸ ਸ਼ਿਕਾਇਤ ਦੇ ਅਧਾਰ 'ਤੇ ਵਿਜੀਲੈਂਸ ਨੇ ਪੜਤਾਲ ਕਰਨ ਤੋਂ ਬਾਅਦ ਅੱਜ ਸੋਮਵਾਰ ਨੂੰ ਬਾਅਦ ਦੁਪਹਿਰ ਜ਼ਿਲ੍ਹਾ ਟਰਾਂਸਪੋਰਟ ਦਫਤਰ ਵਿੱਚ ਛਾਪਾਮਾਰੀ ਕੀਤੀ, ਜਿੱਥੇ ਮੁਦਈ ਰਜੀਵ ਕੁਮਾਰ ਤੋਂ 2700 ਦੀ ਰਿਸ਼ਵਤ ਲੈਂਦਿਆਂ ਕਲਰਕ ਡੇਵਿਡ ਕੁਮਾਰ ਨੂੰ ਮੌਕੇ 'ਤੇ ਗ੍ਰਿਫਤਾਰ ਕਰ ਲਿਆ। ਵਿਜੀਲੈਂਸ ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ ਅਤੇ ਪਤਾ ਕੀਤਾ ਜਾਵੇਗਾ ਕਿ ਇਸ ਰਿਸ਼ਵਤ ਕਾਂਡ ਵਿੱਚ ਕੋਈ ਹੋਰ ਮੁਲਾਜ਼ਮ ਦਾ ਅਧਿਕਾਰੀ ਸ਼ਾਮਲ ਹੈ ਜਾਂ ਨਹੀਂ?

# ਹਲਵਾਰਾ ਏਅਰਪੋਰਟ ਨਾਲ ਲੁਧਿਆਣਾ ਤੇ ਮਾਲਵਾ ਨੂੰ ਮਿਲੀ ਨਵੀਂ ਉਡਾਣ : ਰਾਜਿੰਦਰ ਗੁਪਤਾ

- ਰਾਜ ਸਭਾ ਮੈਂਬਰ ਨੇ ਪੀ ਐੱਮ ਮੋਦੀ ਦਾ ਕੀਤਾ ਧੰਨਵਾਦ



**ਬਰਨਾਲਾ (ਰਾਜਿੰਦਰ ਬਰਾੜ)**-ਰਾਜ ਸਭਾ ਮੈਂਬਰ ਤੇ ਟ੍ਰਾਈਡੈਂਟ ਗਰੁੱਪ ਦੇ ਚੇਅਰਮੈਨ ਐਮਰੀਟਸ ਪਦਮਸ਼੍ਰੀ ਰਾਜਿੰਦਰ ਗੁਪਤਾ ਨੇ ਹਲਵਾਰਾ ਸਥਿਤ ਅੰਤਰਰਾਸ਼ਟਰੀ ਏਅਰਪੋਰਟ ਦੇ ਉਦਘਾਟਨ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਕਾਫੀ ਸਮੇਂ ਤੋਂ ਲਟਕਿਆ ਹੋਇਆ ਸੀ, ਜਿਸ ਦੇ ਸਾਕਾਰ ਹੋਣ ਨਾਲ ਪੰਜਾਬ ਦੇ ਉਦਯੋਗਿਕ ਤੇ ਆਰਥਿਕ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।ਰਾਜਿੰਦਰ ਗੁਪਤਾ ਨੇ ਕਿਹਾ ਕਿ ਲੁਧਿਆਣਾ ਦੇ ਹਲਵਾਰਾ ਵਿਖੇ ਸ਼ੁਰੂ ਹੋਇਆ ਨਵਾਂ ਸਿਵਲ ਟਰਮੀਨਲ ਮਾਲਵਾ ਖੇਤਰ ਦੀ ਅਰਥਵਿਵਸਥਾ ਲਈ ਮੀਲ ਦਾ ਪੱਥਰ ਸਾਬਿਤ ਹੋਵੇਗਾ।ਇਸ ਮਹੱਤਵਪੂਰਨ ਉਪਲਬਧੀ ਲਈ ਉਨ੍ਹਾਂ ਕੇਂਦਰ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ।ਏਅਰਪੋਰਟ ਅਥਾਰਟੀ ਆਫ ਇੰਡੀਆ (ਏ ਏ ਆਈ) ਤੇ ਪੰਜਾਬ ਸਰਕਾਰ ਦੇ ਸਾਂਝੇ ਯਤਨਾਂ ਨਾਲ 54.67 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਇਸ ਟਰਮੀਨਲ ਦਾ ਖੇਤਰਫਲ ਲਗਭਗ 2,000 ਵਰਗ ਮੀਟਰ ਹੈ। ਇਹ ਟਰਮੀਨਲ ਪੀਕ ਆਵਰਜ਼ ਦੌਰਾਨ 300 ਯਾਤਰੀਆਂ ਦੀ ਆਵਾਜਾਈ ਸੰਭਾਲਣ ਸਮਰੱਥ ਹੈ, ਜਦਕਿ ਸਾਲਾਨਾ ਤਕਰੀਬਨ ਦੋ ਲੱਖ ਯਾਤਰੀਆਂ ਨੂੰ ਸਹੂਲਤਾਂ ਪ੍ਰਦਾਨ ਕਰ ਸਕੇਗਾ।ਇਸ ਨਾਲ ਉਦਯੋਗ, ਸਿਹਤ ਤੇ ਸਿੱਖਿਆ ਖੇਤਰ ਨੂੰ ਸਿੱਧਾ ਲਾਭ ਮਿਲਣ ਦੇ ਨਾਲ-ਨਾਲ ਖੇਤਰੀ ਕਨੈਕਟਿਵਟੀ ਵੀ ਮਜ਼ਬੂਤ ਹੋਵੇਗੀ।ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਜਨਮ ਦਿਵਸ ਦੇ ਪਾਵਨ ਮੌਕੇ 'ਤੇ ਕੇਂਦਰ ਸਰਕਾਰ ਵੱਲੋਂ ਜਲੰਧਰ ਸਥਿਤ ਆਦਮਪੁਰ ਹਵਾਈ ਅੱਡੇ ਦਾ ਨਾਂ ਬਦਲ ਕੇ 'ਸ੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ, ਆਦਮਪੁਰ' ਰੱਖਿਆ ਗਿਆ।ਇਸ ਹਵਾਈ ਅੱਡੇ ਦਾ ਰਸਮੀ ਉਦਘਾਟਨ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਵੱਲੋਂ ਕੀਤਾ ਗਿਆ।ਇਸ ਦਰਮਿਆਨ ਲੁਧਿਆਣਾ ਦੇ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦੇ ਉਦਘਾਟਨ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਕੋਲ ਆਪਣੀ ਮੰਗ ਦੁਹਰਾਉਂਦੇ ਹੋਏ ਕਿਹਾ ਕਿ ਇਸ ਹਵਾਈ ਅੱਡੇ ਦਾ ਨਾਂ ਦੇਸ਼ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਿਆ ਜਾਣਾ ਚਾਹੀਦਾ ਹੈ, ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਹਵਾਈ ਅੱਡੇ ਦਾ ਨਾਂ ਰੱਖਣਾ ਭਾਰਤ ਦੀ ਆਜ਼ਾਦੀ ਦੀ ਲੜਾਈ ਦੇ ਸਭ ਤੋਂ ਨੌਜਵਾਨ ਤੇ ਮਹਾਨ ਨਾਇਕਾਂ ਵਿੱਚੋਂ ਇੱਕ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਮੌਕੇ ਕੇਂਦਰੀ ਨਾਗਰਿਕ ਹਵਾਬਾਜ਼ੀ ਮੰਤਰੀ ਸ੍ਰੀ ਰਾਮ ਮੋਹਨ ਨਾਇਡੂ ਕਿੰਜਰਾਪੂ ਵੀ ਹਾਜ਼ਰ ਸਨ।

# ਨਿਹਾਲ ਸਿੰਘ ਵਾਲਾ ਪੁਲਸ ਵੱਲੋਂ ਰੇਸ਼ਮ ਸਿੰਘ ਦੇ ਕਾਤਲ ਗ੍ਰਿਫਤਾਰ



**ਮੋਗਾ (ਇਕਬਾਲ ਸਿੰਘ ਖਹਿਰਾ, ਲਵਲੀ ਮਾਛੀਕੇ)**-ਨੀਲਾਂਬਰੀ ਜਗਦਲੇ ਵਿਜੇ ਆਈ. ਜੀ. ਫਰੀਦਕੋਟ ਰੇਂਜ, ਐੱਸ.ਐੱਸ.ਪੀ. ਮੋਗਾ ਅਜੈ ਗਾਂਧੀ ਦੀਆਂ ਹਦਾਇਤਾਂ ਮੁਤਾਬਿਕ ਅਨਵਰ ਅਲੀ ਉਪ ਕਪਤਾਨ ਪੁਲਸ ਨਿਹਾਲ ਸਿੰਘ ਦੀ ਸੁਚੱਜੀ ਅਗਵਾਈ ਹੇਠ ਪੂਰਨ ਸਿੰਘ ਧਾਲੀਵਾਲ ਮੁੱਖ ਅਫ਼ਸਰ ਥਾਣਾ ਨਿਹਾਲ ਸਿੰਘ ਵਾਲਾ ਨੇ ਹਿੰਮਤਪੁਰਾ ਵਿਖੇ 29.1.26 ਨੂੰ ਸ਼ਾਮ ਕਰੀਬ 7.30 ਵਜੇ ਰੇਸ਼ਮ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਹਿੰਮਤਪੁਰਾ ਆਪਣੇ ਪਿੰਡ ਦੀ ਲੜਕੀ ਹਰਮਨਦੀਪ ਕੌਰ ਪੁੱਤਰੀ ਬੇਅੰਤ ਸਿੰਘ ਦੇ ਬੁਲਾਉਣ 'ਤੇ ਉਨ੍ਹਾਂ ਨੂੰ ਮਿਲਣ ਗਿਆ, ਜਿਸ 'ਤੇ ਲੜਕੀ ਦੇ ਘਰਦਿਆਂ ਨੂੰ ਪਤਾ ਲੱਗਦਿਆਂ ਹੀ ਲੜਕੀ ਹਰਮਨਦੀਪ ਕੌਰ ਦੇ ਪਿਤਾ ਬੇਅੰਤ ਸਿੰਘ ਉਰਫ਼ ਬੰਟੀ ਪੁੱਤਰ ਭਗਵਾਨ ਸਿੰਘ ਤੇ ਇਸ ਦੇ ਦੋਸਤ ਪਰਮਜੀਤ ਸਿੰਘ ਉਰਫ਼ ਪਰਮਾ ਪੁੱਤਰ ਮਿਲਖਾ ਸਿੰਘ ਵਾਸੀ ਹਿੰਮਤਪੁਰਾ ਨੇ ਲੜਕੇ ਰੇਸ਼ਮ ਸਿੰਘ ਦੀ ਬਹੁਤ ਕੁੱਟਮਾਰ ਕੀਤੀ ਗਈ, ਜਿਸ ਦੀ ਇਲਾਜ ਦੌਰਾਨ ਮੌਤ ਹੋ ਗਈ, ਜਿਸ 'ਤੇ ਕਰਨੈਲ ਸਿੰਘ ਪੁੱਤਰ ਮਹਿੰਗਾ ਪੁੱਤਰ ਬਖਸ਼ੀਸ਼ ਸਿੰਘ ਦੇ ਬਿਆਨਾਂ 'ਤੇ ਮੁਕੱਦਮਾ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਬੇਅੰਤ ਸਿੰਘ ਉਰਫ਼ ਬੰਟੀ ਪੁੱਤਰ ਭਗਵਾਨ ਸਿੰਘ ਤੇ ਪਰਮਜੀਤ ਸਿੰਘ ਉਰਫ਼ ਪਰਮਾ ਪੁੱਤਰ ਮਿਲਖਾ ਸਿੰਘ ਵਾਸੀ ਹਿੰਮਤਪੁਰਾ ਖਿਲਾਫ ਦਰਜ ਰਜਿਸਟਰ ਕੀਤਾ ਗਿਆ ਹੈ ਅਤੇ ਦੋਸ਼ੀਆਂ ਨੂੰ 12 ਘੰਟਿਆਂ ਵਿੱਚ ਹੀ ਗ੍ਰਿਫ਼ਤਾਰ ਕਰ ਲਿਆ ਹੈ। ਦੋਸ਼ੀਆਂ ਦਾ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕਰਕੇ ਵਾਰਦਾਤ ਸਮੇਂ ਵਰਤੇ ਹਥਿਆਰ ਬਰਾਮਦ ਕੀਤੇ ਜਾ ਚੁੱਕੇ ਹਨ ਤੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਬਜਟ 'ਚ ਪੰਜਾਬ ਤੇ ਕਿਸਾਨਾਂ ਨੂੰ ਅਣਗੌਲਿਆ ਕੀਤਾ ਗਿਆ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਇਕੱਤਰਤਾ ਦੌਰਾਨ ਕੇਂਦਰ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਦੀ ਨਿੰਦਾ ਕਰਦੇ ਹੋਏ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦੇ ਹੋਏ ਭੁਪਿੰਦਰ ਸਿੰਘ ਦੌਲਤਪੁਰਾ ਜ਼ਿਲ੍ਹਾ ਪ੍ਰਧਾਨ ਬੀ.ਕੇ.ਯੂ ਲੱਖੋਵਾਲ ਨੇ ਦੱਸਿਆ ਕਿ 2026-27 ਦਾ ਬਜਟ ਕਿਸਾਨ ਪੱਖੀ ਨਹੀਂ ਹੈ।ਇਹ ਬਜਟ ਸਿਰਫ ਤੇ ਸਿਰਫ ਕਾਰਪੋਰੇਟ ਪੱਖੀ ਤੇ ਵੱਡੇ ਘਰਾਣਿਆਂ ਨੂੰ ਰਾਹਤ ਦੇਣ ਵਾਲਾ ਹੈ।ਕਿਸਾਨ ਲੰਬੇ ਸਮੇਂ ਤੋਂ ਮੰਗ ਕਰ ਰਹੇ ਹਨ ਕਿ ਖੇਤੀ ਨੂੰ ਲਾਹੇਵੰਦਾ ਬਣਾਉਣ ਲਈ ਸਾਰੀਆਂ ਫਸਲਾਂ, ਸਬਜ਼ੀਆਂ, ਫਲਾਂ, ਦੁੱਧ ਤੇ ਲੱਕੜੀ ਤੇ ਐੱਮ.ਐੱਸ.ਪੀ. ਦਿੱਤੀ ਜਾਵੇ ਤੇ ਇਸ ਦੀ ਕਾਨੂੰਨੀ ਗਰੰਟੀ ਹੋਵੇ, ਕੇਂਦਰ ਤੇ ਸੂਬਾਈ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਸਾਨ ਸਿਰ ਚੜ੍ਹਿਆ ਕੋਈ 19 ਲੱਖ ਕਰੋੜ ਦਾ ਕਰਜ਼ਾ ਰੱਦ ਕੀਤਾ ਜਾਵੇ। ਪ੍ਰੰਤੂ ਸਿਤਮ ਦੀ ਗੱਲ ਇਹ ਹੈ ਕਿ ਇਨ੍ਹਾਂ ਬਾਰੇ ਬਜਟ ਚੁੱਪ ਹੈ, ਜਦਕਿ ਕਾਰਪੋਰੇਟ ਘਰਾਣਿਆਂ ਦੇ 16.5 ਲੱਖ ਕਰੋੜ ਪਿਛਲੇ ਸਾਲਾਂ 'ਚ ਮਾਫ ਕੀਤੇ ਗਏ।ਖੇਤੀ ਕਿੱਤੇ ਸਬੰਧੀ ਇਸ ਬਜਟ ਵਿੱਚ ਸਿਰਫ ਕਿਸਾਨਾਂ-ਡੇਅਰੀ ਉਤਪਾਦਕਾਂ, ਮੱਛੀ ਪਾਲਕਾਂ ਨੂੰ ਸਿਰਫ ਫੁਲੈਣੀਆਂ ਦਿੱਤੀਆਂ ਗਈਆਂ ਹਨ ਕਿ ਤੁਹਾਡੀ ਆਮਦਨ ਵਧੇਗੀ ਤੁਸੀਂ ਬਹੁਮੁੱਲੀ ਫਸਲਾਂ ਬੀਜੋ।ਇਸੇ ਤਰ੍ਹਾਂ ਨਾਰੀਅਲ, ਕਾਫੀ ਤੇ ਚੰਦਨ ਦੀ ਲੱਕੜੀ ਪੈਦਾ ਕਰਨ ਵਾਲਿਆਂ ਨੂੰ ਵੀ ਕਿਹਾ ਗਿਆ ਹੈ।ਪੰਜਾਬ ਜੋ ਦੇਸ਼ ਦੇ ਅੰਨ ਭੰਡਾਰ ਵਿੱਚ ਵੱਡਾ ਹਿੱਸਾ ਪਾ ਰਿਹਾ ਹੈ, ਉਸ ਦਾ ਧਰਤੀ ਹੇਠਲਾ ਪਾਣੀ ਜ਼ਹਿਰੀਲਾ ਹੋ ਰਿਹਾ ਹੈ ਇਸ ਬਾਰੇ ਬਜਟ ਵਿੱਚ ਕੋਈ ਵਿਵਸਥਾ ਨਹੀਂ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਰਵਿੰਦਰ ਸਿੰਘ ਭੋਲਾ ਜਿਲਾ ਜਰਨਲ ਸਕੱਤਰ, ਮੰਦਰਜੀਤ ਸਿੰਘ ਮਨਾਵਾਂ ਸੂਬਾ ਆਗੂ, ਮੋਦਨ ਸਿੰਘ ਨਿਧਾ ਵਾਲਾ ਜ਼ਿਲ੍ਹਾ ਆਗੂ, ਸਾਬਕਾ ਸਰਪੰਚ ਗੁਰਮੀਤ ਸਿੰਘ ਸੰਧੂਆਣਾ, ਸਾਬਕਾ ਸਰਪੰਚ ਇਕਬਾਲ ਸਿੰਘ ਗਲੋਟੀ ਸੂਬਾ ਆਗੂ, ਬਲਕਰਨ ਸਿੰਘ ਢਿੱਲੋਂ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਬੰਤ ਸਿੰਘ ਬਲਾਕ ਸਕੱਤਰ, ਪਾਲ ਸਿੰਘ ਘੱਲ, ਲਖਵਿੰਦਰ ਸਿੰਘ ਰੌਲੀ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਗੁਰਮੀਤ ਸਿੰਘ ਮੋਗਾ ਸਮੇਤ ਵੱਡੀ ਗਿਣਤੀ ਕਿਸਾਨ ਆਗੂ ਹਾਜ਼ਰ ਸਨ।

# ਕੇਂਦਰੀ ਬਜਟ ਇੱਕ ਵਾਰ ਫ਼ਿਰ ਪੰਜਾਬ ਦੀਆਂ ਉਮੀਦਾਂ 'ਤੇ ਖਰਾ ਨੀਂ ਉੱਤਰਿਆ : ਹਰਪਾਲ ਸੋਨੂੰ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓ.ਬੀ.ਸੀ. ਵਿੰਗ ਦੇ ਵਾਈਸ ਚੇਅਰਮੈਨ ਤੇ ਸੰਗਰੂਰ ਤੋਂ ਮੁੱਖ ਬੁਲਾਰੇ ਹਰਪਾਲ ਸਿੰਘ ਸੋਨੂੰ ਨੇ ਕੇਂਦਰ ਵੱਲੋਂ ਜਾਰੀ ਕੀਤੇ ਬਜਟ 'ਤੇ ਨਿਰਾਸ਼ਾ ਜ਼ਾਹਰ ਕਰਦਿਆਂ ਕਿਹਾ ਕਿ ਇਸ ਬਜਟ ਵਿੱਚ ਨਾ ਤਾਂ ਕਿਸਾਨਾਂ ਲਈ ਐੱਮ ਐੱਸ ਪੀ ਦਿੱਤੀ ਗਈ, ਨਾ ਹੀ ਨੌਜਵਾਨਾਂ ਲਈ ਰੁਜ਼ਗਾਰ ਦਾ ਕੋਈ ਟੀਚਾ ਰੱਖਿਆ ਗਿਆ ਤੇ ਉਦਯੋਗ ਜਗਤ ਨੂੰ ਟੈਕਸ ਵਿੱਚ ਵੀ ਕਿਸੇ ਤਰ੍ਹਾਂ ਦੀ ਕੋਈ ਰਾਹਤ ਨਹੀਂ ਦਿੱਤੀ ਗਈ।ਸੋਨੂੰ ਨੇ ਅੱਗੇ ਕਿਹਾ ਕਿ ਪੰਜਾਬ ਦੀ ਆਰਥਿਕ ਮਜ਼ਬੂਤੀ ਲਈ ਕੋਈ ਠੋਸ ਕਦਮ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਨਹੀਂ ਚੁੱਕਿਆ ਗਿਆ, ਬਲਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਪੰਜਾਬ ਤੇ ਪੰਜਾਬੀਆਂ ਨਾਲ ਬੇਗਾਨਿਆਂ ਵਰਗਾ ਸਲੂਕ ਕੀਤਾ ਗਿਆ ਹੈ, ਜਦਕਿ ਪੰਜਾਬ ਦੇ ਲੋਕ ਬਹੁਤ ਮਿਹਨਤਕਸ਼ ਤੇ ਜਨੂੰਨੀ ਹਨ।ਹਰਪਾਲ ਸਿੰਘ ਸੋਨੂੰ ਵੱਲੋਂ ਕੇਂਦਰ ਸਰਕਾਰ ਨੂੰ ਕੋਸਦਿਆਂ ਕਿਹਾ ਕਿ ਇਹ ਬਜਟ ਇੱਕ ਵਾਰ ਫ਼ਿਰ ਪੰਜਾਬ ਦੀਆਂ ਉਮੀਦਾਂ 'ਤੇ ਖਰ੍ਹਾ ਨਹੀਂ ਉੱਤਰਿਆ। ਉਨ੍ਹਾਂ ਅਖੀਰ ਵਿੱਚ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਦੀ ਆਸ ਕਾਂਗਰਸ ਪਾਰਟੀ 'ਤੇ ਟਿਕੀ ਨਜ਼ਰ ਆ ਰਹੀ ਹੈ ਤੇ ਕਾਂਗਰਸ ਪਾਰਟੀ ਪੰਜਾਬ ਨੂੰ ਮੁੜ ਪੈਰਾਂ ਸਿਰ ਖੜ੍ਹਾ ਕਰਨ ਲਈ ਸੂਬੇ ਦੇ ਲੋਕਾਂ ਪ੍ਰਤੀ ਵਚਨਬੱਧ ਹੈ।

# ਤਰਕਸ਼ੀਲ ਸੁਸਾਇਟੀ ਵੱਲੋਂ ਪੰਜਾਬ 'ਚ ਅੰਧ-ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਵਾਉਣ ਦੀ ਮੰਗ




**ਲੁਧਿਆਣਾ (ਸਤੀਸ਼ ਸਚਦੇਵਾ)**-ਤਰਕਸ਼ੀਲ ਸੁਸਾਇਟੀ ਪੰਜਾਬ ਦੇ ਮੀਡੀਆ ਵਿਭਾਗ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਸੂਬਾਈ ਮੀਡੀਆ ਮੁਖੀ ਸੁਮੀਤ ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਸੁਸਾਇਟੀ ਦੇ ਲੁਧਿਆਣਾ ਜ਼ੋਨ ਦੇ ਦਫ਼ਤਰ ਵਿਖੇ ਹੋਈ, ਜਿਸ ਵਿੱਚ 'ਅਜੋਕੇ ਦੌਰ ਵਿੱਚ ਮੀਡੀਆ ਦੀ ਭੂਮਿਕਾ ਤੇ ਸਮੱਸਿਆਵਾਂ' ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੂਬਾਈ ਮੀਡੀਆ ਮੁਖੀ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਕਿਸੇ ਵੀ ਜਥੇਬੰਦੀ ਦਾ ਮੀਡੀਆ ਵਿਭਾਗ ਉਸ ਦੀ ਰੀੜ੍ਹ ਦੀ ਹੱਡੀ ਵਾਂਗ ਹੁੰਦਾ ਹੈ, ਜਿਸ ਨੇ ਜਥੇਬੰਦੀ ਦੀ ਵਿਚਾਰਧਾਰਾ ਤੇ ਵੱਖ ਵੱਖ ਪੱਧਰ ਦੀਆਂ ਸਰਗਰਮੀਆਂ ਨੂੰ ਸਮਾਜ ਦੇ ਹਰ ਖੇਤਰ ਤੇ ਵਰਗਾਂ ਦੇ ਲੋਕਾਂ ਤੱਕ ਲਗਾਤਾਰ ਪਹੁੰਚਾਉਣ ਦੀ ਜ਼ਿੰਮੇਵਾਰੀ ਨਿਭਾਉਣੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਭਾਰਤੀ ਸੰਵਿਧਾਨ ਦੀ ਧਾਰਾ 51- ਏ (ਐੱਚ) ਤਹਿਤ ਪਿਛਲੇ 42 ਸਾਲਾਂ ਤੋਂ ਆਪਣੇ ਸੀਮਤ ਵਿੱਤੀ ਸਾਧਨਾਂ ਤੇ ਮੀਡੀਆ ਦੇ ਸਹਿਯੋਗ ਰਾਹੀਂ ਸਮਾਜ ਦੇ ਵਿਸ਼ਾਲ ਦਾਇਰੇ ਤੱਕ ਵਿਗਿਆਨਕ ਸੋਚ ਤੇ ਇਨਸਾਨੀਅਤ ਦੇ ਪ੍ਰਚਾਰ ਤੇ ਪ੍ਰਸਾਰ ਲਈ ਲਗਾਤਾਰ ਜੱਦੋ-ਜਹਿਦ ਕਰਦੀ ਆ ਰਹੀ ਹੈ ਅਤੇ ਇਸ ਸਬੰਧੀ ਮੀਡੀਆ ਵਿਭਾਗ ਨੂੰ ਹੋਰ ਵੱਧ ਸਰਗਰਮ ਕਰਨ ਲਈ ਅਗਲੇ ਦੋ ਮਹੀਨਿਆਂ ਵਿੱਚ ਸੂਬਾ ਕਮੇਟੀ ਵੱਲੋਂ ਕਾਰਜਵਿਉਂਤਬੰਦੀ ਉਲੀਕ ਕੇ ਜ਼ੋਨ ਤੇ ਇਕਾਈ ਪੱਧਰ 'ਤੇ ਲਾਗੂ ਕੀਤਾ ਜਾਵੇਗਾ।

ਇਸ ਮੌਕੇ ਜ਼ੋਨ ਮੀਡੀਆ ਮੁਖੀਆ ਰਾਮ ਸਿੰਘ ਬੰਗ ਪਟਿਆਲਾ, ਹਰਚੰਦ ਭਿੰਡਰ ਲੁਧਿਆਣਾ, ਸੀਤਾ ਰਾਮ ਬਾਲਦ ਕਲਾਂ ਬਰਨਾਲਾ, ਵਿਜੇ ਰਾਹੀ ਜਲੰਧਰ, ਰਾਮ ਸਿੰਘ ਨਿਰਮਾਣ ਬਠਿੰਡਾ, ਨਿੰਦਰ ਮਾਈਦਿੱਤਾ ਤੇ ਬਲਜਿੰਦਰ ਸ਼ਾਹਬਾਜ਼ਪੁਰੀ ਨਵਾਂ ਸ਼ਹਿਰ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅਜੋਕੇ ਪ੍ਰਿੰਟ ਤੇ ਬਿਜਲਈ ਮੀਡੀਆ ਉੱਤੇ ਕਾਰਪੋਰੇਟ ਅਦਾਰਿਆਂ ਤੇ ਸਾਮਰਾਜੀ ਹਕੂਮਤਾਂ ਦੇ ਦਬਾਅ ਕਾਰਨ ਅੰਧ ਵਿਸ਼ਵਾਸ, ਅਖੌਤੀ ਚਮਤਕਾਰ ਤੇ ਫਿਰਕਾਪ੍ਰਸਤੀ ਫੈਲਾਉਣ ਵਾਲੇ ਪਾਖੰਡੀ ਬਾਬਿਆਂ, ਸਾਧਾਂ, ਜੋਤਸ਼ੀਆਂ, ਡੇਰਾਵਾਦੀਆਂ ਦਾ ਗੁੰਮਰਾਹਕੁਨ ਤੇ ਗੈਰ-ਵਿਗਿਆਨਕ ਪ੍ਰਚਾਰ ਵੱਧ ਰਿਹਾ ਹੈ, ਜਿਸ ਕਾਰਨ ਤਰਕਸ਼ੀਲ ਕਾਰਕੁਨਾਂ ਨੂੰ ਮੀਡੀਆ ਵਿੱਚ ਸੁਸਾਇਟੀ ਦੀਆਂ ਸਰਗਰਮੀਆਂ ਤੇ ਵਿਗਿਆਨਕ ਸੋਚ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਨੇ ਜ਼ੋਨ ਪੱਧਰ 'ਤੇ ਸਿਖਲਾਈ ਵਰਕਸ਼ਾਪਾਂ/ਸੈਮੀਨਾਰ ਕਰਵਾਉਣ ਅਤੇ ਸੂਬਾਈ ਤੇ ਜ਼ਿਲ੍ਹਾ ਪੱਧਰ 'ਤੇ ਲੋਕ ਪੱਖੀ ਮੀਡੀਆ ਅਦਾਰਿਆਂ ਨੂੰ ਮਿਲ ਕੇ ਉਨ੍ਹਾਂ ਦਾ ਵੱਧ ਤੋਂ ਵੱਧ ਸਹਿਯੋਗ ਲੈਣ ਦੇ ਵਿਸ਼ੇਸ਼ ਯਤਨ ਜੁਟਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਇਸ ਮੌਕੇ ਇਕਾਈ ਆਗੂਆਂ ਸਤੀਸ਼ ਸਚਦੇਵਾ, ਧਰਮਪਾਲ ਸਿੰਘ, ਪੂਰਨ ਸਿੰਘ ਗੁਜਰਾਂ, ਜਗਤਾਰ ਦੋਰਾਹਾ, ਕਮਲਜੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਬਣਾਉਣ, ਕੇਬਲ ਟੈਲੀਵੀਜ਼ਨ ਨੈੱਟਵਰਕ ਰੂਲਜ਼ 1994 ਤੇ ਡਰੱਗਜ਼ ਤੇ ਮੈਜਿਕ ਰੈਮਡੀਜ਼ ਤੇ ਇਤਰਾਜ਼ਯੋਗ ਇਸ਼ਤਿਹਾਰਬਾਜ਼ੀ ਨਿਯਮ 1954 ਨੂੰ ਲਾਗੂ ਕਰਵਾਉਣ ਲਈ ਜਨਤਕ ਲਹਿਰ ਉਸਾਰਨ ਦੀ ਲੋੜ ਹੈ।ਇਸ ਮੌਕੇ ਤਰਕਸ਼ੀਲ ਆਗੂ ਸੁਰਿੰਦਰ ਉੱਪਲੀ, ਗੁਰਜੰਟ ਸਿੰਘ, ਗੁਰਦੀਪ ਲਹਿਰਾ ਤੇ ਇੰਦਰਜੀਤ ਕੌਰ ਵੀ ਸ਼ਾਮਲ ਸਨ।

# ਖਾਣ-ਪੀਣ ਦੀਆਂ ਮਿਲਾਵਟੀ ਵਸਤਾਂ ਦੀ ਵਿਕਰੀ ਜ਼ੋਰਾਂ 'ਤੇ, ਵਿਭਾਗ ਖਾਮੋਸ਼

**ਜ਼ੀਰਾ (ਰੂਪ ਸਿੰਘ ਸੰਧੂ)**-ਪ੍ਰਾਪਤ ਜਾਣਕਾਰੀ ਅਨੁਸਾਰ ਜ਼ੀਰਾ ਵਿੱਚ ਸਿਹਤ ਵਿਭਾਗ ਦੀ ਮਿਲੀਭੁਗਤ ਰਾਹੀਂ ਖਾਣ-ਪੀਣ ਦੀਆਂ ਵਾਸਤਾਂ ਤੇ ਮਿਲਾਵਟ ਖੋਰੀ ਦਾ ਧੰਦਾ ਜ਼ੋਰ-ਸ਼ੋਰ ਨਾਲ ਜਾਰੀ ਹੈ। ਮਿਲਾਵਟ ਖੋਰੀ ਰਾਹੀਂ ਹਲਵਾਈ ਦੇ ਧੰਦੇ ਦੇ ਕਾਰੋਬਾਰੀਆਂ ਵੱਲੋਂ ਹਰਿਆਣਾ, ਯੂ ਪੀ, ਰਾਜਸਥਾਨ ਤੇ ਹੋਰ ਸੂਬਿਆਂ ਤੋਂ ਆ ਰਿਹਾ ਨਕਲੀ ਦੁੱਧ, ਪਨੀਰ, ਖੋਇਆ, ਦਹੀਂ ਆਦਿ ਸਸਤੇ ਰੇਟਾਂ 'ਤੇ ਖਰੀਦ ਕੇ ਮੋਟਾ ਨਫਾ ਕਮਾਉਣ ਤੋਂ ਇਲਾਵਾ ਲੋਕਾਂ ਦੀ ਸਿਹਤ ਨਾਲ ਸ਼ਰੇਆਮ ਖਲਵਾੜ ਕੀਤਾ ਜਾ ਰਿਹਾ ਹੈ। ਡੇਅਰੀ ਫਾਰਮਿੰਗ ਨਾਲ ਸਬੰਧਤ ਫਾਰਮਾਂ ਤੋਂ ਦੁੱਧ ਮੋਗਾ ਦੀ ਨੈਸਲੇ, ਡੇਅਰੀ ਤੇ ਲੁਧਿਆਣਾ ਦੀ ਕੋਆਪ੍ਰੇਟਿਵ ਵੇਰਕਾ ਡੇਅਰੀ ਸਿੱਧੇ ਤੌਰ 'ਤੇ ਦੁੱਧ ਦੀ ਖਰੀਦ ਕਰ ਰਹੀ ਹੈ। ਪਿੰਡਾਂ ਵਿੱਚ ਜ਼ਿਆਦਾਤਰ ਲੋਕ ਮਜ਼ਦੂਰੀ ਰੱਖ ਰਖਾਵ ਤੇ ਮਜ਼ਦੂਰੀ ਵਧਣ ਕਰਕੇ ਆਪਣੇ ਪਸ਼ੂ ਵੇਚ ਕੇ ਮੁੱਲ ਦੇ ਦੁੱਧ 'ਤੇ ਨਿਰਭਰ ਹੋ ਗਏ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਅਜੋਕੇ ਸਮੇਂ ਦੁੱਧ ਦੀ ਘਰੇਲੂ ਵਰਤੋਂ ਲਈ ਪਸ਼ੂ ਪਾਲਣਾ ਘਾਟੇਵੰਦਾ ਸੌਦਾ ਹੈ। ਦੂਜੇ ਪਾਸੇ ਹਰ ਕਾਰੋਬਾਰੀ ਦੀ ਦੌੜ ਘੱਟ ਪੈਸੇ ਖਰਚ ਕੇ ਵੱਧ ਮੁਨਾਫਾ ਕਮਾਉਣ ਵੱਲ ਲੱਗੀ ਹੋਈ ਹੈ, ਜਿਸ ਕਰਕੇ ਰਿਫਾਇੰਡ ਆਇਲ, ਵਾਸ਼ਿੰਗ ਪਾਊਡਰ ਤੇ ਹੋਰ ਕੈਮੀਕਲ ਪਦਾਰਥਾਂ ਰਾਹੀਂ ਨਕਲੀ ਦੁੱਧ, ਸੋਇਆਬੀਨ ਦਾ ਪਨੀਰ, ਦਹੀ, ਬਰਫੀ, ਜਿਸ ਵਿੱਚ ਚਮਚਮ, ਗੁਲਾਬ ਜਾਮਨ, ਰਸਗੁੱਲੇ ਕਲਾਕੰਦ ਤੋਂ ਇਲਾਵਾ ਪਿਸਤਾ, ਪੇਠਾ, ਬੇਸਣ ਦੀ ਬਰਫੀ, ਲੱਡੂ, ਜਲੇਬੀ ਵਗੈਰਾ ਆਦਿ ਵਿੱਚ ਨਕਲੀ ਖੰਡ, ਘਿਓ ਤੇ ਵੇਸਣ ਆਦਿ ਵਰਤ ਕੇ ਮੋਟੀ ਕਮਾਈ ਕੀਤੀ ਜਾ ਰਹੀ ਹੈ। ਇੱਥੇ ਹੀ ਬਸ ਨਹੀਂ ਰੇਹੜੀ-ਫੜੀ ਵਾਲਿਆਂ ਵੱਲੋਂ ਬਲੀਚ ਰਾਹੀਂ ਫੁੱਲ ਗੋਭੀ ਦਾ ਰੰਗ ਸਫੈਦ ਤੇ ਸਬਜ਼ੀਆਂ ਗੰਦੇ ਨਾਲੇ ਦੇ ਪਾਣੀ ਨਾਲ ਧੋ ਕੇ ਤੇ ਗਾਜਰਾਂ, ਮਟਰਾਂ ਨੂੰ ਰੰਗ ਚਾੜ੍ਹ ਕੇ ਬਹੀਆਂ ਸਬਜ਼ੀਆਂ ਨੂੰ ਪਾਲਿਸ਼ ਕਰਕੇ ਮਨੁੱਖੀ ਜ਼ਿੰਦਗੀਆਂ ਨੂੰ ਬਿਮਾਰੀਆਂ ਦੀ ਡੂੰਘੀ ਖੱਡ ਵਿੱਚ ਸੁੱਟਿਆ ਜਾ ਰਿਹਾ ਹੈ।ਖਾਣ-ਪੀਣ ਦੀਆਂ ਰੇਹੜੀਆਂ ਉੱਪਰ ਵਿਕਦੀਆਂ ਆਲੂ ਦੀਆਂ ਟਿੱਕੀਆਂ, ਦਹੀਂ- ਭੱਲੇ, ਗੋਲ-ਗੱਪੇ, ਸਮੋਸੇ, ਪਕੌੜਿਆਂ ਵਿੱਚ ਘਟੀਆ ਘਿਓ, ਤੇਲ ਦੀ ਵਰਤੋਂ ਤੋਂ ਇਲਾਵਾ ਇਨ੍ਹਾਂ ਵਿੱਚ ਗਲੀਆਂ ਸੜੀਆਂ ਸਬਜ਼ੀਆਂ ਤੇ ਵਸਤਾਂ ਵਰਤੀਆਂ ਜਾ ਰਹੀਆਂ ਹਨ। ਰੈਸਟੋਰੈਂਟ, ਹੋਟਲਾਂ, ਢਾਬਿਆਂ ਵਿੱਚ ਬਚੀ ਹੋਈ ਰਹਿੰਦ ਖੂੰਹਦ ਅਗਲੇ ਦਿਨ ਗਾਹਕਾਂ ਨੂੰ ਪਰੋਸ ਦਿੱਤੀ ਜਾਂਦੀ ਹੈ, ਫਾਸਟ ਫੂਡ ਦੀਆਂ ਦੁਕਾਨਾਂ ਬਰਗਰ ਵਿੱਚ ਬੇਹੇ ਬਰੈੱਡ, ਪੀਜ਼ੇ ਵਿੱਚ ਘਟੀਆ ਮੈਦਾ ਤੇ ਸਬਜ਼ੀਆਂ, ਜੂਸ ਵਿੱਚ ਗਲੇ-ਸੜੇ ਫਰੂਟ ਜਿਵੇਂ ਸੰਤਰੇ, ਸੇਬ, ਕੇਲੇ, ਅਨਾਨਾਸ, ਮੌਸੰਮੀ, ਚੁਕੰਦਰ, ਗਾਜਰਾਂ ਆਦਿ ਤੋਂ ਇਲਾਵਾ ਰਸਾਇਣਕ ਰੰਗਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਲੋਕਾਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ ਸਬੰਧੀ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਨਾ ਕਦੇ ਚੈਕਿੰਗ ਕੀਤੀ ਗਈ ਹੈ ਤੇ ਨਾ ਹੀ ਇਸ ਮਸਲੇ ਨੂੰ ਗੰਭੀਰਤਾ ਨਾਲ ਲਿਆ ਹੈ। ਇਹ ਗੋਰਖ ਧੰਦਾ ਸਿਆਸੀ ਸਰਪ੍ਰਸਤੀ ਤੇ ਪ੍ਰਸ਼ਾਸਨ ਦੀ ਮਿਲੀਭੁਗਤ ਸਦਕਾ ਬਾਦਸਤੂਰ ਜਾਰੀ ਹੈ। ਬਦਕਿਸਮਤੀ ਤੇ ਤਰਾਸਦੀ ਇਹ ਹੈ ਕਿ ਸੱਤਾਧਾਰੀ ਪਾਰਟੀ ਦਾ ਕੋਈ ਵੀ ਵਿਧਾਇਕ ਜਾਂ ਹਲਕਾ ਇੰਚਾਰਜ ਨਹੀਂ ਚਾਹੁੰਦਾ ਕਿ ਕੋਈ ਚੰਡੀਗੜ੍ਹ ਤੇ ਜ਼ਿਲ੍ਹੇ 'ਚੋਂ ਉੱਚ-ਪੱਧਰੀ ਟੀਮ ਜਾਂ ਪੰਜਾਬ ਦਾ ਕੋਈ ਮੰਤਰੀ ਉਸ ਦੇ ਹਲਕੇ ਵਿੱਚ ਆ ਕੇ ਦਖਲ ਅੰਦਾਜ਼ੀ ਕਰੇ, ਕਿਉਂਕਿ ਮਿਲਾਵਟ ਖੋਰ ਤੇ ਬੇਈਮਾਨ ਕਾਰੋਬਾਰੀ ਸੱਤਾਧਾਰੀ ਲੋਕਾਂ ਲਈ ਕਮਾਈ ਦਾ ਸਾਧਨ ਤੇ ਵੋਟ ਬੈਂਕ ਹਨ, ਜਿਸ ਨੂੰ ਨਾਲ ਲੈ ਕੇ ਚੱਲਣਾ ਸੱਤਾਧਾਰੀਆਂ ਲਈ ਅਤੀ ਜ਼ਰੂਰੀ ਹੈ। ਲੈਫਟੀਨੈਂਟ ਕਰਨਲ ਰਣਜੀਤ ਸਿੰਘ, ਬੀਕੇਯੂ ਕਾਦੀਆਂ ਦੇ ਸੀਨੀਅਰ ਲੀਡਰ ਦਰਸ਼ਨ ਸਿੰਘ ਮੀਹਾ ਸਿੰਘ ਵਾਲਾ, ਤਰਕਸ਼ੀਲ ਆਗੂ ਜਸਵੰਤ ਸਿੰਘ ਸੰਧੂ, ਮੇਹਰ ਸਿੰਘ ਬਾਠ, ਦਿਲਜੀਤ ਸਿੰਘ ਜੌਹਲਵਾੜਾ, ਚੈਨ ਸਿੰਘ, ਮਾਸਟਰ ਗੁਰਜੰਟ ਸਿੰਘ, ਮਜ਼ਦੂਰ ਆਗੂ ਜਸਵੰਤ ਸਿੰਘ ਸਹੋਤਾ ਆਦਿ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜ਼ੀਰਾ ਵਿੱਚ ਮਿਲਾਵਟੀ ਤੇ ਘਟੀਆ ਵਸਤਾਂ ਦੀ ਵਰਤੋਂ ਤੁਰੰਤ ਬੰਦ ਕਰਵਾਈ ਜਾਵੇ।

# ਪੀ ਆਰ ਟੀ ਸੀ ਦੇ ਡਰਾਈਵਰਾਂ ਤੇ ਕੰਡਕਟਰਾਂ ਵੱਲੋਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਵੇਗਾ ਜਾਗਰੂਕ : ਚੇਅਰਮੈਨ ਜੁਨੇਜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਜੋ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰ ਰਹੀਆਂ ਹਨ, ਦੇ ਨੁਮਾਇੰਦਿਆਂ ਸ਼ਹੀਦ-ਏ-ਆਜ਼ਮ ਸ੍. ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈੱਲ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਨਾਲ ਨਸ਼ਿਆਂ ਸਬੰਧੀ ਕੀਤੇ ਜਾ ਰਹੇ ਕੰਮਾਂ ਬਾਰੇ ਮੁਲਾਕਾਤ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਰਾਜਾ ਤੂੜ, ਅਕਰਮ ਖ਼ਾਨ, ਸ਼ਮੀਰ ਖ਼ਾਨ, ਪ੍ਰਤਾਪ ਸਿੰਘ, ਜ਼ੋਨ ਕਾਹਲੋਂ, ਰਾਜਵੀਰ ਸਿੰਘ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ ਨੇ ਵੀ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਪੀ ਆਰ ਟੀ ਸੀ ਹਰਪਾਲ ਜੁਨੇਜਾ ਨੇ ਕਿਹਾ ਕਿ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਾਇਆ ਜਾ ਰਿਹਾ ਯੋਗਦਾਨ ਸ਼ਲਾਘਾਯੋਗ ਹੈ।ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕਿ ਪੀ ਆਰ ਟੀ ਸੀ ਦੇ ਡਰਾਈਵਰਾਂ ਤੇ ਕੰਡਕਟਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ।ਉਨ੍ਹਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹੋ ਨਸ਼ਾ ਕਰਨ ਵਾਲੇ ਵਿਅਕਤੀ ਨੂੰ ਨਫ਼ਰਤ ਦੀ ਨਿਗਾਹ ਨਾਲ ਨਾ ਦੇਖਣ, ਸਗੋਂ ਉਸ ਨੂੰ ਮਰੀਜ਼ ਸਮਝ ਕੇ ਉਸ ਦੀ ਕੌਂਸਲਿੰਗ ਕਰਕੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਉਸ ਦਾ ਇਲਾਜ ਕਰਵਾਉਣ ਲਈ ਪ੍ਰੇਰਿਤ ਕਰਨ।ਉਨ੍ਹਾਂ ਕਿਹਾ ਕਿ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਨਸ਼ਾ ਛੱਡਣ ਵਾਲੇ ਵਿਅਕਤੀ ਦਾ ਇਲਾਜ ਸਰਕਾਰ ਵੱਲੋਂ ਮੁਫ਼ਤ ਕੀਤਾ ਜਾ ਰਿਹਾ ਹੈ।ਉਨ੍ਹਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੰਜਾਬ ਸਰਕਾਰ ਨੂੰ ਸੰਪੂਰਨ ਸਹਿਯੋਗ ਕਰਨ ਲਈ ਅੱਗੇ ਆਉਣ ਤਾਂ ਹੀ ਅਸੀਂ ਮੁੜ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਾਂਗੇ।

# ਮਲੂਕਾ ਦੀ ਅਗਵਾਈ ਹੇਠ ਕਈ ਪਰਵਾਰ ਭਾਜਪਾ 'ਚ ਸ਼ਾਮਲ

- ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਅੰਦਰ ਕਮਲ ਦਾ ਫੁੱਲ ਖਿੜੇਗਾ : ਸਿੰਗਲਾ



**ਬਠਿੰਡਾ (ਰਾਜੀਵ ਗੋਇਲ)**

ਜਿਉਂ-ਜਿਉਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਸਿਆਸੀ ਪਾਰਟੀਆਂ ਵੱਲੋਂ ਆਮ ਲੋਕਾਂ ਨੂੰ ਧੜੱਲੇ ਨਾਲ ਪਾਰਟੀਆਂ ਅੰਦਰ ਸ਼ਾਮਲ ਕੀਤਾ ਜਾ ਰਿਹਾ ਹੈ ਤੇ ਇਸੇ ਹੀ ਲੜੀ ਤਹਿਤ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਨਾਲ ਸੰਬੰਧਨ ਕਰੀਬ 4 ਦਰਜ਼ਨ ਪਰਵਾਰਾਂ ਨੇ ਸਰਕਲ ਪ੍ਰਧਾਨ ਬਵਲੇਸ਼ ਕੁਮਾਰ ਬੌਬੀ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਪਹਿਰਾ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ ਹੇਠ ਭਾਜਪਾ ਦਾ ਪੱਲਾ ਫੜ ਲਿਆ ਹੈ। ਇਸ ਮੌਕੇ ਮਲੂਕਾ ਵੱਲੋਂ ਸ਼ਾਮਲ ਪਰਵਾਰਾਂ ਦਾ ਸਵਾਗਤ ਕੀਤਾ ਗਿਆ ਤੇ ਸਿੰਗਲਾ ਵੱਲੋਂ ਸ਼ਾਮਲ ਪਰਵਾਰਾਂ ਨੂੰ ਪਾਰਟੀ ਅੰਦਰ ਬਣਦਾ ਮਾਣ ਸਤਿਕਾਰ ਦੇਣ ਦੀ ਗੱਲ ਆਖੀ ਗਈ ਹੈ। ਉਨ੍ਹਾਂ ਕਿਹਾ ਕਿ ਦਿਨੋਂ ਦਿਨ ਭਾਜਪਾ ਦਾ ਪੱਲੜਾ ਮਜ਼ਬੂਤ ਹੁੰਦਾ ਜਾ ਰਿਹਾ ਹੈ ਤੇ ਲੋਕ ਕੇਂਦਰੀ ਸਕੀਮਾਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਨਾਲ ਜੁੜ ਰਹੇ ਹਨ ਅਤੇ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਅੰਦਰ ਕਮਲ ਦਾ ਫੁੱਲ ਖਿੜੇਗਾ। ਇਸ ਮੌਕੇ ਸ਼ਾਮਲ ਹੋਣ ਵਾਲੇ ਪਰਵਾਰਾਂ ਵਿੱਚ ਮਨਜੀਤ ਕੌਰ, ਹਰਮੀਤ ਕੌਰ, ਸਤਵੀਰ ਸਿੰਘ, ਬਿੰਦਰ ਕੌਰ, ਹਾਕਮ ਸਿੰਘ, ਕਾਲੂ ਸਿੰਘ, ਜਸਵੀਰ ਕੌਰ, ਹਰਜਿੰਦਰ ਸਿੰਘ, ਗੁਰਦੇਵ ਸਿੰਘ, ਮੱਖਣ ਸਿੰਘ, ਵੀਰਪਾਲ ਕੌਰ, ਰਣਜੀਤ ਸਿੰਘ, ਤਰਸੇਮ ਸਿੰਘ, ਮੱਖਣ ਸਿੰਘ, ਸੁਖਦੇਵ ਸਿੰਘ, ਸ਼ਾਂਤੀ ਕੌਰ, ਗਗਨਦੀਪ ਕੌਰ, ਮਨਜੀਤ ਕੌਰ, ਕ੍ਰਿਸ਼ਣਾ ਰਾਣੀ, ਦਲਜੀਤ ਕੌਰ, ਮਨਜੀਤ ਕੌਰ, ਮੁਖੀ ਕੌਰ, ਰਮਨਦੀਪ ਕੌਰ, ਦਲਜੀਤ ਕੌਰ ਆਦਿ ਦੇ ਨਾਮ ਹਨ। ਭਾਜਪਾ ਆਗੂ ਸੁਖਚੈਨ ਸਿੰਘ ਧੁੰਨਾ ਵਾਈਸ ਪ੍ਰਧਾਨ, ਰਾਧੇ ਸ਼ਾਮ ਜਨਰਲ ਸੈਕਟਰੀ, ਬੂਟਾ ਸਿੰਘ ਭਾਈਰੂਪਾ ਜ਼ਿਲ੍ਹਾ ਪ੍ਰਧਾਨ ਕਿਸਾਨ ਮੋਰਚਾ, ਮਨਦੀਪ ਸ਼ਰਮਾ ਮਲੂਕਾ, ਸੁਖਮੰਦਰ ਸਿੰਘ ਸੂਬੇਦਾਰ, ਸਤਵੀਰ ਸਿੰਘ ਜੱਗਾ ਹਾਜ਼ਰ ਸਨ।

## ਜੈ ਇੰਦਰ ਕੌਰ ਨੇ ਆਦਮਪੁਰ ਏਅਰਪੋਰਟ ਦਾ ਨਾਂਅ ਗੁਰੂ ਰਵਿਦਾਸ ਜੀ ਦੇ ਨਾਂਅ 'ਤੇ ਰੱਖਣ ਲਈ ਕੀਤਾ ਧੰਨਵਾਦ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਿਸ਼ੇਸ਼ ਤੌਰ 'ਤੇ ਜਲੰਧਰ ਦੇ ਡੇਰਾ ਬੱਲਾਂ ਵਿਖੇ ਨਤਮਸਤਕ ਹੋਏ ਅਤੇ ਸੰਤ ਨਿਰੰਜਨ ਦਾਸ ਜੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਆਦਮਪੁਰ ਏਅਰਪੋਰਟ ਪਹੁੰਚਣ 'ਤੇ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਜੀ ਦੇ ਪੰਜਾਬ ਆਉਣ 'ਤੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਆਦਮਪੁਰ ਏਅਰਪੋਰਟ ਦਾ ਨਾਂ ਬਦਲ ਕੇ ਸ੍ਰੀ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਰੱਖਣ ਦੇ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ [illegible]

## ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਬਰਨਾਲਾ (ਰਾਜਿੰਦਰ ਬਰਾੜ)**-ਹਰੇਕ ਸਾਲ ਦੀ ਤਰ੍ਹਾਂ ਨਗਰ ਸੁਧਾਰ ਕਮੇਟੀ ਹਰੀ ਨਗਰ ਬਰਨਾਲਾ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਧਰਮਸ਼ਾਲਾ ਹਰੀ ਨਗਰ ਬਰਨਾਲਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। [illegible]

## ਲਾਡੀ ਢੋਸ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਜਾਇਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਸੀ ਐਚ ਸੀ ਧਰਮਕੋਟ ਅਤੇ ਕੋਟ ਈਸੇ ਖਾਂ ਵਿੱਚ ਲਾਭਪਾਤਰੀਆਂ ਦੀ ਚੱਲ ਰਹੀ ਰਜਿਸਟ੍ਰੇਸ਼ਨ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਐਸ ਡੀ ਐਮ ਹਿਤੇਸ਼ ਵੀਰ ਗੁਪਤਾ ਵਿਸ਼ੇਸ ਤੌਰ 'ਤੇ ਹਾਜ਼ਰ ਸਨ।ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਉਨ੍ਹਾਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਹਰੇਕ ਸੂਬਾ ਵਾਸੀ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਤੇ ਮੁਫ਼ਤ ਬੱਸ ਯਾਤਰਾ ਦੀ ਸਹੂਲਤ ਦਿੱਤੀ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅੰਗਹੀਣ ਵਿਅਕਤੀਆਂ ਦੀ ਵਿੱਤੀ ਮਦਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ 47 ਅੰਗਹੀਣ ਵਿਅਕਤੀਆਂ ਨੂੰ 40 ਹਜ਼ਾਰ ਦੇ ਕਰੀਬ ਸਹਾਇਤਾ ਰਾਸ਼ੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਨੇ ਦੱਸਿਆ ਕਿ ਇਹ ਅੰਗਹੀਣ ਵਿਅਕਤੀ ਕੰਮ ਕਰਨ ਤੋਂ ਅਸਮਰਥ ਹਨ ਤੇ ਕਈ ਲੰਮੇ ਸਮੇਂ ਤੋਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਹਨ ਅਤੇ ਇਨ੍ਹਾਂ ਦੀ ਆਰਥਿਕ ਸਥਿਤੀ ਵੀ ਠੀਕ ਨਹੀਂ ਹੈ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਟਰੱਸਟ ਦੇ ਪ੍ਰੋਟੋਕਾਲ ਮੁਤਾਬਕ ਇਨ੍ਹਾਂ ਅੰਗਹੀਣ ਵਿਅਕਤੀਆਂ ਦੇ ਸਮੇਂ ਸਮੇਂ ਅਨੁਸਾਰ ਫ਼ਾਰਮ ਭਰ ਕੇ ਡਾਕਟਰ ਐੱਸ ਪੀ ਸਿੰਘ ਓਬਰਾਏ ਕੋਲ ਭੇਜੇ ਜਾਂਦੇ ਹਨ ਤਾਂ ਇਨ੍ਹਾਂ ਦੇ ਹਾਲਾਤਾਂ ਨੂੰ ਦੇਖਦਿਆਂ ਡਾ. ਓਬਰਾਏ ਵੱਲੋਂ ਤਰੁੰਤ ਹੀ ਪ੍ਰਵਾਨਗੀ ਦਿੱਤੀ ਜਾਂਦੀ ਹੈ ਅਤੇ ਟਰੱਸਟ ਦੀ ਸ੍ਰੀ ਮੁਕਤਸਰ ਸਾਹਿਬ ਟੀਮ ਰਹੀ ਇਨ੍ਹਾਂ ਨੂੰ ਸਹਾਇਤਾ ਰਾਸ਼ੀ ਤਕਸੀਮ ਕੀਤੀ ਜਾਂਦੀ ਹੈ।ਸਹਾਇਤਾ ਰਾਸ਼ੀ ਲੈਣ ਉਪਰੰਤ ਅੰਗਹੀਣ ਵਿਅਕਤੀਆਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਡਾ. ਓਬਰਾਏ ਹਮੇਸ਼ਾ ਸਾਡੀ ਲਾਠੀ ਬਣ ਕੇ ਸਾਡੇ ਨਾਲ ਖੜ੍ਹਦੇ ਹਨ, ਸਾਡੀਆਂ ਨਿੱਜੀ ਲੋੜਾਂ ਪੂਰੀਆਂ ਕਰਦੇ ਹਨ।ਇਸ ਮੌਕੇ ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ. ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਜੀਤ ਸਿੰਘ ਮਾਨ ਰਿਟਾ. ਪ੍ਰਿੰਸੀਪਲ, ਰਣਧੀਰ ਸਿੰਘ ਸਾਗੂ ਮੀਡੀਆ ਇੰਚਾਰਜ, ਚਰਨਜੀਤ ਸਿੰਘ, ਸੁਖਬੀਰ ਸਿੰਘ ਜੈਲਦਾਰ, ਗੁਰਦਰਸ਼ਨ ਸਿੰਘ ਬੇਦੀ ਰਿਟਾ. ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ ਆਦਿ ਹਾਜ਼ਰ ਸਨ।

## ਸਾਲਾਨਾ ਧਾਰਮਿਕ ਸਮਾਗਮ ਨੂੰ ਸਮਰਪਤ ਖ਼ੂਨਦਾਨ ਕੈਂਪ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਨੇ ਗੁ: ਸਿੰਘ ਸਭਾ ਨਨਿਓਲਾ ਦੇ ਸਹਿਯੋਗ ਨਾਲ 66ਵੇਂ ਸਾਲਾਨਾ ਧਾਰਮਿਕ ਸਮਾਗਮ ਨੂੰ ਸਮਰਪਿਤ ਪਿੰਡ ਨਨਿਓਲਾ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਹ ਖ਼ੂਨਦਾਨ ਕੈਂਪ ਮਹਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ।ਖ਼ੂਨਦਾਨ ਕੈਂਪ ਦਾ ਰਸਮੀ ਉਦਘਾਟਨ ਹੈੱਡ ਗ੍ਰੰਥੀ ਭਾਈ ਸੁਰਿੰਦਰ ਸਿੰਘ ਨੇ ਖ਼ੂਨ ਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ 66 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ।ਇਸ ਮੌਕੇ ਪ੍ਰਧਾਨ ਸੰਦੀਪ ਸਿੰਘ ਤੇ ਹੈੱਡ ਗ੍ਰੰਥੀ ਭਾਈ ਸੁਰਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਖ਼ੂਨ ਦਾਨ ਕਰਨਾ ਸਭ ਤੋਂ ਵੱਡਾ ਪੁੰਨ ਹੈ।ਐਮਰਜੈਂਸੀ ਮਰੀਜ਼ਾਂ ਲਈ ਖ਼ੂਨ ਦਾਨ ਕਰਨਾ ਬਹੁਤ ਵੱਡੀ ਸੇਵਾ ਹੈ।ਇਸ ਮੌਕੇ ਮਹਿੰਦਰ ਸਿੰਘ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ, ਮੈਡਲ ਤੇ ਸਰਟੀਫਿਕੇਟ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸੰਦੀਪ ਸਿੰਘ, ਹੈੱਡ ਗ੍ਰੰਥੀ ਭਾਈ ਸੁਰਿੰਦਰ ਸਿੰਘ, ਖਜ਼ਾਨਚੀ ਦਵਿੰਦਰ ਸਿੰਘ, ਮੈਂਬਰ ਤਰਸੇਮ ਸਿੰਘ, ਹਰਕ੍ਰਿਸ਼ਨ ਸਿੰਘ ਸੁਰਜੀਤ, ਮੈਡਮ ਕਿਰਨ, ਰਣਜੀਤ ਸਿੰਘ ਤੇ ਗੁਰਧਿਆਨ ਸਿੰਘ ਆਦਿ ਹਾਜ਼ਰ ਸਨ।

## ਪੰਜਾਬ ਤੇ ਹਰਿਆਣਾ ਦੇ ਕਿਸਾਨਾਂ ਲਈ ਬਜਟ ਨਿਰਾਸ਼ਾਜਨਕ : ਨੂਰ ਔਲਖ਼

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ਼ ਨੇ ਕੇਂਦਰੀ ਬਜਟ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਅੱਖੋਂ-ਪਰੋਖੇ ਕੀਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਕਿਸਾਨ-ਪੱਖੀ ਹੋਣ ਦੇ ਦਾਅਵੇ ਪੂਰੀ ਤਰ੍ਹਾਂ ਖੋਖਲੇ ਸਾਬਤ ਹੋਏ ਹਨ, ਕਿਉਂਕਿ ਖੇਤੀ ਪ੍ਰਧਾਨ ਰਾਜਾਂ ਲਈ ਬਜਟ ਵਿੱਚ ਕੋਈ ਵੀ ਰਾਹਤਕਾਰੀ ਐਲਾਨ ਨਹੀਂ ਕੀਤਾ ਗਿਆ।ਨੂਰ ਔਲਖ਼ ਨੇ ਉਚੇਚੇ ਤੌਰ 'ਤੇ ਜ਼ਿਕਰ ਕੀਤਾ ਕਿ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ।ਇਸ ਤੋਂ ਇਲਾਵਾ, ਮੰਡੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੋਈ ਠੋਸ ਵਿੱਤੀ ਸਹਾਇਤਾ ਨਹੀਂ ਦਿੱਤੀ ਗਈ, ਜਿਸ ਕਾਰਨ ਪੰਜਾਬ ਵਰਗੇ ਖੇਤੀ ਅਧਾਰਿਤ ਸੂਬਿਆਂ ਨੂੰ ਆਪਣੇ ਹਾਲ 'ਤੇ ਛੱਡ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਦੇਸ਼ ਦਾ ਪੇਟ ਭਰਨ ਵਾਲੇ ਕਿਸਾਨਾਂ ਲਈ ਖੁਰਾਕ ਸੁਰੱਖਿਆ ਪ੍ਰਣਾਲੀ ਵਿੱਚ ਨਿਵੇਸ਼ ਕਰਨਾ ਸਰਕਾਰ ਦੀ ਤਰਜੀਹ ਨਹੀਂ ਰਿਹਾ।ਬਜਟ ਵਿੱਚ ਕੀਮਤੀ ਫ਼ਸਲਾਂ ਨੂੰ ਉਤਸ਼ਾਹਤ ਕਰਨ ਦੇ ਤਰੀਕੇ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਦਾ ਰਵੱਈਆ ਪੱਖਪਾਤੀ ਹੈ।ਉਨ੍ਹਾਂ ਇਸ ਬਜਟ ਨੂੰ ਕੇਂਦਰ ਦੀ ਲਗਾਤਾਰ ਉਦਾਸੀਨਤਾ ਦਾ ਪ੍ਰਤੀਕ ਦੱਸਿਆ।ਉਨ੍ਹਾਂ ਕਿਹਾ ਕਿ ਪੰਜਾਬ ਦੇ ਅੰਨਦਾਤੇ ਨੇ ਹਮੇਸ਼ਾ ਦੇਸ਼ ਦੀ ਖੁਰਾਕੀ ਲੋੜਾਂ ਨੂੰ ਪੂਰਾ ਕੀਤਾ ਹੈ, ਇਸ ਲਈ ਉਹ ਸਿਰਫ਼ ਖੋਖਲੇ ਨਾਅਰਿਆਂ ਦੇ ਨਹੀਂ, ਸਗੋਂ ਅਸਲ ਸਨਮਾਨ, ਸਹਿਯੋਗ ਤੇ ਵਾਜਬ ਸਰਕਾਰੀ ਨਿਵੇਸ਼ ਦੇ ਹੱਕਦਾਰ ਹਨ।

## 15 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 15 ਗ੍ਰਾਮ ਹੈਰੋਇਨ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਜਦ ਗਸ਼ਤ ਕਰਦੀ ਹੋਈ ਰੇਲਵੇ ਸਟੇਸ਼ਨ ਕੈਂਟ ਫਿਰੋਜ਼ਪੁਰ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮੁਲਜ਼ਮ ਸੰਨੀ ਪੁੱਤਰ ਸ਼ਿੰਦਾ ਵਾਸੀ ਖਲਚੀਆਂ ਜਦੀਦ ਹੈਰੋਇਨ ਅੱਗੇ ਵੇਚਣ ਲਈ ਗਾਹਕਾਂ ਦਾ ਜ਼ਿਲ੍ਹਾ ਪ੍ਰੀਸ਼ਦ ਦਫਤਰ ਖੜਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਜਗਰਾਜ ਸਿੰਘ ਉਰਫ ਨਿੱਕੂ ਪੁੱਤਰ ਜਸਵੀਰ ਸਿੰਘ ਵਾਸੀ ਸੋਢੀ ਨਗਰ ਨੂੰ ਕਾਬੂ ਕਰਕੇ ਉਸ ਕੋਲੋਂ 6 ਗ੍ਰਾਮ ਹੈਰੋਇਨ, 300 ਰੁਪਏ ਭਾਰਤੀ ਕਰੰਸੀ ਤੇ ਇੱਕ ਕੰਪਿਊਟਰ ਕੰਡਾ ਬਰਾਮਦ ਕੀਤਾ। ਥਾਣਾ ਮੱਲਾਂਵਾਲਾ ਪੁਲਸ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਲਈ ਰਵਾਨਾ ਸੀ ਤਾਂ ਜਦ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਨਾ ਮੰਡੀ ਮੱਲਾਂਵਾਲਾ ਪੁੱਜੀ ਤਾਂ ਇੱਕ ਨੌਜਵਾਨ ਗੁਰਪ੍ਰੀਤ ਸਿੰਘ ਉਰਫ ਕਾਲੂ ਪੁੱਤਰ ਹਰਦੇਵ ਸਿੰਘ ਵਾਸੀ ਦੂਲਾ ਸਿੰਘ ਵਾਸੀ ਮੱਲਾਂਵਾਲਾ ਨੂੰ ਕਾਬੂ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਮੁਲਾਜ਼ਮ ਮੰਗਾਂ ਨੂੰ ਲੈ ਕੇ 15 ਨੂੰ ਸੰਗਰੂਰ 'ਚ ਹੋਵੇਗੀ ਲਾਮਿਸਾਲ ਰੈਲੀ : ਮੋਰਚਾ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਦੀਆਂ ਵੱਖ ਵੱਖ ਸੰਘਰਸ਼ੀ ਜਥੇਬੰਦੀਆਂ ਵੱਲੋਂ ਵਿੱਤੀ ਮੰਗਾਂ ਨੂੰ ਲੈ ਕੇ ਪੁਰਾਣੇ ਸਕੇਲ ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ ਦੇ ਆਗੂਆਂ ਦੀ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਗੁਰਦੀਪ ਸਿੰਘ ਬਾਸੀ, ਰੁਪਿੰਦਰਪਾਲ ਗਿੱਲ, ਰਮਨਜੀਤ ਸਿੰਘ ਸੰਧੂ, ਜਸਵਿੰਦਰ ਸਿੰਘ ਐਤੀਆਣਾ, ਬਰਜਿੰਦਰ ਸਿੰਘ, ਬੀਰਪਾਲ ਕੌਰ, ਸੁਰਿੰਦਰਪਾਲ ਸਿੰਘ, ਪਰਮਿੰਦਰ ਸਿੰਘ ਮਲੌਦ ਸ਼ਾਮਲ ਹੋਏ।ਆਗੂਆਂ ਨੇ ਕਿਹਾ ਕਿ ਪੁਰਾਣੇ ਸਕੇਲ ਤੇ ਪੁਰਾਣੀ ਪੈਨਸ਼ਨ ਲਾਗੂ ਕਰਨ ਅਤੇ ਪੇਂਡੂ ਤੇ ਬਾਰਡਰ ਏਰੀਆ ਭੱਤਾ ਸਮੇਤ ਕੱਟੇ ਗਏ 37 ਕਿਸਮ ਦੇ ਭੱਤੇ, ਏ.ਸੀ.ਪੀ. ਤੇ ਪੈਂਡਿੰਗ 16% ਡੀਏ ਆਦਿ ਲਾਗੂ ਕਰਵਾਉਣ ਲਈ ਸੰਗਰੂਰ ਵਿਖੇ 15 ਫਰਵਰੀ ਨੂੰ ਰੈਲੀ ਕਰਨ ਉਪਰੰਤ ਰੋਸ ਮਾਰਚ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਮੁਲਾਜ਼ਮ ਵਿਰੋਧੀ ਨਵੇਂ ਸਕੇਲਾਂ ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਤੇ ਨਵੇਂ ਮੁਲਾਜ਼ਮਾਂ ਲਈ ਪੰਜਾਬ ਪੇ ਸਕੇਲ ਲਾਗੂ ਕਰਵਾਉਣਾ, ਪੰਜਾਬ ਪੇ ਸਕੇਲਾਂ ਅਦਾਲਤੀ ਫੈਸਲਿਆਂ ਨੂੰ ਲਾਗੂ ਕਰਨ ਦੌਰਾਨ ਛੇਵੇਂ ਪੰਜਾਬ ਪੇਅ ਕਮਿਸ਼ਨ ਸਮੇਤ 15% ਤਨਖ਼ਾਹ ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣਾ ਅਤੇ ਪੰਜਾਬ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਹਰ ਕਿਸਮ ਦੀ ਗੈਰ-ਵਾਜਿਬ ਤੇ ਜਬਰੀ ਤਨਖ਼ਾਹ ਰਿਕਵਰੀ ਅਤੇ ਤਨਖ਼ਾਹ ਕਟੌਤੀ 'ਤੇ ਰੋਕ ਲਗਾਈ ਜਾਵੇ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਪੁਰਾਣੀ ਪੈਨਸ਼ਨ ਪ੍ਰਣਾਲੀ ਦੇ ਨੋਟੀਫਿਕੇਸ਼ਨ ਦਾ ਸਾਲ 1972 ਦੇ ਨਿਯਮਾਂ ਅਨੁਸਾਰ ਸਟੈਂਡਰਡ ਆਪ੍ਰੇਟਿਵ ਪ੍ਰੋਸੀਜ਼ਰ ਜਾਰੀ ਕਰਵਾ ਕੇ ਜੀ. ਪੀ. ਐੱਫ. ਖਾਤੇ ਖੁੱਲ੍ਹਵਾਏ ਜਾਣ, ਕੱਟੇ ਗਏ ਭੱਤਿਆਂ ਦੀ ਬਹਾਲੀ ਸਮੇਤ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ ਰੀਵਿਊ ਕਰਨ ਦੇ ਨਾਂਅ ਹੇਠ ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਤੇ ਏ.ਸੀ.ਪੀ. ਸਕੀਮ ਬਹਾਲ ਕੀਤੀ ਜਾਵੇ ਅਤੇ ਡੀ. ਏ. ਦੀਆਂ ਪੈਂਡਿੰਗ 16% ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ।ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ੍ਹ ਤੋਂ ਇਲਾਵਾ ਰਾਜਿੰਦਰ ਜੰਡਿਆਲੀ, ਸੁਖਦੇਵ ਸਿੰਘ, ਅਵਤਾਰ ਸਿੰਘ ਖਾਲਸਾ, ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਅਮਨਦੀਪ ਵਰਮਾ, ਸੰਦੀਪ ਕੁਮਾਰ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਡਿੱਬੀਪੁਰਾ 'ਚ ਇਕਾਈ ਦਾ ਗਠਨ



**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ ਜਲਾਲਾਬਾਦ ਦੇ ਪਿੰਡ ਡਿੱਬੀਪੁਰਾ ਵਿਖੇ ਮੀਟਿੰਗ ਕੀਤੀ ਗਈ, ਜਿਸ 'ਚ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਰੋਹੀ ਵਾਲਾ ਦੀ ਅਗਵਾਈ ਹੇਠ ਪਿੰਡ ਡਿੱਬੀਪੁਰਾ ਇਕਾਈ ਦਾ ਗਠਨ ਕੀਤਾ ਗਿਆ। [illegible]

## ਇੱਕ ਦਿਨ ਲਈ ਵਿੱਤ ਮੰਤਰੀ ਬਣੇ ਲਵਪ੍ਰੀਤ ਸਿੰਘ ਨੇ ਪੜ੍ਹਾਈ 'ਚ ਮਾਰੀਆਂ ਮੱਲਾਂ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-'ਮਿਹਨਤ ਅੱਗੇ ਲੱਛਮੀ, ਪੱਖੇ ਅੱਗੇ ਪੌਣ' ਦੀ ਕਹਾਵਤ ਪਿੰਡ ਰਟੋਲਾਂ ਦੇ ਲਖਵੀਰ ਸਿੰਘ ਸਪੁੱਤਰ ਬਲਕਾਰ ਸਿੰਘ ਨੇ ਆਪਣੀ ਦਸਵੀਂ ਦੀ ਪੜ੍ਹਾਈ ਵਿੱਚ ਲਗਾਤਾਰ ਮੱਲਾਂ ਮਾਰ ਕੇ ਸਿੱਧ ਕਰ ਦਿੱਤੀ ਹੈ। [illegible]

## ਪੰਜਾਬੀ ਸਾਹਿਤ ਸਭਾ ਦੀ ਮੀਟਿੰਗ 'ਚ ਚੱਲਿਆ ਰਚਨਾਵਾਂ ਦਾ ਦੌਰ



**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬੀ ਸਾਹਿਤ ਸਭਾ ਬਠਿੰਡਾ ਦੀ ਮਹੀਨਾਵਾਰ ਸਾਹਿਤਕ ਮੀਟਿੰਗ ਸਭਾ ਦੇ ਸਰਪ੍ਰਸਤ ਸ੍ਰੀ ਗੁਰਦੇਵ ਖੋਖਰ ਦੀ ਪ੍ਰਧਾਨਗੀ ਹੇਠ ਹੋਈ। ਸਭ ਤੋਂ ਪਹਿਲਾਂ [illegible] ਜਿੰਦਰ ਆਗੂ ਬੈਂਕ ਇੰਪਲਾਈਜ਼ ਯੂਨੀਅਨ, ਗੋਪਾਲ ਸਿੰਘ ਕੋਟਫੱਤਾ ਸੇਵਾਮੁਕਤ ਪੀ ਸੀ ਐੱਸ ਨੂੰ ਸ਼ਾਮਲ ਕੀਤਾ ਗਿਆ ਹੈ। ਕਾਰਜਕਾਰੀ ਵਿੱਚ [illegible] ਰਚਨਾਵਾਂ 'ਤੇ ਗੁਰਦੇਵ ਖੋਖਰ ਨੇ ਉਸਾਰੂ ਤੇ ਸਾਰਥਕ ਵਿਚਾਰ ਪੇਸ਼ ਕੀਤੇ। ਆਗਾਜ਼ਬੀਰ ਤੇ ਪਵਨ ਕੁਮਾਰ ਨੇ ਵੀ ਚਰਚਾ ਵਿੱਚ ਭਾਗ ਲਿਆ।

## ਕੇਂਦਰੀ ਬਜਟ ਲੋਕਾਂ ਦੀਆਂ ਆਸਾਂ-ਉਮੀਦਾਂ 'ਤੇ ਖਰਾ ਉਤਰੇਗਾ : ਬੌਬੀ ਸਿੰਗਲਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤਾ ਗਿਆ ਸਾਲ 2026-27 ਦਾ ਬਜਟ ਬਹੁਤ ਹੀ ਸ਼ਲਾਘਾਯੋਗ ਹੈ ਤੇ ਇਹ ਬਜਟ ਆਮ ਲੋਕਾਂ ਦੀਆਂ ਆਸਾਂ ਉਮੀਦਾਂ 'ਤੇ ਖਰਾ ਉਤਰੇਗਾ। ਇਨ੍ਹਾਂ ਸ਼ਬਦਾਂ ਦਾ [illegible] ਨਿਰਭਰ ਭਾਰਤ ਲਈ ਆਪਣਾ ਯੋਗਦਾਨ ਦੇਣ ਤੇ ਦੇਸ਼ ਨੂੰ ਤਰੱਕੀ ਦੀਆਂ ਬੁਲੰਦੀਆਂ 'ਤੇ ਲਿਜਾਣ ਲਈ ਭਾਜਪਾ ਦਾ ਸਾਥ ਦੇਣ ਅਤੇ ਪੰਜਾਬ ਨੂੰ ਸਾਫ਼ ਸੁਥਰਾ ਤੇ ਵਧੀਆ ਪ੍ਰਸ਼ਾਸਨ ਦੇਣ ਲਈ 2027 ਵਿੱਚ ਭਾਜਪਾ ਸਰਕਾਰ ਬਣਾਉਣ ਲਈ ਸਹਿਯੋਗ ਦੇਣ।

## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਜ਼ਿਲ੍ਹਾ ਡੈਲੀਗੇਟ ਅਜਲਾਸ 5 ਨੂੰ



**ਹਠੂਰ (ਲਵਲੀ ਕੁਮਾਰ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਜ਼ਿਲ੍ਹਾ ਡੈਲੀਗੇਟ ਅਜਲਾਸ 5 ਫਰਵਰੀ ਨੂੰ ਪਿੰਡ ਭੰਮੀਪੁਰਾ ਵਿਖੇ ਕਰਵਾਇਆ ਜਾ ਰਿਹਾ ਹੈ। [illegible] ਦੇਹੜਕਾ, ਮਾਣੂੰਕੇ, ਮੱਲ੍ਹਾ, ਡਾਂਗੀਆ ਆਦਿ ਪਿੰਡਾਂ ਵਿੱਚ ਖੇਤ ਮਜ਼ਦੂਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਪ੍ਰਧਾਨ ਮਲਕੀਤ ਸਿੰਘ ਭੰਮੀਪੁਰਾ ਨੇ ਕਿਹਾ ਕਿ ਅਜਲਾਸ ਦੌਰਾਨ ਬੀਤੇ ਸਾਲਾ ਦੀ ਰਿਪੋਰਟ ਪੜ੍ਹ ਕੇ ਸੁਣਾਈ ਜਾਵੇਗੀ, ਖੇਤ ਮਜ਼ਦੂਰਾਂ ਨੂੰ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਵਿਚਾਰ ਵਿਟਾਂਦਰਾ ਕੀਤਾ ਜਾਵੇਗਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਆਪੋ-ਆਪਣੇ ਵਿਚਾਰ ਪੇਸ਼ ਕਰਨਗੇ।ਇਸ ਮੌਕੇ ਉਨ੍ਹਾ ਨਾਲ ਚਰਨਜੀਤ ਸਿੰਘ ਚਰਨਾ ਕਾਉਕੇ, ਸਰਬਜੀਤ ਸਿੰਘ ਕਾਉਕੇ, ਪਰਮਜੀਤ ਸਿੰਘ ਪੰਮਾ ਭੰਮੀਪੁਰਾ, ਪਾਲ ਸਿੰਘ ਭੰਮੀਪੁਰਾ, ਜਸਵੰਤ ਸਿੰਘ ਭੰਮੀਪੁਰਾ, ਅਜਮੇਰ ਸਿੰਘ ਭੰਮੀਪੁਰਾ, ਦਰਸ਼ਨ ਸਿੰਘ ਭੰਮੀਪੁਰਾ, ਬਲਦੇਵ ਸਿੰਘ ਭੰਮੀਪੁਰਾ, ਗੁਰਪ੍ਰੀਤ ਸਿੰਘ ਭੰਮੀਪੁਰਾ, ਰਘਵੀਰ ਸਿੰਘ ਭੰਮੀਪੁਰਾ, ਦਰਬਾਰਾ ਸਿੰਘ ਭੰਮੀਪੁਰਾ, ਡਾ: ਜਗਜੀਤ ਸਿੰਘ, ਜਗਰੂਪ ਸਿੰਘ ਮਾਣੂੰਕੇ ਹਾਜ਼ਰ ਸਨ।

## ਜੰਗਲਾਤ ਵਿਭਾਗ ਨਵੇਂ ਤੇ ਪੁਰਾਣੇ ਰੁੱਖਾਂ ਦੀ ਸਾਂਭ ਸੰਭਾਲ ਤੋਂ ਇਨਕਾਰੀ, ਕਾਰਵਾਈ ਦੀ ਮੰਗ

**ਜੀਰਾ (ਰੂਪ ਸਿੰਘ ਸੰਧੂ)**-ਰੁੱਖ ਮਨੁੱਖ ਨੂੰ ਤਾਜ਼ੀ ਹਵਾ ਆਕਸੀਜਨ ਤਾਜ਼ਾ ਵਾਤਾਵਰਨ ਤੇ ਗਰਮੀਆਂ ਵਿੱਚ ਛਾਂ ਪ੍ਰਦਾਨ ਕਰਦੇ ਹਨ, ਪੰਛੀਆਂ ਵਗੈਰਾ ਵੱਲੋਂ ਰੁੱਖਾਂ ਉੱਪਰ ਆਪਣੇ ਆਲਣੇ ਬਣਾ ਕੇ ਰਹਿਣ ਬਸੇਰਾ ਕੀਤਾ ਜਾਂਦਾ ਹੈ। ਪਜਾਬ ਸਰਕਾਰ ਵੱਲੋਂ ਨਾਅਰਾ ਵੀ ਦਿੱਤਾ ਜਾਂਦਾ ਸੀ 'ਹਰ ਮਨੁੱਖ ਲਾਵੇ ਇਕ ਰੁੱਖ', ਕਿਉਂਕਿ ਮਨੁੱਖੀ ਜ਼ਿੰਦਗੀ ਲਈ ਰੁੱਖਾਂ ਦਾ ਭਾਰੀ ਗਿਣਤੀ ਵਿੱਚ ਹੋਣਾ ਅਤੀ ਜ਼ਰੂਰੀ ਹੈ। ਸਮਾਜ ਸੇਵੀ ਸੰਸਥਾਵਾਂ ਰੁੱਖ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਪ੍ਰਤੀ ਅਤੀ ਜਾਗਰੂਕ ਹਨ, ਪਰ ਸਰਕਾਰੀ ਜੰਗਲਾਤ ਵਿਭਾਗ ਆਪਣੀ ਜ਼ਿੰਮੇਵਾਰੀ ਪ੍ਰਤੀ ਕੁੰਭਕਰਨੀ ਨੀਂਦ ਸੌਂ ਰਿਹਾ ਹੈ। ਜੰਗਲਾਤ ਵਿਭਾਗ ਵੱਲੋਂ ਲਗਾਏ ਰੁੱਖ ਸਾਂਭ ਸੰਭਾਲ ਨਾ ਹੋਣ ਕਰਕੇ ਜਾਂ ਤਾਂ ਖਤਮ ਹੋ ਜਾਂਦੇ ਹਨ ਜਾਂ ਫਿਰ ਨੇੜੇ ਲੱਗਦੀ ਜ਼ਮੀਨ ਵਾਲੇ ਲੋਕਾਂ ਵੱਲੋਂ ਪੁੱਟ ਦਿੱਤੇ ਜਾਂਦੇ ਹਨ ਤਾਂ ਕਿ ਉਨ੍ਹਾਂ ਦੀ ਫਸਲ ਦਾ ਨੁਕਸਾਨ ਨਾ ਕਰਨ। ਦੂਜੇ ਪਾਸੇ ਜ਼ੀਰਾ ਇਲਾਕੇ ਵਿੱਚ ਸੜਕਾਂ ਕਿਨਾਰੇ ਲੱਗੇ ਹੋਏ ਵੱਡੇ ਰੁੱਖ ਜਾਂ ਤਾਂ ਸੜਕਾਂ ਵੱਲ ਨੂੰ ਟੇਢੇ ਹੋਏ ਪਏ ਹਨ ਜਾਂ ਫਿਰ ਸੜਕਾਂ ਵੱਲ ਫੈਲ ਚੁੱਕੇ ਹਨ, ਜਿਸ ਕਰਕੇ ਵੱਡੇ ਤੇ ਉੱਚੇ ਵਾਹਨ ਇਨ੍ਹਾਂ ਨਾਲ ਟਕਰਾ ਕੇ ਐਕਸੀਡੈਂਟਾਂ ਨੂੰ ਸੱਦਾ ਦੇ ਰਹੇ ਹਨ, ਅਜਿਹੇ ਰੁੱਖਾਂ ਦੀ ਕਟਾਈ ਕਰਨਾ ਅਤੀ ਜ਼ਰੂਰੀ ਹੈ।ਜ਼ੀਰਾ ਇਲਾਕੇ ਦੇ ਲੋਕਾਂ ਦੀ ਭਾਰੀ ਮੰਗ ਹੈ ਕਿ ਰੁੱਖਾਂ ਦੀ ਸਾਂਭ ਸੰਭਾਲ ਤੋਂ ਇਲਾਵਾ ਖਾਲੀ ਪਈਆਂ ਥਾਵਾਂ ਜਿਵੇਂ ਨਹਿਰਾਂ ਸੇਮ ਨਾਲਿਆਂ, ਸੂਏ, ਕੱਸੀਆਂ, ਸਕੂਲਾਂ, ਕਾਲਜਾਂ, ਪੰਚਾਇਤ ਘਰਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਦੇ ਉਪਰਾਲੇ ਕੀਤੇ ਜਾਣ ਤੇ ਲੱਗੇ ਹੋਏ ਰੁੱਖਾਂ ਦੀ ਸਾਂਭ ਸੰਭਾਲ ਕੀਤੀ ਜਾਵੇ।

## ਦੇਸ਼ ਦਾ ਅੰਨ ਭੰਡਾਰ ਭਰਨ ਦੇ ਬਾਵਜੂਦ ਕਿਸਾਨਾਂ ਲਈ ਬਜਟ ਖਾਲੀ : ਚੱਠਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕੇਂਦਰ ਸਰਕਾਰ ਵੱਲੋਂ ਪੇਸ਼ ਕੀਤੇ ਗਏ ਸਾਲਾਨਾ ਬਜਟ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਅੰਨ ਭੰਡਾਰਾਂ ਨੂੰ ਆਪਣੀ ਮਿਹਨਤ ਨਾਲ ਨੱਕੋ-ਨੱਕ ਭਰਨ ਵਾਲੇ ਪੰਜਾਬ ਦੇ ਕਿਸਾਨਾਂ ਦੇ ਪੱਲੇ ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਨਿਰਾਸ਼ਾ ਹੀ ਪਾਈ ਹੈ।ਚੱਠਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਬਜਟ ਵਿੱਚ ਪੰਜਾਬ ਦੀ ਖੇਤੀਬਾੜੀ ਅਤੇ ਕਿਸਾਨੀ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰਕੇ ਕੇਂਦਰ ਨੇ ਆਪਣਾ ਕਿਸਾਨ ਵਿਰੋਧੀ ਚਿਹਰਾ ਮੁੜ ਨੰਗਾ ਕਰ ਦਿੱਤਾ ਹੈ।ਚੱਠਾ ਨੇ ਸਵਾਲ ਚੁੱਕਦਿਆਂ ਕਿਹਾ ਕਿ ਬਜਟ ਵਿੱਚ ਕਣਕ ਤੇ ਝੋਨੇ ਤੋਂ ਇਲਾਵਾ ਹੋਰ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਸਬੰਧੀ ਕੋਈ ਸਪੱਸ਼ਟ ਰੋਡਮੈਪ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਕਿਸਾਨ ਲੰਬੇ ਸਮੇਂ ਤੋਂ ਐਮ.ਐਸ.ਪੀ. ਦੀ ਕਾਨੂੰਨੀ ਗਾਰੰਟੀ ਦੀ ਮੰਗ ਕਰ ਰਹੇ ਹਨ, ਪਰ ਕੇਂਦਰ ਦੀ ਗੰਭੀਰਤਾ ਦੀ ਕਮੀ ਕਾਰਨ ਕਿਸਾਨਾਂ ਦੀ ਆਮਦਨ ਦੀ ਸੁਰੱਖਿਆ ਖ਼ਤਰੇ ਵਿੱਚ ਹੈ।ਬਿਨਾਂ ਕਿਸੇ ਠੋਸ ਨੀਤੀ ਦੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਦਾਅਵੇ ਮਹਿਜ਼ ਹਵਾਈ ਗੱਲਾਂ ਸਾਬਿਤ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਡਿੱਗ ਰਹੇ ਪਾਣੀ ਦੇ ਪੱਧਰ ਤੇ ਟਿਕਾਊ ਖੇਤੀ ਲਈ ਫਸਲੀ ਵਿਭਿੰਨਤਾ ਬਹੁਤ ਜ਼ਰੂਰੀ ਹੈ, ਪਰ ਕੇਂਦਰ ਵੱਲੋਂ ਇਸ ਲਈ ਕਿਸੇ ਵਿਸ਼ੇਸ਼ ਵਿੱਤੀ ਪੈਕੇਜ ਦਾ ਐਲਾਨ ਨਾ ਕਰਨਾ ਮੰਦਭਾਗਾ ਹੈ।ਇਸ ਤੋਂ ਇਲਾਵਾ, ਵਾਰ-ਵਾਰ ਆਉਣ ਵਾਲੇ ਹੜ੍ਹਾਂ ਕਾਰਨ ਤਬਾਹ ਹੋਈਆਂ ਫ਼ਸਲਾਂ ਲਈ ਵੀ ਕਿਸੇ ਮੁਆਵਜ਼ੇ ਜਾਂ ਵਿੱਤੀ ਸਹਾਇਤਾ ਦਾ ਜ਼ਿਕਰ ਨਹੀਂ ਕੀਤਾ ਗਿਆ, ਜਿਸ ਨਾਲ ਕੁਦਰਤ ਦੀ ਮਾਰ ਝੱਲ ਰਹੇ ਕਿਸਾਨਾਂ ਨੂੰ ਵੱਡਾ ਝਟਕਾ ਲੱਗਾ ਹੈ।ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਬਜਟ ਪੰਜਾਬ ਤੇ ਪੰਜਾਬੀਅਤ ਨਾਲ ਮਤਰੇਈ ਮਾਂ ਵਾਲਾ ਸਲੂਕ ਹੈ।ਦੇਸ਼ ਦਾ ਢਿੱਡ ਭਰਨ ਵਾਲੇ ਅੰਨਦਾਤਾ ਨੂੰ ਅੱਖੋਂ-ਪਰੋਖੇ ਕਰਨਾ ਲੋਕਤੰਤਰ ਲਈ ਸ਼ੁਭ ਸੰਕੇਤ ਨਹੀਂ ਹੈ।

## 263 ਗ੍ਰਾਮ ਹੈਰੋਇਨ ਸਮੇਤ ਕਾਬੂ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਫਰੀਦਕੋਟ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਤਾਬੜਤੋੜ ਕਾਰਵਾਈ ਕਰਦਿਆਂ 263 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ ਮੁਲਜ਼ਮ ਦੀ ਇਨੋਵਾ ਕਾਰ ਵੀ ਜ਼ਬਤ ਕਰ ਲਈ ਹੈ।ਜਾਣਕਾਰੀ ਦਿੰਦਿਆਂ ਪੁਲਸ ਬੁਲਾਰੇ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਜੈਤੋ ਦੇ ਇੰਚਾਰਜ ਥਾਣੇਦਾਰ ਚਰਨਜੀਤ ਸਿੰਘ ਦੀ ਅਗਵਾਈ ਵਾਲੀ ਪੁਲਸ ਟੀਮ ਪਿੰਡ ਮੱਤਾ ਤੋਂ ਹਰੀ ਨੌਂ ਵੱਲ ਗਸ਼ਤ 'ਤੇ ਸੀ।ਇਸ ਦੌਰਾਨ ਹਰੀ ਨੌਂ ਸੂਏ ਦੇ ਪੁਲ ਕੋਲ ਇੱਕ ਚਿੱਟੇ ਰੰਗ ਦੀ ਇਨੋਵਾ ਗੱਡੀ ਸ਼ੱਕੀ ਹਾਲਤ ਵਿੱਚ ਖੜ੍ਹੀ ਮਿਲੀ।ਸ਼ੱਕ ਪੈਣ 'ਤੇ ਜਦੋਂ ਗੱਡੀ ਦੀ ਤਲਾਸ਼ੀ ਲਈ ਗਈ ਤਾਂ ਗੇਅਰ ਲੀਵਰ ਕੋਲੋਂ 263 ਗ੍ਰਾਮ ਹੈਰੋਇਨ ਬਰਾਮਦ ਹੋਈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਖਜਿੰਦਰ ਸਿੰਘ ਉਰਫ਼ ਬੱਬੀ, ਵਾਸੀ ਪਿੰਡ ਮੋਹਰ ਸਿੰਘ ਵਾਲਾ ਹਥਾਰ (ਜ਼ਿਲ੍ਹਾ ਫਾਜ਼ਿਲਕਾ) ਵਜੋਂ ਹੋਈ ਹੈ।ਥਾਣਾ ਸਦਰ ਕੋਟਕਪੂਰਾ ਵਿਖੇ ਮੁਲਜ਼ਮ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।


AXIS BANK LTD. | ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਕਰਜ਼ਦਾਰ/ਗਰੰਟਰ ਦਾ ਨਾਂਅ/ਪਤਾ** : (1) ਮੈਸ. ਚੰਦਨ ਇੰਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਸਾਹਮਣੇ ਵਰਦਾਨ ਰਾਈਸ ਮਿੱਲ ਮੁਕਤਸਰ-152026 (2) ਸ੍ਰੀ ਚੰਦਨ ਸਲੂਜਾ ਪੁੱਤਰ ਸ੍ਰੀ ਸੰਜੀਵ ਸਲੂਜਾ, ਮਕਾਨ ਨੰ. 1242, ਪਿੱਪਲ ਸਟਰੀਟ ਨੇੜੇ ਚੀਜ਼ ਸਟੋਰੀਜ਼ ਸ਼ੋਅਰੂਮ, ਕੋਟਕਪੂਰਾ ਰੋਡ, ਮੁਕਤਸਰ-15026

ਡਿਮਾਂਡ ਨੋਟਿਸ ਦੀ ਮਿਤੀ : 09 ਅਕਤੂਬਰ 2025 — ਐੱਨ ਪੀ ਏ ਮਿਤੀ : 25 ਸਤੰਬਰ 2025
ਕਬਜ਼ੇ ਦੀ ਮਿਤੀ : 30 ਜਨਵਰੀ 2026

ਬਕਾਇਆ ਰਕਮ : ਰੁਪਏ 1,36,06,291 (ਇੱਕ ਕਰੋੜ ਛੱਤੀ ਲੱਖ ਛੇ ਹਜ਼ਾਰ ਦੋ ਸੌ ਇਕਾਨਵੇ ਰੁਪਏ ਕੇਵਲ)

ਜਾਇਦਾਦ ਦਾ ਵੇਰਵਾ : ਜਾਇਦਾਦ ਰਕਬਾ 8 ਕਨਾਲ-18-1/2 ਮਰਲੇ 1/2 ਹਿੱਸਾ 17 ਕਨਾਲ, 17 ਮਰਲੇ 'ਚੋਂ, ਖੇਵਟ ਨੰ. 229,479, ਖਤੌਨੀ ਨੰ. 442, 829, ਰੈਕਟ ਨੰ. 106, ਕਿੱਲਾ ਨੰ. 24 (3-1), ਰੈਕਟ ਨੰ. 123, ਕਿੱਲਾ ਨੰ. 4 (8-0) 7/2 (6-16) ਤਬਾਦਲਾ ਨੰ. 3032 ਅਨੁਸਾਰ ਜਮ੍ਹਾਂਬੰਦੀ ਸਾਲ 2018-19, ਪਿੰਡ ਸਦਰਵਾਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਮੁਕਤਸਰ ਸਾਹਿਬ ਨਾਲ ਸੰਬੰਧਤ ਸਭ ਕੁੱਝ।
ਜਾਇਦਾਦ ਰਕਬਾ 8 ਕਨਾਲ 18-1/2 ਮਰਲਾ 1/2 ਹਿੱਸਾ 17 ਕਨਾਲ 17 ਮਰਲੇ 'ਚੋਂ, ਖੇਵਟ ਨੰ. 229, 479, ਖਤੌਨੀ ਨੰ. 442, 829 ਰੈਕਟ ਨੰ. 106 ਕਿੱਲਾ ਨੰ. 24 (3-1), ਰੈਕਟ ਨੰ. 123, ਕਿੱਲਾ ਨੰ. 4(8-0) 7/2 (6-16) ਤਬਾਦਲਾ ਨੰ. 2996, 2997, 2998, ਜਮ੍ਹਾਂਬੰਦੀ ਸਾਲ 2018-19, ਪਿੰਡ ਸਦਰਵਾਲ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਮੁਕਤਸਰ ਸਾਹਿਬ ਨਾਲ ਸੰਬੰਧਤ ਸਭ ਕੁੱਝ।

ਮਿਤੀ : 03-02-2026 — ਸਹੀ/-ਅਧਿਕਾਰਤ ਅਫਸਰ,
ਸਥਾਨ : ਸ੍ਰੀ ਮੁਕਤਸਰ ਸਾਹਿਬ — ਐਕਸਿਸ ਬੈਂਕ ਲਿਮਟਿਡ


## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਆਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਮਿਸਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਵਿੱਚ ਬੈਰਸਿਆਣਾ ਗੁਰੂ ਘਰ ਦਿੜ੍ਹਬਾ ਵਿਖੇ ਹੋਈ ਮੀਟਿੰਗ ਵਿੱਚ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਪ੍ਰੈੱਸ ਨਾਲ ਗੱਲ ਕਰਦਿਆਂ ਦੱਸਿਆ ਕਿ ਜੋ ਬਠਿੰਡਾ ਜ਼ਿਲ੍ਹੇ ਦੇ ਪਿੰਡ ਜਿਉਂਦ ਵਿਖੇ ਜ਼ਮੀਨੀ ਘੋਲ ਚੱਲ ਰਿਹਾ ਹੈ, ਉਸ ਦੇ ਅਧੀਨ ਭਗਵੰਤ ਮਾਨ ਸਰਕਾਰ ਨੇ 2 ਕਿਸਾਨ ਆਗੂ ਸ਼ਗਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚੌਕੇ ਨੂੰ 9 ਮਹੀਨਿਆਂ ਤੋਂ ਝੂਠੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ ਅਤੇ ਉਨ੍ਹਾਂ ਆਗੂਆਂ ਨੂੰ ਜਮਾਨਤ ਵੀ ਨਹੀਂ ਦਿੱਤੀ ਜਾ ਰਹੀ। ਪਿਛਲੇ ਦਿਨੀਂ ਸ਼ਗਨਦੀਪ ਸਿੰਘ ਜਿਉਂਦ ਦੀ ਮਾਤਾ ਦੀ ਮੌਤ ਹੋ ਜਾਣ 'ਤੇ ਉਸ ਨੂੰ ਮਾਤਾ ਦਾ ਸੰਸਕਾਰ ਕਰਨ ਲਈ ਜਮਾਨਤ ਤੱਕ ਨਹੀਂ ਦਿੱਤੀ ਗਈ ਜਥੇਬੰਦੀ ਵੱਲੋਂ 9 ਦਿਨ ਬਠਿੰਡਾ ਡੀ ਸੀ ਦਫਤਰ ਅੱਗੇ ਧਰਨਾ ਲਗਾਉਣ ਤੋਂ ਬਾਅਦ ਸ਼ਗਨਦੀਪ ਨੂੰ ਮਾਤਾ ਦਾ ਸੰਸਕਾਰ ਕਰਨ ਵਾਸਤੇ 10 ਦਿਨ ਦੀ ਪਰੋਲ ਦਿੱਤੀ ਗਈ। ਪਿਛਲੇ ਦਿਨੀਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਬਿੱਕਰ ਸਿੰਘ ਹਥੋਆ ਨੂੰ ਜੇਲ੍ਹ ਵਿੱਚੋਂ ਪਿਤਾ ਦੇ ਸੰਸਕਾਰ ਤੇ ਭੋਗ 'ਤੇ ਹੱਥਕੜੀ ਲਗਾ ਕੇ ਜਲੀਲ ਕਰਨਾ ਤੇ ਗੁਲਾਮੀ ਦਾ ਅਹਿਸਾਸ ਕਰਾਉਣ ਵਰਗੀਆਂ ਘਟਨਾਵਾਂ ਦੇਖੀਆਂ ਗਈਆਂ, ਜੋ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵੱਲੋਂ ਕਿਰਤੀ ਲੋਕਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਸ਼ਗਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚੌਕੇ ਦੀ ਪੱਕੀ ਰਿਹਾਈ ਵਾਸਤੇ 6 ਫਰਵਰੀ 2026 ਨੂੰ ਬਠਿੰਡੇ ਦਾ ਸੈਕਟਰੀਏਟ ਲਗਾਤਾਰ ਦਿਨ-ਰਾਤ ਘੇਰ ਕੇ ਰੱਖਿਆ ਜਾਵੇਗਾ, ਜਿੰਨਾ ਸਮਾਂ ਦੋਵੇਂ ਕਿਸਾਨ ਆਗੂਆਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ। ਆਗੂਆਂ ਨੇ ਦੱਸਿਆ ਕਿ ਮੋਦੀ ਸਰਕਾਰ ਨੇ ਜੋ ਬਜਟ ਪੇਸ਼ ਕੀਤਾ ਹੈ, [illegible] ਦਿੱਤੀ ਗਈ ਅਤੇ ਨਾ ਹੀ ਕਿਸਾਨਾਂ-ਮਜ਼ਦੂਰਾਂ ਦੇ ਕਰਜ਼ ਮਾਫੀ ਦੀ ਕੋਈ ਗੱਲ ਕੀਤੀ ਗਈ ਹੈ ਅਤੇ ਨਾ ਹੀ ਕਿਤੇ ਐੱਮ ਐੱਸ ਪੀ ਦਾ ਜ਼ਿਕਰ ਕੀਤਾ ਗਿਆ, ਸਗੋਂ ਕਿਸਾਨਾਂ ਨੂੰ ਹੋਰ ਕਰਜ਼ਾ ਦੇ ਕੇ ਕਰਜ਼ਈ ਕਰਨ ਦੀ ਵਿਉਂਤਬੰਦੀ ਬਣਾਈ ਗਈ ਹੈ। ਮੀਟਿੰਗ ਵਿੱਚ ਹਾਜ਼ਰ ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂਰਾ, ਜੋਗਿੰਦਰ ਸਿੰਘ ਖੇੜੀ ਨਾਂਗਾ ਤੋਂ ਇਲਾਵਾ ਸਾਰੇ ਪਿੰਡਾਂ ਦੇ ਪ੍ਰਧਾਨ ਸਕੱਤਰ ਹਾਜ਼ਰ ਸਨ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਜਗਰਾਉਂ (ਸੰਜੀਵ ਅਰੋੜਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਜੋ ਕਿ ਸਿੱਖਿਆ ਦੇ ਨਾਲ-ਨਾਲ ਧਾਰਮਿਕ ਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਉਂਦੀ ਰਹਿੰਦੀ ਹੈ, ਇਸੇ ਲੜੀ ਤਹਿਤ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਫੇਅਰਵੈੱਲ ਪਾਰਟੀ ਦਿੱਤੀ ਗਈ। ਸਭ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਸਕੂਲ ਦੇ ਚੇਅਰਮੈਨ, ਮੈਨੇਜਮੈਂਟ ਮੈਂਬਰਜ਼ ਤੇ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਦੁਆਰਾ ਰੀਬਨ ਕਟਿੰਗ ਕਰਕੇ ਆਗਾਜ਼ ਕੀਤਾ ਗਿਆ। ਉਸ ਤੋਂ ਬਾਅਦ ਗਿਆਰਵੀਂ ਜਮਾਤ ਦੀ ਵਿਦਿਆਰਥਣ ਵੱਲੋਂ ਆਪਣੇ ਸੀਨੀਅਰਜ਼ ਲਈ ਵੈਲਕਮ ਸਪੀਚ ਬੋਲੀ ਗਈ। ਫਿਰ ਗਿਆਰਵੀਂ ਜਮਾਤ ਦੀਆ ਵਿਦਿਆਰਥਣਾਂ ਵੱਲੋਂ ਬੜੀ ਹੀ ਖੂਬਸੂਰਤ ਕੋਰੀਓਗ੍ਰਾਫੀ ਪੇਸ਼ ਦਿੱਤੀ ਗਈ। ਉਸ ਤੋਂ ਬਾਅਦ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਜ਼ ਨੂੰ ਵੱਖ-ਵੱਖ ਗਾਣਿਆਂ ਤੇ ਡਾਂਸ ਤੇ ਹੋਰ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਨ ਲਈ ਕਿਹਾ ਗਿਆ, ਜੋ ਉਨ੍ਹਾਂ ਨੇ ਬੜੀ ਹੀ ਲਿਆਕਤ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਕੀਤੀਆਂ। ਉਸ ਤੋਂ ਬਾਅਦ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸਮੂਹ ਅਧਿਆਪਕਾਂ ਤੇ ਉਨ੍ਹਾਂ ਦੀ ਪ੍ਰਸਨੈਲਟੀ ਮੁਤਾਬਿਕ ਕੁਮੈਂਟ ਕਰਕੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਜਿਵੇਂ ਗਾਣਾ, ਡਾਂਸ, ਗਿੱਧਾ, ਭੰਗੜਾ ਅਤੇ ਹੋਰ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜੋ ਅਧਿਆਪਕਾਂ ਨੇ ਬਿਨਾਂ ਕਿਸੇ ਝਿਜਕ ਤੋਂ ਬੜੀ ਹੀ ਖੂਬਸੂਰਤੀ ਨਾਲ ਬੱਚਿਆਂ ਦੀ ਖੁਸ਼ੀ ਲਈ ਕੀਤੀਆਂ। ਇਸ ਤੋਂ ਬਾਅਦ ਸਕੂਲ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਨੇ ਆਪਣੇ ਭਾਸ਼ਣ ਵਿੱਚ ਬੱਚਿਆਂ ਦੀ ਪੇਸ਼ਕਾਰੀ 'ਤੇ ਬੜੀ ਹੀ ਚੰਗੇ ਤਰੀਕੇ ਨਾਲ ਸਮਾਗਮ ਕਰਨ 'ਤੇ ਸਭ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਸਕੂਲ ਤੇ ਸਮੂਹ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਤੇ ਜ਼ਿੰਦਗੀ ਵਿੱਚ ਤਰੱਕੀਆਂ ਕਰਦੇ ਰਹਿਣ ਤੇ ਉਨ੍ਹਾਂ ਦੇ ਸੁਨਹਿਰੇ ਭੱਵਿਖ ਲਈ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਤੇ ਚੰਗੇ ਮੁਕਾਮ ਹਾਸਲ ਕਰਨ ਲਈ ਕਾਮਨਾ ਕੀਤੀ। ਉਨ੍ਹਾਂ ਫੰਕਸ਼ਨ ਨੂੰ ਚੰਗੀ ਤਰ੍ਹਾਂ ਚਲਾਉਣ ਲਈ ਸਮੂਹ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ। ਅਖੀਰ ਵਿੱਚ ਸਭ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ ਸੀ ਅਤੇ ਇਹ ਫੰਕਸ਼ਨ ਸਭ ਦੇ ਦਿੱਲਾਂ ਉੱਪਰ ਆਪਣੀ ਅਮਿੱਟ ਛਾਪ ਛੱਡਦਾ ਹੋਇਆ ਸੰਪੂਰਨ ਹੋਇਆ। ਇਸ ਮੌਕੇ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਤੇ ਮੈਨੇਜਰ ਗਗਨਦੀਪ ਬਾਵਾ ਆਦਿ ਹਾਜ਼ਰ ਸਨ।


ਸੇਂਟ੍ਰਲ ਬੈਂਕ ਔਫ਼ ਇੰਡਿਆ
Central Bank of India
"CENTRAL" TO YOU SINCE 1911

Regional Office, K.P. Complex, Near Hotel Park Plaza, Ferozepur Road, Ludhiana-141001

**ਰੂਲ-8 (1) ਕਬਜ਼ਾ ਨੋਟਿਸ ਸੰਕੇਤਕ ਕਬਜ਼ਾ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਸੈਂਟਰਲ ਬੈਂਕ ਆਫ ਇੰਡੀਆ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਹੇਠਾਂ ਦਰਸਾਈਆਂ ਮਿਤੀਆਂ 'ਤੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸਾਂ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ ਸਮੁੱਚੀ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਇਸ ਦੁਆਰਾ ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਤਰੀਕਾਂ ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਸੈਂਟਰਲ ਬੈਂਕ ਆਫ ਇੰਡੀਆ ਦੀ ਹੇਠਾਂ ਦਰਸਾਈ ਕੁੱਲ ਰਕਮ ਅਤੇ ਉਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ (13) ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਬਰਾਂਚ ਦਾ ਨਾਂਅ / ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਬਰਾਂਚ ਦਫਤਰ : ਬਰਾਊਨ ਰੋਡ, ਲੁਧਿਆਣਾ — (ਕਰਜ਼ਦਾਰ) : ਸ੍ਰੀ ਰਾਕੇਸ਼ ਬਜਾਜ ਪੁੱਤਰ ਸੰਤ ਲਾਲ, ਸ੍ਰੀਮਤੀ ਰਿਤੂ ਬਜਾਜ ਪਤਨੀ ਰਾਕੇਸ਼ ਬਜਾਜ, ਕ੍ਰਿਤਿਕਾ ਬਜਾਜ ਪੁੱਤਰੀ ਰਾਕੇਸ਼ ਬਜਾਜ। | ਵਸੀਕਾ ਨੰ. 1738 ਮਿਤੀ 23.04.2010 ਅਨੁਸਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸੰਤ ਲਾਲ ਦੇ ਨਾਂਅ ਵਪਾਰਕ ਦੁਕਾਨ ਰਕਬਾ 17.11 ਵਰਗ ਗਜ਼, ਐੱਮ ਸੀ ਨੰ. ਬੀ-ਐੱਕਸ-116 (ਨਵਾਂ) ਅਤੇ ਬੀ-ਐਕਸ -116 (ਪੁਰਾਣਾ) ਵਿਖੇ ਸਥਿਤ, ਨਿੰਮ ਵਾਲਾ ਚੌਂਕ ਰੋਡ, ਨੇੜੇ ਸੁਭਾਨੀ ਬਿਲਡਿੰਗ ਚੌਂਕ, ਮੁਹੱਲਾ ਬੂਟਾ ਜੱਟ, ਲੁਧਿਆਣਾ-141008, ਜਾਇਦਾਦ ਦੀਆਂ ਹੱਦਾਂ : ਪੂਰਬ : ਹਰਵਿੰਦਰ ਕੁਮਾਰ ਬਾਹੀ 16'-06", ਪੱਛਮ : ਪ੍ਰਭਾਤ ਵੂਲਨ ਮਿੱਲ ਬਾਹੀ 16'-06", ਉੱਤਰ : ਰਾਏ ਚੰਦ ਬਾਹੀ 09'-03", ਦੱਖਣ : ਬਜ਼ਾਰ ਬਾਹੀ 09'-03" | 07.11.2025 | 31.01.2026 | ਸੰਕੇਤਕ ਕਬਜ਼ਾ — ਰੁਪਏ 29,55,315.80/-ਉਨੱਤੀ ਲੱਖ ਪਚਵੰਜਾ ਹਜ਼ਾਰ ਤਿੰਨ ਸੌ ਪੰਦਰਾਂ ਰੁਪਏ ਅਤੇ ਅੱਸੀ ਪੈਸੇ ਕੇਵਲ) ਸਮੇਤ 07-11-2025 ਤੋਂ ਗਣਨਾ ਕੀਤੇ ਜਾਣ ਵਾਲਾ ਵਿਆਜ 9.50% ਦੀ ਦਰ 'ਤੇ ਸਾਲਾਨਾ ਓ ਡੀ, 9.60% ਦੀ ਦਰ 'ਤੇ ਸਾਲਾਨਾ ਟੀ ਐੱਲ ਦੀ ਦਰ 'ਤੇ ਵਿਆਜ ਅਤੇ ਖਰਚੇ। |
| ਬਰਾਂਚ ਦਫਤਰ : ਬਰਾਊਨ ਰੋਡ, ਲੁਧਿਆਣਾ — (ਕਰਜ਼ਦਾਰ) : ਸ੍ਰੀ ਵਿਕਾਸ ਕੁਮਾਰ ਪੁੱਤਰ ਵੇਦ ਪ੍ਰਕਾਸ਼, ਸ੍ਰੀਮਤੀ ਅਲਕਾ ਕਪੂਰ ਪਤਨੀ ਸ੍ਰੀ ਵਿਕਾਸ ਕੁਮਾਰ | ਵਸੀਕਾ ਨੰ. 19184 ਮਿਤੀ 25-03-2021 ਅਨੁਸਾਰ ਸ੍ਰੀਮਤੀ ਅਲਕਾ ਕਪੂਰ ਪਤਨੀ ਵਿਕਾਸ ਕਪੂਰ ਦੇ ਨਾਂਅ ਰਿਹਾਇਸ਼ੀ ਇਮਾਰਤ ਰਕਬਾ 100 ਵਰਗ ਗਜ਼, ਮਕਾਨ ਨੰ. 13258 ਵਿਖੇ ਸਥਿਤ, ਗਲੀ ਨੰ. 10, ਗੋਪਾਲ ਨਗਰ, ਨੇੜੇ ਟਿੱਬਾ ਰੋਡ, ਕੁਲੀਏਵਾਲ, ਖਸਰਾ ਨੰ. 26//6, 5, ਖੱਤਾ-405/409, 400/404, ਸਫ਼ਾ ਨੰ. 818, 812, ਜਮ੍ਹਾਂਬੰਦੀ ਸਾਲ 2006-07, ਹੱਦਬਸਤ ਨੰ. 178, ਲੁਧਿਆਣਾ-141007, ਜਾਇਦਾਦ ਦੀਆਂ ਹੱਦਾਂ : ਪੂਰਬ : ਗੁਆਂਢ ਬਾਹੀ 60'-00", ਪੱਛਮ : ਸ੍ਰੀ ਨਵੀਨ ਸ਼ਰਮਾ ਬਾਹੀ 60'-00", ਉੱਤਰ : ਗਲੀ 20' ਚੌੜੀ ਬਾਹੀ 15'-00", ਦੱਖਣ : ਗੁਆਂਢ ਬਾਹੀ 15'-00" | 18.11.2025 | 30.01.2026 | ਸੰਕੇਤਕ ਕਬਜ਼ਾ — ਰੁਪਏ 32,97,305.44/-(ਬੱਤੀ ਲੱਖ ਸਤਾਨਵੇਂ ਹਜ਼ਾਰ ਤਿੰਨ ਸੌ ਪੰਜ ਰੁਪਏ ਚੁਤਾਲੀ ਪੈਸੇ ਕੇਵਲ) ਸਮੇਤ 18-11-2025 ਤੋਂ ਮਹੀਨਾਵਾਰੀ ਗਣਨਾ ਕੀਤੇ ਜਾਣ ਵਾਲਾ ਵਿਆਜ 8.10% ਦੀ ਦਰ 'ਤੇ ਸਾਲਾਨਾ ਦੀ ਟੀ ਐੱਲ ਦੀ ਦਰ 'ਤੇ ਸਾਲਾਨਾ ਵਿਆਜ ਤੇ ਹੋਰ ਖਰਚੇ |

ਮਿਤੀ : 02.02.2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

# ਕੇਂਦਰੀ ਬਜਟ ਮੱਧ ਵਰਗ ਤੇ ਕਿਸਾਨਾਂ ਨੂੰ ਰਾਹਤ ਪ੍ਰਦਾਨ ਵਾਲਾ : ਡਾ. ਸੀਮਾਂਤ ਗਰਗ

ਮੋਗਾ, (ਇਕਬਾਲ ਸਿੰਘ ਖਹਿਰਾ)-ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਨੇ ਕੇਂਦਰ ਦੀ ਮੋਦੀ ਸਰਕਾਰ ਲਈ ਸਾਲਾਨਾ ਬਜਟ ਪੇਸ਼ ਕੀਤਾ।ਜਿੱਥੇ ਇਹ ਬਜਟ ਮੱਧ ਵਰਗ ਨੂੰ ਕਈ ਤਰ੍ਹਾਂ ਦੀਆਂ ਛੋਟਾਂ ਤੇ ਲਾਭ ਪ੍ਰਦਾਨ ਕਰਦਾ ਹੈ, ਉੱਥੇ ਹੀ ਇਹ ਕਿਸਾਨਾਂ ਲਈ ਖੇਤੀ ਦੀ ਲਾਗਤ ਘਟਾਉਣ ਲਈ ਵੀ ਕਦਮ ਚੁੱਕਦਾ ਹੈ, ਤਾਂ ਜੋ ਉਹ ਆਪਣੀਆਂ ਫਸਲਾਂ ਤੋਂ ਵੱਧ ਕਮਾਈ ਕਰ ਸਕਣ।ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕੇਂਦਰੀ ਬਜਟ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਜਿੱਥੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਇਸ ਵਾਰ ਕੋਈ ਟੈਕਸ ਰਾਹਤ ਨਹੀਂ ਦਿੱਤੀ, ਉਨ੍ਹਾਂ ਦਾ ਭਾਸ਼ਣ ਸਮਝਣ ਯੋਗ ਸੀ।ਸੀਨੀਅਰ ਨਾਗਰਿਕਾਂ ਲਈ ਟੈਕਸ ਛੋਟ ਸੀਮਾ ਦੁੱਗਣੀ ਕਰਕੇ 1 ਲੱਖ ਰੁਪਏ ਕਰ ਦਿੱਤੀ ਗਈ ਹੈ, ਜਦੋਂਕਿ ਕਿਰਾਏ 'ਤੇ ਟੀਡੀਐੱਸ ਕਟੌਤੀ ਸੀਮਾ ਵੀ 2.4 ਲੱਖ ਰੁਪਏ ਸਾਲਾਨਾ ਤੋਂ ਵਧਾ ਕੇ 6 ਲੱਖ ਰੁਪਏ ਕਰ ਦਿੱਤੀ ਗਈ ਹੈ।ਸਿਹਤ ਸੰਭਾਲ ਖੇਤਰ ਵਿੱਚ ਇੱਕ ਵੱਡਾ ਕਦਮ ਚੁੱਕਦੇ ਹੋਏ ਕੈਂਸਰ ਲਈ ਦਵਾਈਆਂ ਸਮੇਤ 36 ਤੋਂ ਵੱਧ ਜੀਵਨ ਰੱਖਿਅਕ ਦਵਾਈਆਂ ਨੂੰ ਹੁਣ ਟੈਕਸ ਮੁਕਤ ਕਰ ਦਿੱਤਾ ਗਿਆ ਹੈ, ਜਿਸ ਨਾਲ ਇਲਾਜ ਕਿਫਾਇਤੀ ਹੋ ਗਿਆ ਹੈ।ਇਸ ਤੋਂ ਇਲਾਵਾ, ਟੈਕਸ ਰਿਟਰਨ ਭਰਨ ਲਈ ਚਾਰ ਸਾਲਾਂ ਦਾ ਵਾਧਾ ਉਪਲਬਧ ਹੋਵੇਗਾ, ਅਤੇ ਦੋ ਘਰਾਂ ਦੀ ਕੀਮਤ 'ਤੇ ਬਿਨਾਂ ਕਿਸੇ ਸ਼ਰਤ ਦੇ ਟੈਕਸ ਛੋਟਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਪੇਸ਼ ਕੀਤਾ ਗਿਆ ਬਜਟ ਸਿਹਤ ਸੰਭਾਲ ਤੇ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਕੇਂਦਰ ਸਰਕਾਰ ਵੱਲੋਂ ਇੱਕ ਮਹੱਤਵਪੂਰਨ ਕਦਮ ਦਰਸਾਉਂਦਾ ਹੈ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਬੁਨਿਆਦੀ ਢਾਂਚਾ ਤੇ ਵਿਕਾਸ ਯੋਜਨਾਵਾਂ ਨੂੰ ਲਾਗੂ ਕਰਕੇ ਦੇਸ਼ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਗਏ ਬਜਟ ਨੇ 2047 ਤੱਕ ਦੇਸ਼ ਨੂੰ ਦੁਨੀਆ ਦੀ ਸਭ ਤੋਂ ਵੱਡੀ ਅਰਥਵਿਵਸਥਾ ਬਣਾਉਣ ਵੱਲ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਹ ਬਜਟ ਨਾ ਸਿਰਫ਼ ਭਾਰਤ ਦੀ ਤਰੱਕੀ ਨੂੰ ਤੇਜ਼ ਕਰੇਗਾ, ਬਲਕਿ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਰਾਹਤਾਂ ਤੇ ਸਹੂਲਤਾਂ ਰਾਹੀਂ ਅਰਥਵਿਵਸਥਾ ਨੂੰ ਵੀ ਮਜ਼ਬੂਤ ਕਰੇਗਾ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਤੇ ਕੇਂਦਰ ਸਰਕਾਰ ਨੂੰ ਦੇਸ਼ ਦੇ ਹਰ ਵਰਗ ਲਈ ਇਸ ਬਜਟ ਵਿੱਚ ਕੀਤੇ ਗਏ ਪ੍ਰਬੰਧਾਂ ਲਈ ਵਧਾਈ ਦਿੱਤੀ।



# ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਹ.ਫਤਾਵਾਰੀ ਗੋਸ਼ਟੀ ਸਮਾਗਮ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਪੰਜਾਬ ਦੀ ਨਵ-ਸਿਰਜਣਾ ਲਈ ਹਫਤਾਵਾਰੀ ਗੋਸ਼ਟੀ 'ਸਿਰਜਣਾ ਤੇ ਸੰਵਾਦ' ਤਹਿਤ ਨਿਵੇਕਲੀ ਕਿਸਮ ਦਾ ਸਮਾਗਮ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਮੋਗਾ ਵਿਖੇ ਕਰਵਾਇਆ ਗਿਆ।ਕਲਾ ਪ੍ਰੀਸ਼ਦ ਦੇ ਚੇਅਰਮੈਨ ਤੇ ਸਾਹਿਤ ਅਕਾਦਮੀ ਐਵਾਰਡ ਪ੍ਰਾਪਤ ਸ਼ਾਇਰ ਸਵਰਨਜੀਤ ਸਵੀ ਦੀ ਅਗਵਾਈ ਵਿੱਚ ਕਲਾ ਪ੍ਰੀਸ਼ਦ ਨੇ ਪੰਜਾਬ ਵਿੱਚ ਅਜਿਹੇ ਵੀਹ ਪ੍ਰੋਗਰਾਮ ਉਲੀਕੇ ਹਨ।ਇਸ ਕੜੀ ਦਾ ਪਹਿਲਾ ਸਮਾਗਮ ਨਾਮਵਾਰ ਗਲਪਕਾਰ ਕਿਰਪਾਲ ਕਜ਼ਾਕ ਦੀ ਦੇਖ ਰੇਖ ਹੇਠ ਹੋਇਆ, ਜਿਸ ਵਿੱਚ ਚਰਚਿਤ ਪੰਜਾਬੀ ਕਹਾਣੀਕਾਰ ਗੁਰਮੀਤ ਕੜਿਆਲਵੀ ਤੇ ਮੈਲਾਨਨ ਪੁਸਤਕ ਦੇ ਕਹਾਣੀਕਾਰ ਜਸਵਿੰਦਰ ਧਰਮਕੋਟ ਨਾਲ ਸੰਵਾਦ ਰਚਾਇਆ ਗਿਆ।ਸਮਾਗਮ ਦੀ ਸ਼ੁਰੂਆਤ ਵਿੱਚ ਕੁਆਰਡੀਨੇਟਰ ਸ੍ਰੀ ਕਿਰਪਾਲ ਕਜ਼ਾਕ ਨੇ ਦੱਸਿਆ ਕਿ ਕਲਾ ਪ੍ਰੀਸ਼ਦ ਵੱਲੋਂ ਉਲੀਕੇ ਇਸ ਸਮਾਗਮ ਦਾ ਮਨੋਰਥ ਪੰਜਾਬੀ ਕਹਾਣੀ ਸਬੰਧੀ ਬੜੇ ਚਿਰਾਂ ਤੋਂ ਬੰਦ ਪਈ ਸੰਵਾਦ ਦੀ ਪ੍ਰੰਪਰਾ ਨੂੰ ਮੁੜ ਸ਼ੁਰੂ ਕਰਨਾ ਹੈ।ਕਜ਼ਾਕ ਨੇ ਦੇਸ਼ ਦੀਆਂ ਵੱਖ-ਵੱਖ ਭਾਸ਼ਾਵਾਂ ਵਿੱਚ ਸਾਹਿਤਕਾਰਾਂ ਦੇ ਹੋ ਰਹੇ ਆਪਸੀ ਸੰਵਾਦ ਬਾਰੇ ਦੱਸਿਆ ਕਿ ਇਸ ਨਾਲ ਜਿੱਥੇ ਲੇਖਕ ਦੀ ਚੰਗੀ ਰਚਨਾ ਦੀ ਗੱਲ ਚੱਲਦੀ ਹੈ ਉੱਥੇ ਉਸ ਨੂੰ ਆਪਣੀਆਂ ਘਾਟਾਂ ਤੇ ਸੀਮਾਵਾਂ ਦਾ ਵੀ ਪਤਾ ਚੱਲਦਾ ਹੈ।



ਆਪਣੀ ਸਿਰਜਣਾਤਮਕਤਾ ਬਾਰੇ ਬੋਲਦਿਆਂ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਕਿਹਾ ਕਿ ਮੈਂ ਆਪਣੇ ਪਾਤਰਾਂ ਨਾਲ ਇਨਾਂ ਰਲਗੱਡ ਹੋ ਜਾਂਦਾ ਹਾਂ ਕਿ ਇਨ੍ਹਾਂ ਨਾਲੋਂ ਆਪਣੇ ਆਪ ਨੂੰ ਵੱਖ ਕਰਨਾ ਮੁਸ਼ਕਲ ਹੁੰਦਾ ਹੈ।ਕੜਿਆਲਵੀ ਨੇ ਕਿਹਾ ਕਿ ਦੱਬੇ ਕੁਚਲੇ ਲੋਕਾਂ ਚੋਂ ਲੱਠ ਵਰਗੇ ਪਾਤਰ ਚਿਤਰ ਕੇ ਖੁਸ਼ੀ ਮਿਲਦੀ ਹੈ।ਜਸਵਿੰਦਰ ਧਰਮਕੋਟ ਨੇ ਆਪਣੇ 25 ਸਾਲਾਂ ਦੇ ਅਧਿਆਪਨ ਕਾਰਜ ਦੌਰਾਨ ਹੋਏ ਨਿੱਜੀ ਅਨੁਭਵ ਤੇ ਤਜਰਬਿਆਂ ਨੂੰ ਆਪਣੀ ਕਹਾਣੀ ਵਿੱਚ ਲੈ ਕੇ ਆਉਣ ਬਾਰੇ ਆਖਿਆ।ਉਸ ਨੇ ਆਪਣੀਆਂ ਸੀਮਾਵਾਂ ਤੇ ਕਹਾਣੀ ਲਿਖਣ ਸਮੇਂ ਦਰਪੇਸ਼ ਔਂਕੜਾਂ ਦੀ ਵੀ ਗੱਲ ਕੀਤੀ।ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ ਕਾਉਣੀ ਦੇ ਡਾਕਟਰ ਗੁਰਜੀਤ ਸਿੰਘ ਸੰਧੂ ਤੇ ਸਰਕਾਰੀ ਕਾਲਜ ਗੁਰੂ ਤੇਗ ਬਹਾਦਰਗੜ੍ਹ ਦੇ ਅਸਿਸਟੈਂਟ ਪ੍ਰੋਫੈਸਰ ਡਾਕਟਰ ਹਰਿੰਦਰ ਸਿੰਘ ਨੇ ਦੋਵਾਂ ਲੇਖਕਾਂ ਨਾਲ ਸੰਵਾਦ ਰਚਾਉਂਦਿਆਂ ਬਹੁਤ ਹੀ ਮਹੱਤਵਪੂਰਨ ਸਵਾਲ ਕੀਤੇ।ਨਾਮਵਰ ਲੇਖਕ ਕੇ ਐਲ ਗਰਗ ਨੇ ਆਪਣੇ ਸਵਾਲ ਵਿੱਚ ਲੇਖਕ ਦੀ ਆਪਣੇ ਪਾਤਰ ਨਾਲ ਮਾਨਸਿਕ ਤੇ ਭਾਵਨਾਤਮਕ ਸਾਂਝ ਦਾ ਮੁੱਦਾ ਛੋਹਿਆ।ਜ਼ਿਲ੍ਹਾ ਭਾਸ਼ਾ ਅਫਸਰ ਡਾਕਟਰ ਅਜੀਤ ਪਾਲ, ਕਹਾਣੀਕਾਰ ਜਸਵੀਰ ਕਲਸੀ, ਖ਼ੋਜ ਅਫਸਰ ਫ਼ਰੀਦਕੋਟ ਕੰਵਰਜੀਤ ਸਿੰਘ ਸਿੱਧੂ, ਸ਼ਾਇਰ ਗੁਰਪਿਆਰ ਸਿੰਘ ਹਰੀ ਨੌਂ, ਮਹਿੰਦਰ ਸਾਥੀ ਯਾਦਗਾਰੀ ਮੰਚ ਦੇ ਪ੍ਰਧਾਨ ਨਵਨੀਤ ਸਿੰਘ ਸੇਖਾ, ਕਨੇਡਾ ਤੋਂ ਉਚੇਚੇ ਤੌਰ ਤੇ ਪਹੁੰਚੇ ਨਾਵਲਕਾਰ ਜਰਨੈਲ ਸਿੰਘ ਸੇਖਾ, ਗੁਰਮੇਲ ਸਿੰਘ ਬੌਡੇ, ਸ਼ਾਇਰਾ ਅਮਰਪ੍ਰੀਤ ਕੌਰ ਸੰਘਾ, ਅਵਤਾਰ ਕਮਾਲ, ਕਹਾਣੀਕਾਰ ਅਲਫਾਜ਼ ਬਲਵਿੰਦਰ ਸਿੰਘ ਰੋਡੇ, ਨਾਟਕਕਾਰ ਮੋਹੀ ਅਮਰਜੀਤ, ਪ੍ਰਿੰਸੀਪਲ ਅਵਤਾਰ ਸਿੰਘ ਕਰੀਰ, ਨੌਜਵਾਨ ਵਾਰਤਕਕਾਰ ਚਿੱਟਾ ਸਿੱਧੂ, 'ਇਹ ਘਰ ਏਬੂ ਦਾ ਹੈ' ਵਰਗੀ ਚਰਚਿਤ ਪੁਸਤਕ ਦਾ ਰਚੇਤਾ ਸ਼ਾਇਰ ਸੁਖਵਿੰਦਰ ਸੁੱਖੀ, ਕੁਲਵੰਤ ਸਿੰਘ ਧਾਲੀਵਾਲ, ਪ੍ਰਨੀਤ ਧਰਮਕੋਟ, ਸਿਮਰਜੀਤ ਸਿੰਮੀ ਸਮੇਤ ਬਹੁਤ ਸਾਰੇ ਪਾਠਕਾਂ ਤੇ ਲੇਖਕਾਂ ਨੇ ਵਿਚਾਰ ਚਰਚਾ ਵਿੱਚ ਹਿੱਸਾ ਲਿਆ।ਹਾਜ਼ਰ ਲੇਖਕਾਂ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਇਸ ਬੜੇ ਹੀ ਨਿਵੇਕਲੇ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ।

# ਇਲੈਕਟ੍ਰੋਨਿਕ ਮੀਡੀਆ ਗਰੁੱਪ ਦਾ ਗਠਨ, ਸੋਨੂੰ ਖੇੜਾ ਪ੍ਰਧਾਨ ਨਿਯੁਕਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਪੁਰਾਣੀ ਦਾਨਾ ਮੰਡੀ ਸ੍ਰੀ ਮੁਕਤਸਰ ਸਾਹਿਬ ਵਿਖੇ ਸਥਿਤ ਇਲੈਕਟ੍ਰੋਨਿਕ ਮੀਡੀਆ ਗਰੁੱਪ ਦੇ ਦਫ਼ਤਰ ਵਿਖੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਇੱਕ ਵਿਸੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਹਾਜ਼ਰ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦੀ ਹਾਜ਼ਰੀ 'ਚ ਸਰਬਸੰਮਤੀ ਵੱਖ ਵੱਖ ਟੀ.ਵੀ. ਚੈਨਲਾਂ 'ਚ ਸੇਵਾਵਾਂ ਨਿਭਾਅ ਰਹੇ ਸੋਨੂੰ ਖੇੜਾ ਨੂੰ ਇਲੈਕਟ੍ਰੋਨਿਕ ਮੀਡੀਆ ਗਰੁੱਪ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸੇ ਦੌਰਾਨ ਸੰਜੀਵ ਸੰਜੂ ਨੂੰ ਸਰਪ੍ਰਸਤ, ਸੋਨੂੰ ਬੇਦੀ ਚੇਅਰਮੈਨ, ਬਲਵੰਤ ਸੰਮੇਵਾਲੀ ਵਾਇਸ ਚੇਅਰਮੈਨ, ਪੰਡਿਤ ਮਨੂੰ ਸ਼ਰਮਾ ਨੂੰ ਉਪ ਪ੍ਰਧਾਨ, ਅਮਿਤ ਅਰੋੜਾ ਸੀਨੀ. ਵਾਇਸ ਪ੍ਰਧਾਨ, ਰੋਬਿਨ ਖੇੜਾ ਖਜ਼ਾਨਚੀ, ਬੂਟਾ ਸਿੰਘ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ ਤੇ ਜਾਸਪ੍ਰੀਤ ਸਿੰਘ, ਗੁਰਮੀਤ ਵਰਮਾ, ਸੰਜੀਵ ਗਰਗ, ਪ੍ਰਦੀਪ ਬਰੀਵਾਲਾ, ਬਾਘਲਾ ਜੀ, ਬਲਕਰਨ ਕੌਲਧਾਰ, ਗੁਰਜੰਟ ਭੱਟੀ ਤੇ ਵਿਸ਼ਾਲ ਗੋਲਡੀ ਨੂੰ ਮੈਂਬਰ ਐਲਾਨਿਆ ਗਿਆ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਸੋਨੂੰ ਖੇੜਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਸੌਂਪੀ ਗਈ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਇਲੈਕਟ੍ਰੋਨਿਕ ਮੀਡੀਆ ਗਰੁੱਪ ਦੇ ਮੈਂਬਰਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨ ਦੀ ਕੋਸ਼ਿਸ਼ ਕਰਨਗੇ।

# ਜਲਵਾਣਾ ਤੋਂ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਬੱਸ ਰਵਾਨਾ

ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਭੇਜਣ ਦੇ ਉਦੇਸ਼ ਨਾਲ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਆਰੰਭੀ ਗਈ ਹੈ। ਇਸੇ ਲੜੀ ਤਹਿਤ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਵੱਲੋਂ ਹਲਕਾ ਵਾਸੀਆਂ ਨੂੰ ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ ਦੇ ਦਰਸ਼ਨਾਂ ਲਈ ਪਿੰਡ ਜਲਵਾਣਾ ਵਿਖੇ ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਨਿਵਾਸੀਆਂ ਨੂੰ ਦੇਸ਼ ਦੇ ਪ੍ਰਮੁੱਖ ਤੀਰਥ ਅਸਥਾਨਾਂ ਦੇ ਦਰਸ਼ਨ ਮੁਫ਼ਤ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਯਾਤਰਾ ਦੌਰਾਨ ਰਹਿਣ-ਸਹਿਣ, ਖਾਣ-ਪੀਣ ਅਤੇ ਆਵਾਜਾਈ ਦੀ ਪੂਰੀ ਵਿਵਸਥਾ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿੱਚ ਕਈ ਸ਼ਰਧਾਲੂ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਸਨ, ਪਰ ਸਰਕਾਰ ਦੀ ਇਸ ਸਕੀਮ ਨਾਲ ਹੁਣ ਉਹ ਵੀ ਵੱਡੇ ਪੱਧਰ 'ਤੇ ਲਾਭ ਉਠਾ ਰਹੇ ਹਨ। ਇਸ ਮੌਕੇ ਸ਼ਰਧਾਲੂਆਂ ਵੱਲੋਂ ਪੰਜਾਬ ਸਰਕਾਰ ਦਾ ਵਿਸ਼ੇਸ਼ ਸਕੀਮ ਚਲਾਉਣ ਲਈ ਧੰਨਵਾਦ ਕੀਤਾ ਗਿਆ ਅਤੇ ਯਾਤਰਾ ਲਈ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਮਾਲੇਰਕੋਟਲਾ ਜਾਫਰ ਅਲੀ, ਸਰਪੰਚ ਸਤਵਿੰਦਰ ਸਿੰਘ ਸਮਰਾ, ਸਰਪੰਚ ਬਾਰਾ ਸਿੰਘ ਕਲਿਆਣ, ਸੀਨੀਅਰ ਆਪ ਆਗੂ ਸਤਿਗੁਰ ਸਿੰਘ ਕਲਿਆਣ, ਹਰਦੀਪ ਸਿੰਘ, ਭੁਪਿੰਦਰ ਸਿੰਘ, ਅਵਤਾਰ ਸਿੰਘ, ਬਲਦੇਵ ਸਿੰਘ, ਜਗਤਾਰ ਸਿੰਘ, ਅਮੋਲਕ ਸਿੰਘ, ਹਾਕਮ ਸਿੰਘ, ਮੈਂਬਰ ਪੰਚਾਇਤ ਗੁਰਬਚਨ ਸਿੰਘ, ਗੁਰਮੀਤ ਸਿੰਘ, ਆਪ ਆਗੂ ਗੁਰਚਰਨ ਸਿੰਘ ਤੋਂ ਇਲਾਵਾ ਹੋਰ ਆਪ ਆਗੂ ਹਾਜ਼ਰ ਸਨ।




ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਬਲਦੇਵ ਸਿੰਘ ਪਿਤਾ/ਪਤੀ ਦਾ ਨਾਮ : ਗੁਰਦੇਵ ਸਿੰਘ

ਪਤਾ: Village Kohar Khurd Tehsil Shahkot Distt Jalandhar 144702, Village-Kuhara Khurd/ Tehsil - Shahkot / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : ਮਨਪ੍ਰੀਤ ਸਿੰਘ ਪੱਕਾ ਪਤਾ: Village Kohar Khurd Tehsil Shahkot Distt Jalandhar 144702, Kuhara Khurd, Shahkot, Jalandhar, Punjab ਵਿਦੇਸ਼ੀ ਪਤਾ: Manpreet Singh Rua Antonia Feijo N 23, 2 Dto 2675-472 Odivelas/ ਮਨਪ੍ਰੀਤ ਸਿੰਘ ਰੂਆ ਐਂਟੋਨੀਓ ਫੀਜੋ ਐਨ 23, 2 ਡੀਟੀਓ 2675 472 ਓਡੀਵੇਲਸ ਜਨਮ ਮਿਤੀ : 22-(30/07/2003)

[illegible]

ਨੰਬਰ 05/ਰਜਿ/ਐਮ/ਰ ਮਿਤੀ 28.01.2026 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

ਪੰਜਾਬ ਐਂਡ ਸਿੰਧ ਬੈਂਕ Zonal Office Moga — PUNJAB & SIND BANK (A GOVT. OF INDIA UNDERTAKING) Where Service is a way of life Zonal Office Moga

[illegible]

ਮਿਤੀ : 01-02-2026 ਸਥਾਨ : ਤਰਨ ਤਾਰਨ ਬ੍ਰਾਂਚ ਮੈਨੇਜਰ

ਦੀ ਨਵ ਨਿਰਮਾਣ ਕੋਆਪ੍ਰੇਟਿਵ ਹਾਊਸ ਬਿਲਡਿੰਗ ਸੁਸਾਇਟੀ ਲਿਮ: ਜਲੰਧਰ

ਚੋਣ ਪ੍ਰੋਗਰਾਮ ਮਿਤੀ: 19.12.2025

[illegible]

Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

[illegible]

ਅਚੱਲ ਜਾਇਦਾਦ ਦਾ ਵੇਰਵਾ

[illegible]

**ਮੋਹਾਲੀ, (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਨੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਪਾਰਟੀ ਦੇ ਜ਼ਮੀਨੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਵੱਖ-ਵੱਖ ਖੇਤਰਾਂ ਲਈ ਸਰਕਲ ਪ੍ਰਧਾਨ ਨਿਯੁਕਤ ਕੀਤੇ ਹਨ। ਇਹ ਨਿਯੁਕਤੀਆਂ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਜਾਰੀ ਸੰਗਠਨ ਵਿਸਥਾਰ ਸੰਬੰਧੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਤੇ ਉਨ੍ਹਾਂ ਦੀ ਪੂਰਵ ਪ੍ਰਵਾਨਗੀ ਉਪਰੰਤ ਕੀਤੀਆਂ ਗਈਆਂ ਹਨ। ਇਸਦਾ ਐਲਾਨ ਜ਼ਿਲ੍ਹਾ ਹਲਕਾ ਡੇਰਾਬੱਸੀ ਸ੍ਰੀ ਐਨ. ਕੇ. ਸ਼ਰਮਾ ਦੀ ਸਿਫਾਰਿਸ਼ 'ਤੇ ਜ਼ਿਲ੍ਹਾ ਪ੍ਰਧਾਨ ਸ. ਪਰਵਿੰਦਰ ਸਿੰਘ ਸੋਹਾਣਾ ਵੱਲੋਂ ਇਹ ਨਿਯੁਕਤੀਆਂ ਜਾਰੀ ਕੀਤੀਆਂ ਗਈਆਂ। ਜ਼ਿਲ੍ਹਾ ਪ੍ਰਧਾਨ ਸੋਹਾਣਾ ਨੇ ਕਿਹਾ ਕਿ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ ਅਤੇ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਇਸੇ ਦਿਸ਼ਾ ਵਿੱਚ ਇਕ ਅਹਿਮ ਕਦਮ ਹੈ। ਜਾਰੀ ਕੀਤੀਆਂ ਨਿਯੁਕਤੀਆਂ ਅਨੁਸਾਰ ਹੰਡੇਸਰਾ ਜ਼ੋਨ-1 ਲਈ ਬਲਜੋਤ ਰਾਣਾ ਤੇ ਹੰਡੇਸਰਾ ਜ਼ੋਨ-2 ਲਈ ਪਰਮਿੰਦਰ ਸਿੰਘ ਅੰਜਲਾ ਨੂੰ ਸਰਕਲ ਪ੍ਰਧਾਨ ਬਣਾਇਆ ਗਿਆ ਹੈ। ਲਾਲੜੂ ਰੂਰਲ ਜ਼ੋਨ-1 ਦੀ ਜ਼ਿੰਮੇਵਾਰੀ ਬਿਕਰਮ ਸਿੰਘ ਸਰਸੀਨੀ ਤੇ ਲਾਲੜੂ ਰੂਰਲ ਜ਼ੋਨ-2 ਦੀ ਕਮਾਨ ਹਰਦਮ ਸਿੰਘ ਜਸਤਨਾ ਕਲਾਂ ਨੂੰ ਸੌਂਪੀ ਗਈ ਹੈ। ਲਾਲੜੂ ਸਿਟੀ ਜ਼ੋਨ-1 ਵਿੱਚ ਰੋਹਿਤ ਰਤਨ ਤੇ ਲਾਲੜੂ ਸਿਟੀ ਜ਼ੋਨ-2 ਵਿੱਚ ਗੁਰਵਿੰਦਰ ਸਿੰਘ ਹਸਨਪੁਰ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਡੇਰਾਬੱਸੀ ਰੂਰਲ ਸਰਕਲ ਦੀ ਕਮਾਨ ਰਾਜਿੰਦਰ ਸਿੰਘ ਇਸਾਪੁਰ ਨੂੰ ਦਿੱਤੀ ਗਈ ਹੈ, ਜਦਕਿ ਡੇਰਾਬੱਸੀ ਰੂਰਲ ਜ਼ੋਨ-1 ਲਈ ਦਿਲਬਾਗ ਸਿੰਘ ਚਡਿਆਲਾ, ਜ਼ੋਨ-2 ਲਈ ਕਰਮਪਾਲ ਸਿੰਘ ਖੇੜੀ ਗੁੱਜਰਾਂ, ਜ਼ੋਨ-3 ਲਈ ਨਰਾਇਣ ਸਿੰਘ ਬਹੋੜਾ ਅਤੇ ਜ਼ੋਨ-4 ਲਈ ਸੰਜੀਵ ਸਿੰਘ ਸੰਜੂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਇਸੇ ਤਰ੍ਹਾਂ ਬਨੂੜ ਸਿਟੀ ਲਈ ਰਘਬੀਰ ਸਿੰਘ ਮੋਹੀ ਅਤੇ ਬਨੂੜ ਰੂਰਲ ਲਈ ਕੁਲਵਿੰਦਰ ਸਿੰਘ ਤਸੌਲੀ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

## ਅਕਾਲਗੜ੍ਹ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਨਜ਼ਦੀਕੀ ਪਿੰਡ ਅਕਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਗੁਰਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਤਿਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਸਮੂਹ



ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਸਜਾਇਆ ਗਿਆ। ਨਗਰ ਕੀਰਤਨ ਦੀ ਅਰੰਭਤਾ ਹੈੱਡ ਗ੍ਰੰਥੀ ਭਾਈ ਬਹਾਦਰ ਸਿੰਘ ਅਕਾਲਗੜ੍ਹ ਨੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕਰਵਾਈ। ਸੁੰਦਰ ਪਾਲਕੀ ਵਿਚ ਸੁਸ਼ੋਭਿਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਏ ਨਗਰ ਕੀਰਤਨ ਦਾ ਸੰਗਤਾਂ ਵਲੋਂ ਥਾਂ-ਥਾਂ ਤੇ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸੰਗਤਾਂ ਨੇ ਨਗਰ ਕੀਰਤਨ ਦੇ ਸਵਾਗਤ ਵਿਚ ਅਨੇਕਾਂ ਥਾਵਾਂ 'ਤੇ ਸੁੰਦਰ ਗੇਟ ਬਣਾਏ ਸਨ। ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਟ ਕਰਦਿਆਂ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ। ਵੱਖ-ਵੱਖ ਪੜਾਵਾਂ 'ਤੇ ਢਾਡੀ ਗਿਆਨੀ ਦਲਜੀਤ ਸਿੰਘ ਮੋਰਾਂਵਾਲੀ ਦੇ ਜੱਥੇ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾਇਆ। ਪ੍ਰਬੰਧਕਾਂ ਵਲੋਂ ਨਗਰ ਕੀਰਤਨ ਦੀ ਸਮਾਪਤੀ ਸਮੇਂ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।ਸਰਪੰਚ ਮੀਨਾ ਰਾਣੀ ਪਤਨੀ ਤਲਵਿੰਦਰ ਸਿੰਘ, ਸਮਾਜ ਸੇਵਕ ਭਾਈ ਲਾਲ ਸਿੰਘ, ਤਰਸੇਮ ਸਿੰਘ ਯੂ.ਐਸ.ਏ., ਗੁਰਨਾਮ ਪਾਲ, ਰੋਹਿਤ ਸਹਿਜਲ, ਗੁਰਮੇਲ ਸਿੰਘ, ਲਾਡੀ ਕਾਰਪੇਂਟਰ, ਠੇਕੇਦਾਰ ਜਸਵਿੰਦਰ ਸਿੰਘ ਮਾਣਾ, ਰਾਮ ਲੁਭਾਇਆ ਹੀਰ, ਭਗਤ ਗੁਰਦਿਆਲ ਸਿੰਘ, ਜਸਵੰਤ ਸਿੰਘ ਫੌਜੀ, ਓਮ ਪ੍ਰਕਾਸ਼, ਚਮਨ ਲਾਲ, ਸਤਨਾਮ ਸਿੰਘ, ਰੋਸ਼ਨ ਲਾਲ ਪੱਪੂ, ਮੱਖਣ ਲਾਲ, ਜਤਿੰਦਰ ਸਿੰਘ ਗੋਲੂ, ਜਰਨੈਲ ਸਿੰਘ, ਗੁਰਦੀਪ ਸਿੰਘ ਬੰਗੜ, ਮੱਖਣ ਸਿੰਘ, ਮੋਹਨ ਲਾਲ ਬੰਗੜ, ਕਾਲਾ ਕਲਸੀ, ਪਰਮਜੀਤ ਕੌਰ ਪੰਚ, ਸੁਮਨ ਪੰਚ, ਸੰਦੀਪ ਕੌਰ ਪੰਚ, ਕਾਕਾ ਅਕਾਲਗੜ੍ਹ, ਧਰਮਿੰਦਰ ਸਿੰਘ ਲਾਡੀ, ਜਰਨੈਲ ਸਿੰਘ ਹੀਰ, ਪ੍ਰਿਥਪਾਲ ਸਿੰਘ ਕਾਲਾ, ਸਤਨਾਮ ਸਿੰਘ ਲੱਢਾ, ਗੁਲਜਾਰ ਸਿੰਘ, ਲਵਪ੍ਰੀਤ, ਅਮਨਜੋਤ, ਮਨਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਹਰਿ ਰਾਇ ਸਾਹਿਬ ਦਾ ਪ੍ਰਕਾਸ਼ ਪੁਰਬ ਮਨਾਇਆ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪਿੰਡ ਭੂੰਗਰਨੀ ਗੁਰਦੁਆਰਾ ਪਾਤਸ਼ਾਹੀ 7ਵੀਂ ਸ੍ਰੀ ਹਰਿ ਰਾਇ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸਾਹਿਬ ਵਿਖੇ ਸਮੂਹ ਨਗਰ ਨਿਵਾਸੀ, ਐੱਨ ਆਰ ਆਈ, ਗੁਰੂ ਹਰਿ ਰਾਇ ਨੌਜਵਾਨ ਸਭਾ ਭੂੰਗਰਨੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦਾ 396ਵਾਂ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸੰਪਟ ਸਾਹਿਬ ਪਾਠ ਜੀ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਖੁੱਲ੍ਹੇ ਦੀਵਾਨ ਹਾਲ ਵਿੱਚ ਕੀਰਤਨ ਦਰਬਾਰ ਸਜਾਏ ਗਏ।ਇਸ ਦੌਰਾਨ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲੇ, ਪ੍ਰਚਾਰਕ ਬਾਬਾ ਬੰਤਾ ਸਿੰਘ, ਢਾਡੀ ਭਾਈ ਸਰੂਪ ਸਿੰਘ ਕਢਿਆਣਾ, ਭਾਈ ਲਖਵਿੰਦਰ ਸਿੰਘ ਸੋਹਲ, ਭਾਈ ਰਮਨਦੀਪ ਸਿੰਘ, ਭਾਈ ਹਰਪਾਲ ਸਿੰਘ ਯੂ.ਐਸ.ਏ., ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਭਾਈ ਰਛਪਾਲ ਸਿੰਘ, ਭਾਈ ਸਾਹਿਬ ਸਤਨਾਮ ਸਿੰਘ ਅਰਸ਼ੀ ਜੀ ਵੱਲੋਂ ਸਟੇਜ ਸਕੱਤਰ ਦੀ ਸੇਵਾ ਬਹੁਤ ਸ਼ਲਾਘਾਯੋਗ ਨਿਭਾਈ, ਭਾਈ ਅਵਤਾਰ ਸਿੰਘ, ਭਾਈ ਰਮਨਦੀਪ ਸਿੰਘ, ਬੀਬੀ ਕੁਲਦੀਪ ਕੌਰ ਆਦਿ ਦੇ ਜਥਿਆਂ ਨੇ ਸੰਗਤਾਂ ਨੂੰ ਮਨੋਹਰ ਕੀਰਤਨ ਤੇ



ਗੁਰਮਤਿ ਵਿਚਾਰਾਂ ਨਾਲ ਨਿਹਾਲ ਕੀਤਾ। ਇਸ ਸਮਾਗਮ 'ਚ ਸੰਤ ਬਾਬਾ ਮਨਜੀਤ ਸਿੰਘ ਹਰਖੋਵਾਲ, ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ, ਸਾਬਕਾ ਵਿਧਾਇਕ ਤੇ ਐਸ ਜੀ ਪੀ ਸੀ ਮੈਂਬਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ,ਅੱਖਾਂ ਦੇ ਮਾਹਿਰ ਡਾਕਟਰ ਐੱਚ ਐੱਸ ਵਿਰਦੀ , ਬਲਵੀਰ ਸਿੰਘ ਯੂ ਐਸ ਏ , ਮੱਖਣ ਸਿੰਘ ਕੋਠੀਵਾਲਾ , ਅੰਗਰੇਜ਼ ਸਿੰਘ ਯੂ ਐੱਸ ਏ ਨੇ ਵੀ ਹਾਜ਼ਰੀ ਭਰੀ। ਇਸ ਦੌਰਾਨ ਸਟੇਜ ਸਕੱਤਰ ਦੀ ਸੇਵਾ ਭਾਈ ਸਤਨਾਮ ਸਿੰਘ ਅਰਸ਼ੀ ਵੱਲੋਂ ਨਿਭਾਈ ਗਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਜੀਤ ਸਿੰਘ ਮਸੂਤਾ, ਗੁਰੂ ਹਰਿ ਰਾਇ ਸਾਹਿਬ ਨੌਜਵਾਨ ਸਭਾ ਦੇ ਪ੍ਰਧਾਨ ਮਨਜੀਤ ਸਿੰਘ ਬਨਵੈਤ, ਅਮਰਜੀਤ ਸਿੰਘ ਇਟਲੀ, ਜਗਜੀਤ ਸਿੰਘ ਇਟਲੀ, ਬਿਕਰਮ ਸਿੰਘ ਅਸਟ੍ਰੇਲੀਆ, ਰਘਵੀਰ ਸਿੰਘ ਸਰੋਆ, ਯੂ ਐੱਸ ਏ , ਜੁਝਾਰ ਸਿੰਘ ਜੀ ਐੱਨ ਏ, ਸਰਵਣ ਸਿੰਘ ਜਲੰਧਰ, ਵਿੱਕੀ ਪੰਚ,ਪਰਮਿੰਦਰ ਸਿੰਘ, ਸਤਪਾਲ ਸਿੰਘ ਬਨਵੈਤ, ਸਤਵੰਤ ਸਿੰਘ, ਜਗਤਾਰ ਸਿੰਘ ਭੂੰਗਰਨੀ, ਮਾ. ਨਿਰੰਕਾਰ ਸਿੰਘ, ਗੁਰਦਿਆਂ ਸਿੰਘ ਪੰਡੋਰੀ ਕੱਦ, ਧਨਵੰਤ ਸਿੰਘ, ਨੰਬਰਦਾਰ ਰਾਜਵੀਰ ਸਿੰਘ, ਜਗਤਾਰ ਸਿੰਘ ਤਾਰੀ, ਨੰਬਰਦਾਰ ਭੁਪਿੰਦਰ ਸਿੰਘ, ਦਰਸ਼ਨ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਕੇਂਦਰੀ ਬਜਟ ਵਿਕਸਿਤ ਭਾਰਤ ਦੇ ਵਿਜ਼ਨ ਨੂੰ ਸਾਕਾਰ ਕਰਨ ਵਾਲਾ : ਰਾਓ ਨਰਬੀਰ ਸਿੰਘ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਉਦਯੋਗ ਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕੇਂਦਰੀ ਵਿਤ ਮੰਤਰੀ ਨਿਰਮਲਾ ਸੀਤਾਰਮਣ ਵੱਲੋਂ ਲੋਕਸਭਾ ਵਿੱਚ ਪੇਸ਼ ਕੀਤੇ ਗਏ ਸਾਲ 2026-27 ਦੇ ਆਮ ਬਜਟ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਹ ਬਜਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ-2047 ਦੇ ਦੂਰਦਰਸ਼ੀ ਵਿਜ਼ਨ 'ਤੇ ਕੇਂਦਰਿਤ ਹੈ। ਉਨ੍ਹਾਂ ਨੇ ਕਿਹਾ ਕਿ ਇਹ ਬਜਟ ਹਰਿਆਣਾ ਲਈ ਵੀ ਬਹੁਤਾ ਮਹਤੱਵਪੂਰਨ ਹੈ ਕਿਉਂਕਿ ਵਿਕਸਿਤ ਭਾਰਤ ਦੀ ਯਾਤਰਾ ਵਿੱਚ ਹਰਿਆਣਾ ਉਦਯੋਗਿਕ ਕ੍ਰਾਂਤੀ ਦਾ ਅਗਰਦੂਤ ਬਨਣ ਦੀ ਦਿਸ਼ਾ ਵਿੱਚ ਤੇਜੀ ਨਾਲ ਅੱਗੇ ਵੱਧ ਰਿਹਾ ਹੈ।

## ਕੇਂਦਰੀ ਬਜਟ 'ਚ ਪੰਜਾਬ ਦੇ ਹਿੱਤਾਂ ਨੂੰ ਕੀਤਾ ਅਣਗੌਲਿਆਂ : ਚਾਵਲਾ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਅਕਾਲੀ ਦਲ ਦੇ ਪੰਜਾਬ ਦੇ ਮੀਤ ਪ੍ਰਧਾਨ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਕੇਂਦਰੀ ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਇਸ ਬਜਟ ਵਿੱਚ ਮੁੜ ਅਣਡਿੱਠਾ ਕੀਤਾ ਗਿਆ ਹੈ। ਭਾਈ ਚਾਵਲਾ ਨੇ ਕਿਹਾ ਕਿ ਕਿਸਾਨਾਂ ਲਈ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਜਾਮਾ ਪਹਿਨਾਉਣ ਬਾਰੇ ਕੋਈ ਸਪਸ਼ਟ ਰੂਪ-ਰੇਖਾ ਨਹੀਂ ਦਿੱਤੀ ਗਈ ਅਤੇ ਨਾ ਹੀ ਵਧ ਰਹੀਆਂ ਖੇਤੀਬਾੜੀ ਲਾਗਤਾਂ ਤੋਂ ਰਾਹਤ ਲਈ ਕੋਈ ਠੋਸ ਉਪਾਅ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕਰਜ਼ੇ ਹੇਠ ਦਬੇ ਪੰਜਾਬ ਲਈ ਕਿਸੇ ਵੀ ਕਿਸਮ ਦਾ ਵਿਸ਼ੇਸ਼ ਆਰਥਿਕ ਪੈਕੇਜ ਨਾ ਦੇਣਾ ਕੇਂਦਰ ਦੀ ਨਕਾਰਾਤਮਕ ਸੋਚ ਨੂੰ ਦਰਸਾਉਂਦਾ ਹੈ। ਉਨ੍ਹਾਂ ਆਖਿਆ ਕਿ ਰਾਜਾਂ ਦੇ ਹਿੱਸੇ ਦੀ ਆਮਦਨ ਵਿੱਚ ਵਾਧਾ ਕੀਤੇ ਬਿਨਾਂ ਕੇਂਦਰ ਵੱਲੋਂ ਬਣਾਈਆਂ ਯੋਜਨਾਵਾਂ ਥੋਪ ਕੇ ਸੰਘੀ ਢਾਂਚੇ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ, ਜਿਸ ਨਾਲ ਰਾਜਾਂ ਦੀ ਖੁਦਮੁਖਤਿਆਰੀ ਨੂੰ ਗੰਭੀਰ ਨੁਕਸਾਨ ਪਹੁੰਚ ਰਿਹਾ ਹੈ। ਭਾਈ ਚਾਵਲਾ ਨੇ ਅਫ਼ਸੋਸ ਜਤਾਇਆ ਕਿ ਦਲਿਤ ਭਾਈਚਾਰੇ, ਖ਼ਾਸ ਕਰਕੇ ਜ਼ਮੀਨਹੀਣ ਖੇਤੀ ਮਜ਼ਦੂਰਾਂ ਲਈ ਬਜਟ ਵਿੱਚ ਕੋਈ ਵਿਸ਼ੇਸ਼ ਪ੍ਰਬੰਧ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਹੁਨਰ ਵਿਕਾਸ ਵਰਗੇ ਮੁੱਖ ਮਸਲਿਆਂ 'ਤੇ ਕੇਂਦਰ ਦੀ ਖਾਮੋਸ਼ੀ ਨਿਰਾਸ਼ਾਜਨਕ ਹੈ।

## ਪਸ਼ੂ ਮੇਲੇ 'ਚ ਨਵੀਨਤਮ ਪਸ਼ੂ ਪਾਲਣ ਤਕਨੀਕਾਂ ਦੀ ਜਾਣਕਾਰੀ ਦਿੱਤੀ ਜਾਏਗੀ : ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਪਸ਼ੂ ਪਾਲਣ ਅਤੇ ਡੇਅਰੀ ਮੰਤਰੀ, ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ 6 ਤੋਂ 8 ਫਰਵਰੀ ਤੱਕ ਕੁਰੂਕਸ਼ੇਤਰ ਵਿੱਚ ਹੋਣ ਵਾਲੇ ਮੇਲੇ ਅਤੇ ਪ੍ਰਦਰਸ਼ਨੀ ਵਿੱਚ ਨਵੀਨਤਮ ਪਸ਼ੂ ਪਾਲਣ ਤਕਨੀਕਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ। ਰਾਜ ਸਰਕਾਰ ਪਸ਼ੂ ਪਾਲਕਾਂ ਨੂੰ ਉੱਚ-ਗੁਣਵੱਤਾ ਵਾਲੇ ਜਾਨਵਰ ਰੱਖਣ ਅਤੇ ਵਿਗਿਆਨਕ ਤੌਰ 'ਤੇ ਪਾਲਣ ਲਈ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਘੱਟ ਲਾਗਤ 'ਤੇ ਵੱਧ ਤੋਂ ਵੱਧ ਆਮਦਨ ਕਮਾ ਸਕਣ।ਸ਼੍ਰੀ ਰਾਣਾ ਨੇ ਦੱਸਿਆ ਕਿ ਕੁਰੂਕਸ਼ੇਤਰ ਵਿੱਚ ਹੋਣ ਵਾਲੀ 41ਵੀਂ ਰਾਜ-ਪੱਧਰੀ ਪਸ਼ੂ ਪ੍ਰਦਰਸ਼ਨੀ ਵਿੱਚ ਸ਼ਾਨਦਾਰ ਨਸਲਾਂ ਦੇ ਲਗਭਗ 1,500 ਜਾਨਵਰ 53 ਵੱਖ-ਵੱਖ ਸ਼੍ਰੇਣੀਆਂ ਵਿੱਚ ਹਿੱਸਾ ਲੈਣਗੇ। ਪਸ਼ੂ ਪਾਲਕਾਂ ਨੂੰ ਉਤਸ਼ਾਹਿਤ ਕਰਨ ਲਈ, ਸਭ ਤੋਂ ਵਧੀਆ ਜਾਨਵਰਾਂ ਦੇ ਮਾਲਕਾਂ ਨੂੰ ਲਗਭਗ 50 ਲੱਖ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਜਾਵੇਗੀ।

## ਲੋੜਵੰਦ ਲੜਕੀਆਂ ਦੇ ਵਿਆਹ ਕਰਵਾਏ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਮਾਤਾ ਕਲਿਆਣੀ ਵੈਲਫੇਅਰ ਸੋਸਾਇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਮਾਤਾ ਕਲਿਆਣੀ ਮੰਦਿਰ ਵਿਖੇ ਚਾਰ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕੀਤੇ ਗਏ। ਮਦਨ ਲਾਲ ਦਾ ਸ਼ੁਭ ਵਿਆਹ ਕੁਲਦੀਪ, ਅਜੇ ਕੁਮਾਰ



ਦਾ ਲਵਪ੍ਰੀਤ, ਭਾਗ ਸਿੰਘ ਦਾ ਮਮਤਾ ਰਾਣੀ ਤੇ ਜਸਵੀਰ ਕੁਮਾਰ ਦਾ ਸ਼ੁਭ ਵਿਆਹ ਦਵਿੰਦਰ ਕੌਰ ਨਾਲ ਹੋਇਆ। ਪ੍ਰਬੰਧਕ ਕਮੇਟੀ ਵੱਲੋਂ ਲੜਕੀਆਂ ਨੂੰ ਘਰ ਦਾ ਲੋੜੀਂਦਾ ਸਮਾਨ ਵੀ ਦਿੱਤਾ ਗਿਆ। ਇਸ ਮੌਕੇ ਖ਼ੂਨਦਾਨ ਕੈਂਪ ਵੀ ਲੱਗਾ, ਜਿਸ ਵਿੱਚ ਖ਼ੂਨਦਾਨੀਆਂ ਵੱਲੋਂ 40 ਯੂਨਿਟ ਖ਼ੂਨ ਦਾਨ ਕੀਤਾ ਗਿਆ। ਪਿਛਲੇ ਦਿਨਾਂ ਤੋਂ ਚੱਲ ਰਹੀ ਸ੍ਰੀ ਮੱਧ ਭਾਗਵਤ ਕਥਾ ਦੀ ਸਮਾਪਤੀ ਵੀ ਕੀਤੀ ਗਈ। ਇਸ ਮੌਕੇ ਕਮੇਟੀ ਦੇ ਪ੍ਰਧਾਨ ਤਿਲਕ ਰਾਜ ਚੌਹਾਨ, ਬਲਦੇਵ ਸਿੰਘ ਅਤੇ ਰਾਮ ਲੁਭਾਇਆ ਉਪ ਪ੍ਰਧਾਨ, ਕੈਪਟਨ ਸੁਰੇਸ਼ ਕੁਮਾਰ ਅਤੇ ਹਰਭਜਨ ਲਾਲ ਕੈਸ਼ੀਅਰ, ਰਜੇਸ਼ ਕੁਮਾਰ ਰਾਜੂ ਸੈਕਟਰੀ, ਸ਼ਿਵ ਕੁਮਾਰ, ਰਸ਼ਪਾਲ ਸਿੰਘ, ਪੰਡਿਤ ਰਮਨ ਕੁਮਾਰ, ਦਾਰਾ ਸਿੰਘ, ਬੂਟਾ ਰਾਮ, ਕੈਪਟਨ ਪਰਮਜੀਤ ਸਿੰਘ, ਬਲਵੀਰ ਲੰਬੜਦਾਰ, ਜਰਨੈਲ ਸਿੰਘ, ਰਜੇਸ਼ ਕੁਮਾਰ ਲਲਵਾਨ, ਇੰਸਪੈਕਟਰ ਅਸ਼ੋਕ ਕੁਮਾਰ, ਸੂਬੇਦਾਰ ਇੰਸਪੈਕਟਰ ਅਸ਼ਵਨੀ ਕੁਮਾਰ,ਏ ਐੱਸਆਈ ਬਲਵਿੰਦਰ ਸਿੰਘ, ਏ ਐੱਸ ਆਈ ਸੋਹਨ ਲਾਲ, ਏ ਐੱਸ ਆਈ ਪਰਸ਼ੋਤਮ ਲਾਲ, ਏ ਐੱਸ ਆਈ ਮੰਗਤ ਰਾਮ, ਆਸ਼ੀਸ਼ ਪਟਵਾਰੀ, ਕਰਨ ਚੌਧਰੀ, ਤਿਲਕ ਰਾਜ ਰਾਣਾ, ਸੰਜੇ ਰਾਣਾ, ਦੀਪਕ ਸ਼ਰਮਾ, ਦੀਪਕ ਬੌਬੀ,ਰਾਮਪਾਲ ਸ਼ਰਮਾ, ਸੁਖਦੇਵ ਸ਼ਰਮਾ ਠੇਕੇਦਾਰ, ਰਮੂ ਪੰਡਿਤ ਪੰਚ, ਸੋਨੂ ਇਲੈਕਟਰੀਸ਼ਨ, ਸੋਨੂ ਰਾਮ ਸਿੰਘ, ਮਦਨ ਲਾਲ ਰਾਣਾ,ਮਿੰਟੂ ਰਾਣਾ, ਵਿੱਕੀ ਇਲੈਕਟਰੀਸ਼ਨ, ਹਰਦੇਵ ਚੰਦ ਥਿੰਦ, ਹਰਜਿੰਦਰ ਸਿੰਘ, ਸਤਨਾਮ ਠੇਕੇਦਾਰ, ਪਰਮਜੀਤ ਪੰਮਾ, ਰਾਮਪਾਲ ਆਪਰੇਟਰ, ਬਿੰਦਰ ਬਾਬਾ ਜੇਜੋ, ਬੰਟੀ ਟਰੈਵਲ, ਦੀਪਾ ਲੰਬੜਦਾਰ, ਸਤਨਾਮ ਰਾਣਾ, ਸੁਖਦੇਵ ਰਠੌਰ, ਮਾਸਟਰ ਰਣਵੀਰ ਰਾਣਾ, ਸੂਬੇਦਾਰ ਬਲਵੀਰ ਰਾਣਾ,ਰਮੇਸ਼, ਰਾਣਾ ਵਿੱਕੀ, ਕੁਲਵੰਤ ਸਿੰਘ ਵਿੱਕੀ ਸ਼ਿਵ ਚੌਧਰੀ ਸਮੇਤ ਕਮੇਟੀ ਮੈਂਬਰ ਤੇ ਸਨਮਾਨਯੋਗ ਸ਼ਖਸ਼ੀਅਤਾਂ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕੀਤਾ ਜਾਵੇ : ਡੀ ਐੱਸ ਪੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਹਿਊਮਨ ਰਾਈਟਸ ਕੌਂਸਲ ਇੰਡੀਆ ਦੇ ਸੂਬਾ ਸਕੱਤਰ ਅਤੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐੱਮ ਜੇ ਐੱਫ ਦੇ ਸੈਂਟਰਲ ਟਾਊਨ ਫਗਵਾੜਾ ਸਥਿਤ ਦਫਤਰ ਕੰਗ ਇੰਟਰਪ੍ਰਾਈਜ਼ਿਜ਼ ਵਿਖੇ ਉਸ ਸਮੇਂ ਵਿਸ਼ੇਸ਼ ਮਾਹੌਲ ਬਣ ਗਿਆ ਜਦੋਂ ਡੀ ਐੱਸ ਪੀ ਪਟਿਆਲਾ ਕਰਮਜੀਤ ਕੌਰ ਉਹਨਾਂ ਦੇ ਨਾਲ ਸ਼ਿਸ਼ਟਾਚਾਰ ਮੁਲਾਕਾਤ ਕਰਨ ਲਈ ਪਹੁੰਚੇ। ਉਨ੍ਹਾਂ ਗੁਰਦੀਪ ਸਿੰਘ ਕੰਗ ਦੇ ਸਮਾਜਿਕ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਤੇ



ਸਮਾਜਿਕ ਜਾਗਰੂਕਤਾ ਲਈ ਪੁਲਸ ਅਤੇ ਜਨਤਾ ਵਿਚਕਾਰ ਆਪਸੀ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਲਾਇਨ ਗੁਰਦੀਪ ਸਿੰਘ ਕੰਗ ਨੇ ਡੀ ਐੱਸ ਪੀ ਕਰਮਜੀਤ ਕੌਰ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਅਤੇ ਹਿਊਮਨ ਰਾਈਟਸ ਕੌਂਸਲ ਇੰਡੀਆ ਅਤੇ ਲਾਇਨਜ਼ ਇੰਟਰਨੈਸ਼ਨਲ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਸਮਾਜ ਸੇਵਾ, ਮਨੁੱਖੀ ਅਧਿਕਾਰਾਂ ਦੀ ਸੁਰੱਖਿਆ, ਮਹਿਲਾ ਸਸ਼ਕਤੀਕਰਨ, ਸ਼ਾਂਤੀ ਤੇ ਭਾਈਚਾਰਕ ਸਾਂਝ ਦੇ ਉਪਰਾਲਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡੀ.ਐਸ.ਪੀ. ਕਰਮਜੀਤ ਕੌਰ ਨੇ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਦਿਲੋਂ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਜਿਹੀਆਂ ਸਮਾਜਿਕ ਸੰਸਥਾਵਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਇਸ ਮੌਕੇ ਸਮਾਜਿਕ ਸਰੋਕਾਰਾਂ ਤੇ ਜਨਤਕ ਹਿੱਤਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਸਾਰਥਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹਿਊਮਨ ਰਾਈਟਸ ਕੌਂਸਲ ਦੇ ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ, ਗੁਲਸ਼ਨ ਸ਼ਰਮਾ ਲੱਕੀ, ਵਿਜੇ ਅਰੋੜਾ, ਅਮਿਤ ਢੀਂਗਰਾ, ਹਰੀਸ਼ ਗੁਲਾਟੀ ਆਦਿ ਮੌਜੂਦ ਸਨ।

## ਆਸ਼ੀਰਵਾਦ ਸਕੀਮ ਤਹਿਤ ਅਰਜ਼ੀਆਂ ਸਿਰਫ਼ ਸੇਵਾ ਕੇਂਦਰਾਂ ਰਾਹੀਂ ਹੀ ਲਈਆਂ ਜਾਣਗੀਆਂ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲੇ ਵਿਭਾਗ ਵੱਲੋਂ ਆਸ਼ੀਰਵਾਦ ਸਕੀਮ ਦੀ ਅਰਜ਼ੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਇਕਰੂਪਤਾ ਅਤੇ ਲਾਭਪਾਤਰੀਆਂ ਤੱਕ ਸੁਚੱਜੀ ਸੇਵਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇੱਕ ਮਹੱਤਵਪੂਰਨ ਤਬਦੀਲੀ ਕੀਤੀ ਗਈ ਹੈ।ਹੁਣ ਤੱਕ ਆਸ਼ੀਰਵਾਦ ਸਕੀਮ ਤਹਿਤ ਜ਼ਿਆਦਾਤਰ ਲਾਭਪਾਤਰੀ ਨਿੱਜੀ ਸਾਇਬਰ ਕੈਫ਼ਿਆਂ ਜਾਂ ਨਿੱਜੀ ਕੰਪਿਊਟਰਾਂ ਰਾਹੀਂ ਆਨਲਾਈਨ ਅਰਜ਼ੀਆਂ ਭਰ ਰਹੇ ਸਨ, ਪਰੰਤੂ 28 ਜਨਵਰੀ ਤੋਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲੇ ਮੰਤਰੀ ਵੱਲੋਂ ਆਸ਼ੀਰਵਾਦ ਪੋਰਟਲ 'ਤੇ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਸੁਵਿਧਾ ਸਿਰਫ਼ ਸੇਵਾ ਕੇਂਦਰਾਂ ਰਾਹੀਂ ਹੀ ਸ਼ੁਰੂ ਕੀਤੀ ਗਈ ਹੈ।ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਆਸ਼ਿਸ਼ ਕਥੂਰੀਆ ਅਨੁਸਾਰ ਹੁਣ ਤੋਂ ਤੁਰੰਤ ਪ੍ਰਭਾਵ ਨਾਲ ਨਿੱਜੀ ਸਾਇਬਰ ਕੈਫ਼ਿਆਂ ਜਾਂ ਨਿੱਜੀ ਕੰਪਿਊਟਰਾਂ ਰਾਹੀਂ ਆਸ਼ੀਰਵਾਦ ਸਕੀਮ ਲਈ ਅਰਜ਼ੀਆਂ ਕਰਨ ਦੀ ਸੁਵਿਧਾ ਬੰਦ ਕਰ ਦਿੱਤੀ ਗਈ ਹੈ। ਹੁਣ ਸਕੀਮ ਦਾ ਲਾਭ ਲੈਣ ਦੇ ਇੱਛੁਕ ਪ੍ਰਾਰਥੀ ਆਪਣੀਆਂ ਅਰਜ਼ੀਆਂ ਕੇਵਲ ਅਧਿਕ੍ਰਿਤ ਸੇਵਾ ਕੇਂਦਰਾਂ ਰਾਹੀਂ ਹੀ ਜਮ੍ਹਾਂ ਕਰਵਾ ਸਕਣਗੇ।ਉਨ੍ਹਾਂ ਨੇ ਸਾਰੇ ਸੰਬੰਧਿਤ ਵਿਭਾਗਾਂ ਅਤੇ ਫ਼ੀਲਡ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਇਸ ਜਾਣਕਾਰੀ ਨੂੰ ਆਪਣੇ-ਆਪਣੇ ਪੱਧਰ 'ਤੇ ਆਮ ਲੋਕਾਂ ਤੱਕ ਵੱਧ ਤੋਂ ਵੱਧ ਪਹੁੰਚਾਇਆ ਜਾਵੇ, ਤਾਂ ਜੋ ਲਾਭਪਾਤਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਇਹ ਵੀ ਜ਼ਿਕਰਯੋਗ ਹੈ ਕਿ ਇਸ ਸਕੀਮ ਤਹਿਤ ਵਿਆਹ ਦੀ ਤਾਰੀਖ ਤੋਂ 60 ਦਿਨਾਂ ਦੇ ਅੰਦਰ ਅੰਦਰ ਅਰਜ਼ੀ ਦਿੱਤੀ ਜਾ ਸਕਦੀ ਹੈ।

## ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ, ਬਾਬਾ ਜੀਵਨ ਸਿੰਘ ਛਾਉਣੀ ਨਿਹੰਗ ਸਿੰਘਾਂ 'ਚ ਅੰਮ੍ਰਿਤ ਸੰਚਾਰ ਕਰਵਾਇਆ



**ਨਕੋਦਰ (ਮਨਜੀਤ ਮਾਨ)**-ਜਥੇਦਾਰ ਮਹਾਂਕਾਲ ਬਾਬਾ ਹਰੀ ਸਿੰਘ ਦਸ਼ਮੇਸ਼ ਤਰਨਾਦਲ ਦੋਆਬਾ ਛਾਉਣੀ ਨਿਹੰਗ ਸਿੰਘਾਂ ਕਲਿਆਣਪੁਰ ਵਲੋਂ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਬਾਬਾ ਜੀਵਨ ਸਿੰਘ ਛਾਉਣੀ ਨਿਹੰਗ ਸਿੰਘਾਂ ਕਲਿਆਣਪੁਰ ਵਿਖੇ ਸੰਗਤਾਂ ਦੇ ਸਹਿਯੋਗ ਨਾਲ 7 ਵਾਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਜਿਸ ਵਿੱਚ 54 ਪ੍ਰਾਣੀਆ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਜਿਸ ਵਿੱਚ ਕਕਾਰਾਂ ਤੇ ਹੋਰ ਸੇਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਕੁਲਵੰਤ ਸਿੰਘ ਮੰਨਣ, ਇਕਬਾਲ ਸਿੰਘ ਬੱਗਾ ਤੇ ਹੋਰ ਸੰਗਤ ਵਲੋਂ ਕਰਵਾਈ ਗਈ। ਪਹਿਲਾਂ ਵੀ ਜਥੇਦਾਰ ਹਰੀ ਸਿੰਘ ਵੱਲੋਂ ਸਿੱਖ ਪੰਥ ਦੇ ਪ੍ਰਚਾਰ ਲਈ ਹੋਰ ਵੀ ਕਈ ਕਾਰਜ ਕੀਤੇ ਜਾਂਦੇ ਹਨ। ਇਸ ਮੌਕੇ ਤੇ ਸ਼ਹੀਦ ਬਾਬਾ ਦੀਪ ਸਿੰਘ ਵੈਲਫੇਅਰ ਸੁਸਾਇਟੀ ਦਾ ਆਗਾਜ਼ ਕੀਤਾ ਗਿਆ ਜਿਸ ਵਿੱਚ ਸੰਗਤ ਨੇ ਜੱਥੇਦਾਰ ਗੁਰਵਿੰਦਰ ਸਿੰਘ ਨੂੰ ਪ੍ਰਧਾਨ, ਕਰਨ ਸਿੰਘ ਦਾਨੇਵਾਲ ਨੂੰ ਉਪ ਪ੍ਰਧਾਨ, ਡਾਕਟਰ ਕੁਲਵੀਰ ਪਾਲ ਨੂੰ ਜਨਰਲ ਸਕੱਤਰ, ਮੌਸਮ ਸਿੰਘ ਨੂੰ ਕੈਸ਼ੀਅਰ ਚੁਣਿਆ ਗਿਆ। ਇਹ ਸੁਸਾਇਟੀ ਜਥੇਦਾਰ ਹਰੀ ਸਿੰਘ ਦੀ ਸਰਪ੍ਰਸਤੀ ਵਿੱਚ ਕੰਮ ਕਰੇਗੀ ਅਤੇ ਪ੍ਰਚਾਰ ਪ੍ਰਸਾਰ ਲਈ ਹੋਰ ਵੀ ਅੰਮ੍ਰਿਤ ਸੰਚਾਰ ਕਰਵਾਏ ਜਾਣਗੇ। ਇਸ ਮੌਕੇ ਤੇ ਇਕਬਾਲ ਸਿੰਘ ਬੱਗਾ, ਸਿੱਖ ਸੰਘਰਸ਼ ਕਮੇਟੀ ਦੇ ਪ੍ਰਧਾਨ ਵਿੱਕੀ ਸਿੰਘ ਖਾਲਸਾ, ਡਾਕਟਰ ਅੰਬੇਡਕਰ ਸੰਘਰਸ਼ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਤਰਲੋਕ ਵੇਂਡਲ ਤੇ ਹੋਰ ਵੀ ਕਈ ਸ਼ਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ।

## ਪਵਿੱਤਰ ਵੇਈਂ ਕਾਰ ਸੇਵਾ ਦੀ 25ਵੀਂ ਵਰ੍ਹੇਗੰਢ ਮੌਕੇ ਵਾਤਾਵਰਨ ਕਾਨਫਰੰਸ ਦੀ ਸ਼ੁਰੂਆਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਵਿਸ਼ਵ ਜਲਵਾਯੂ ਦਿਵਸ 2026 ਦੇ ਮੌਕੇ ਪਵਿੱਤਰ ਵੇਈਂ ਦੀ ਕਾਰਸੇਵਾ ਦੀ 25ਵੀਂ ਵਰ੍ਹੇਗੰਢ ਨੂੰ ਸਮਰਪਿਤ ਵਿਸ਼ਾਲ ਵਾਤਾਵਰਣ ਕਾਨਫਰੰਸ ਦੀ ਸ਼ੁਰੂਆਤ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ, ਪਵਿੱਤਰ ਵੇਈਂ ਕਿਨਾਰੇ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਹੋ ਗਈ। ਇਸ ਕਾਨਫਰੰਸ ਦਾ ਆਯੋਜਨ ਪਦਮ ਸ੍ਰੀ ਸੰਤ ਬਲਵੀਰ ਸਿੰਘ ਸੀਚੇਵਾਲ, ਮੈਂਬਰ ਰਾਜ ਸਭਾ ਵੱਲੋਂ ਕੀਤਾ ਗਿਆ ਹੈ।ਸਮਾਗਮ ਦੀ ਸ਼ੁਰੂਆਤ ਵਾਤਾਵਰਣ ਸੰਭਾਲ, ਜਲ ਸਰੋਤਾਂ ਦੀ ਰੱਖਿਆ ਤੇ ਕੁਦਰਤ ਨਾਲ ਸਾਂਝ ਦੇ ਸੁਨੇਹੇ ਨਾਲ ਕੀਤੀ ਗਈ। ਕਾਨਫਰੰਸ ਦੌਰਾਨ ਪੰਜਾਬ ਦੇ ਗੰਭੀਰ ਵਾਤਾਵਰਣੀ ਸੰਕਟ, ਦਰਿਆਵਾਂ ਦੀ ਦੁਰਦਸ਼ਾ, ਜਲ ਸੰਰੱਖਣ, ਜ਼ਹਿਰੀਲੀ ਖੇਤੀ ਤੇ ਕੁਦਰਤੀ ਸੰਤੁਲਨ ਵਰਗੇ ਮੁੱਦਿਆਂ 'ਤੇ ਗੰਭੀਰ ਚਰਚਾ ਜਾਰੀ ਹੈ।ਇਸ ਮੌਕੇ ਮੁੱਖ ਮਹਿਮਾਨ ਡਾ. ਅਫਰੋਜ਼ ਅਹਿਮਦ, ਮੈਂਬਰ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਵਿੱਤਰ ਵੇਈਂ ਦੀ ਕਾਰਸੇਵਾ ਸਿਰਫ਼ ਇੱਕ ਨਦੀ ਦੀ ਸਫਾਈ ਨਹੀਂ, ਸਗੋਂ ਇਹ ਵਾਤਾਵਰਣੀ ਪੁਨਰਜੀਵਨ ਦਾ ਮਾਡਲ ਹੈ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਭਰ ਵਿੱਚ ਵੇਈਂ ਵਰਗੇ ਅਭਿਆਨ ਲਾਗੂ ਕੀਤੇ ਜਾਣ ਤਾਂ ਪਾਣੀ ਦੇ ਸਰੋਤਾਂ ਨੂੰ ਬਚਾਇਆ ਜਾ ਸਕਦਾ ਹੈ। ਕਾਨਫਰੰਸ ਦੇ ਸੰਚਾਲਕ ਸੰਤ ਬਲਵੀਰ ਸਿੰਘ ਸੀਚੇਵਾਲ ਨੇ ਆਏ ਹੋਏ ਦੇਸ਼-ਵਿਦੇਸ਼ ਦੇ ਮਹਿਮਾਨਾਂ ਨੂੰ ਪਵਿੱਤਰ ਕਾਲੀ ਵੇਈਂ ਨਦੀ ਵਿੱਚ ਕਿਸ਼ਤੀ ਦੀ ਸਵਾਰੀ ਕਰਵਾਈ ਤੇ ਕਾਰਸੇਵਾ ਦੇ 25 ਸਾਲਾਂ ਦੇ ਸਫ਼ਰ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੰਤ ਸੀਚੇਵਾਲ ਨੇ ਕਿਹਾ ਕਿ ਕਦੇ ਗੰਦੇ ਨਾਲੇ ਦਾ ਰੂਪ ਧਾਰ ਚੁੱਕੀ ਪਵਿੱਤਰ ਵੇਈਂ ਅੱਜ ਲੋਕਾਂ ਦੀ ਸਾਂਝੀ ਮਿਹਨਤ ਨਾਲ ਮੁੜ ਜੀਵੰਤ ਹੋਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਸਮਾਜ ਆਪਣੇ ਫਰਜ਼ ਨੂੰ ਸਮਝ ਲਵੇ ਤਾਂ ਕੁਦਰਤ ਨੂੰ ਬਚਾਉਣਾ ਮੁਸ਼ਕਲ ਨਹੀਂ।

## ਗਿਲਜੀਆਂ ਪਰਵਾਰ ਨੇ ਭੇਟ ਕੀਤੀ ਐਂਬੂਲੈਂਸ

**ਅੱਡਾ ਸਰਾਂ/ ਟਾਂਡਾ ਉੜਮੁੜ, (ਜਸਵੀਰ ਕਾਜਲ, ਉਂਕਾਰ ਸਿੰਘ)** ਪਿੰਡ ਜਲਾਲਪੁਰ ਦੇ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੰਘ ਸਭਾ ਕੁਆਂਖ ਪੱਤੀ ਵਿਖੇ ਹੋਏ ਸਮਾਗਮ ਦੌਰਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਪਿੰਡ ਦੀ ਸਹੂਲਤ ਲਈ ਐਂਬੂਲੈਂਸ ਭੇਟ ਕੀਤੀ ਹੈ। ਅਮਰੀਕਾ ਰਹਿੰਦੇ ਪਲਵਿੰਦਰ ਸਿੰਘ ਰੋਮਨ



ਗਿਲਜੀਆਂ ਤੇ ਪਰਮਜੀਤ ਕੌਰ ਸਵੀਟੀ ਗਿਲਜੀਆਂ ਵੱਲੋਂ ਸੂਬੇਦਾਰ ਅਮਰੀਕ ਸਿੰਘ ਅਤੇ ਮਾਤਾ ਗਿਆਨ ਕੌਰ ਦੀ ਯਾਦ ਵਿਚ ਦਿੱਤੀ ਇਹ ਐਂਬੂਲੈਂਸ ਸਾਬਕਾ ਮੰਤਰੀ ਗਿਲਜੀਆਂ ਨੇ ਗੁਰੂਘਰ ਦੇ ਸੇਵਾਦਾਰਾਂ ਦੇ ਸਪੁਰਦ ਕੀਤੀ । ਇਸ ਤੋਂ ਪਹਿਲਾਂ ਗੁਰੂ ਘਰ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ । ਪਿੰਡ ਵਿਚ ਐਂਬੂਲੈਂਸ ਦੀ ਸਹੂਲਤ ਦੇਣ ਲਈ ਸਾਬਕਾ ਮੰਤਰੀ ਗਿਲਜੀਆਂ ਤੇ ਸਮੂਹ ਗਿਲਜੀਆਂ ਪਰਿਵਾਰ ਦਾ ਧੰਨਵਾਦ ਕਰਦੇ ਹੋਏ ਕਮੇਟੀ ਵੱਲੋਂ ਪ੍ਰਧਾਨ ਨਿਰਮਲ ਸਿੰਘ ਦੀ ਅਗਵਾਈ ਵਿਚ ਸਾਬਕਾ ਮੰਤਰੀ ਗਿਲਜੀਆਂ ਤੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਆਖਿਆ ਕਿ ਸਮਾਜਿਕ ਵਿਕਾਸ ਦੇ ਕਾਰਜਾਂ ਵਿਚ ਵਿਦੇਸ਼ਾਂ ਵਿਚ ਵੱਸ ਮਿਹਨਤ ਦੀ ਕਮਾਈ ਕਰਨ ਵਾਲੇ ਪ੍ਰਵਾਸੀ ਪੰਜਾਬੀਆਂ ਦਾ ਅਹਿਮ ਯੋਗਦਾਨ ਹੈ । ਇਸ ਮੌਕੇ ਚੇਅਰਮੈਨ ਲਖਵੀਰ ਸਿੰਘ ਲੱਖੀ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਗੁੱਜਰ, ਰਵਿੰਦਰ ਕੌਰ, ਰਾਜਵਿੰਦਰ ਕੌਰ, ਜਸਵੀਰ ਕੌਰ, ਸੁਰਜੀਤ ਕੌਰ, ਮਨਜੀਤ ਕੌਰ, ਬਲਵਿੰਦਰ ਕੌਰ,ਪੰਚ ਨਰਿੰਦਰ ਸਿੰਘ, ਜਤਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਸਾਬਕਾ ਸਰਪੰਚ ਸੁਰਿੰਦਰ ਸਿੰਘ, ਨੰਬਰਦਾਰ ਜਸਵਿੰਦਰ ਸਿੰਘ ਕੁਲਵੰਤ ਸਿੰਘ, ਸੁਖਵਿੰਦਰ ਸਿੰਘ ਸਾਬਕਾ ਮੈਂਬਰ , ਨਰਿੰਦਰ ਸਿੰਘ, ਪ੍ਰਕਾਸ਼ ਰਾਮ, ਅਜੀਤ ਸਿੰਘ, ਜੀਤ ਸਿੰਘ, ਕੁਲਵਿੰਦਰ ਸਿੰਘ ਅਮਰੀਕਾ, ਕੈਪਟਨ ਸੁਖਚੈਨ ਸਿੰਘ, ਸ਼ਿਵਦੇਵ ਸਿੰਘ, ਕਰਨੈਲ ਸਿੰਘ, ਦਵਿੰਦਰ ਸਿੰਘ, ਸੁਰਿੰਦਰ ਸਿੰਘ ਕਾਲਾ, ਅਵਤਾਰ ਸਿੰਘ ਸੈਕਟਰੀ, ਸਾਬੀ, ਜਸਵੀਰ ਸਿੰਘ ਅਤੇ ਸੇਵਾ ਸਿੰਘ ਆਦਿ ਮੌਜੂਦ ਸਨ ।

## ਟੋਰੋਵਾਲ ਵਿਖੇ ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਤਹਿਸੀਲ ਬਲਾਚੌਰ ਅਧੀਨ ਪੈਂਦੇ ਪਿੰਡ ਟੋਰੋਵਾਲ ਵਿਖੇ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਗੁਰਪੁਰਬ ਸਮੂਹ ਨਗਰ ਨਿਵਾਸੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ?ਸਮਾਗਮ ਦੀ ਸ਼ੁਰੂਆਤ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਜਿਸ ਉਪਰੰਤ ਰਾਗੀ ਜਥਿਆਂ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਪਵਿੱਤਰ ਦਿਹਾੜੇ 'ਤੇ ਸ੍ਰੀ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਪੂਰੀ ਮਰਿਆਦਾ ਨਾਲ ਅਦਾ ਕੀਤੀ ਗਈ। ਇਸ ਮੌਕੇ ਬੁਲਾਰਿਆਂ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀ ਬਾਣੀ ਤੋਂ ਸੇਧ ਲੈ ਕੇ ਮਾਨਵਤਾ ਦੇ ਭਲੇ ਲਈ ਜੁੜਨ ਦਾ ਸੰਦੇਸ਼ ਦਿੱਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਕਾਮਰੇਡ ਅੱਛਰ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਬਰਾਬਰੀ ਤੇ ਭਾਈਚਾਰਕ ਸਾਂਝ ਦਾ ਜੋ ਮਾਰਗ ਦਿਖਾਇਆ ਹੈ, ਉਹ ਅੱਜ ਦੇ ਸਮੇਂ ਵਿੱਚ ਬਹੁਤ ਪ੍ਰਸੰਗਿਕ ਹੈ। ਇਸ ਲੈਬਰ ਰਾਮ, ਮਾਸਟਰ ਮਹਿੰਦਰ ਪਾਲ,ਸਰਪੰਚ ਕੁਲਵਿੰਦਰ ਸਿੰਘ ਬੰਗਾ, ਮਲੂਕ ਚੰਦ, ਗਗਨਦੀਪ,ਡਾਕਟਰ ਜਤਿੰਦਰ ਪਾਲ, ਡਾਕਟਰ ਨਰਿੰਦਰ,ਪਿੰਦਰ ਤੇ ਚਮਨ ਲਾਲ ਆਦਿ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ ਅਤੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

## 'ਮੇਰੀ ਵੋਟ, ਮੇਰਾ ਭਾਰਤ' ਪ੍ਰੋਗਰਾਮ ਤਹਿਤ ਕਰਵਾਇਆ ਵੋਟਿੰਗ ਜਾਗਰੂਕਤਾ ਪ੍ਰੋਗਰਾਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾ ਤਹਿਤ ਸਵੀਪ ਪ੍ਰੋਗਰਾਮ ਅਧੀਨ ਵਿਧਾਨ ਸਭਾ ਹਲਕਾ-043 ਹੁਸ਼ਿਆਰਪੁਰ ਵਿਚ 'ਮੇਰੀ ਵੋਟ, ਮੇਰਾ ਭਾਰਤ' ਮੁਹਿੰਮ ਤਹਿਤ ਇਕ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਚ ਕੀਤਾ ਗਿਆ।ਇਹ ਪ੍ਰੋਗਰਾਮ ਬਹੁ ਕਲਾ ਰੰਗ ਮੰਚ ਹੁਸ਼ਿਆਰਪੁਰ ਅਤੇ ਮੇਰਾ ਯੁਵਾ ਭਾਰਤ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੇ ਮੁੱਖ




ਮਹਿਮਾਨ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓ) 043 ਅਤੇ ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਸਨ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ, ਡਾ. ਅਸ਼ੋਕ ਪੁਰੀ, ਕਰਨਲ ਰਘੁਵੀਰ ਸਿੰਘ, ਸਵੀਪ ਇੰਚਾਰਜ ਪ੍ਰੋ: ਪਲਵਿੰਦਰ ਕੌਰ, ਸਵੀਪ ਨੋਡਲ ਅਫ਼ਸਰ ਚੰਦਰ ਪ੍ਰਕਾਸ਼ ਸਿੰਘ ਅਤੇ ਚੋਣ ਕਾਨੂੰਗੋ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਐਸ ਡੀ ਐਮ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੋਟਿੰਗ ਲੋਕਤੰਤਰ ਦੀ ਸਭ ਤੋਂ ਵੱਡੀ ਸ਼ਕਤੀ ਹੈ ਅਤੇ ਹਰੇਕ ਨਾਗਰਿਕ ਨੂੰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਿੰਮੇਵਾਰੀ ਨਾਲ ਕਰਨੀ ਚਾਹੀਦੀ ਹੈ।ਪ੍ਰੋਗਰਾਮ ਵਿੱਚ ਲੱਗਭਗ 500 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮੇਂ ਦੌਰਾਨ ਵੋਟ ਦੀ ਮਹੱਤਤਾ ਨੂੰ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਦਸਤਖ਼ਤ ਮੁਹਿੰਮ, 'ਮੇਰੀ ਵੋਟ' ਵਿਸ਼ੇ 'ਤੇ ਸੈਮੀਨਾਰ, ਨੁੱਕੜ ਨਾਟਕ ਅਤੇ ਰੈਲੀ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।

## ਮੋਹਾਲੀ ਪੁਲਸ ਵੱਲੋਂ 'ਅਪਰੇਸ਼ਨ ਨਾਈਟ ਡੋਮੀਨੇਸ਼ਨ' ਦੀ ਸ਼ੁਰੂਆਤ

**ਮੋਹਾਲੀ (ਗੁਰਜੀਤ ਬਿੱਲਾ)** ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਅਤੇ ਅਪਰਾਧਕ ਗਤੀਵਿਧੀਆਂ 'ਤੇ ਅੰਕੁਸ਼ ਲਗਾਉਣ ਦੇ ਉਦੇਸ਼ ਨਾਲ ਮੋਹਾਲੀ ਪੁਲਸ ਵੱਲੋਂ ਪੂਰੇ ਜ਼ਿਲ੍ਹੇ ਵਿੱਚ 'ਆਪਰੇਸ਼ਨ ਨਾਈਟ ਡੋਮੀਨੇਸ਼ਨ'



ਚਲਾਇਆ ਗਿਆ। ਇਸ ਆਪਰੇਸ਼ਨ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਪੁਲਿਸ ਸਬ-ਡਿਵੀਜ਼ਨਾਂ, ਭੀੜ ਭੜੱਕੇ ਵਾਲੀਆਂ ਮਾਰਕੀਟਾਂ ਤੇ ਸੰਵੇਦਨਸ਼ੀਲ ਖੇਤਰਾਂ ਨੂੰ ਕਵਰ ਕੀਤਾ ਗਿਆ। ਆਪਰੇਸ਼ਨ ਦੌਰਾਨ ਗਜ਼ਿਟਡ ਅਫ਼ਸਰਾਂ (ਡੀ ਐੱਸ ਪੀ ਤੋਂ ਲੈ ਕੇ ਐੱਸ ਐੱਸ ਪੀ ) ਅਤੇ ਸਟੇਸ਼ਨ ਹਾਊਸ ਅਫ਼ਸਰਾਂ (ਐੱਸ ਐੱਚ ਓ) ਦੀ ਅਗਵਾਈ ਹੇਠ ਪੁਲਸ ਟੀਮਾਂ ਵੱਲੋਂ ਰਾਤ ਭਰ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ 31 ਨਾਕੇ ਲਗਾਏ ਗਏ, ਜਦਕਿ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਅਤੇ ਸ਼ੱਕੀ ਤੱਤਾਂ 'ਤੇ ਕਰੜੀ ਨਜ਼ਰ ਰੱਖਣ ਲਈ ਰਾਤ ਭਰ ਫਲੈਗ ਮਾਰਚ ਵੀ ਕੀਤੇ ਗਏ। ਸੀਨੀਅਰ ਸੁਪਰਡੈਂਟ ਆਫ਼ ਪੁਲਿਸ, ਐਸ.ਏ.ਐਸ. ਨਗਰ, ਹਰਮਨਦੀਪ ਸਿੰਘ ਹਾਂਸ, ਆਈ.ਪੀ.ਐਸ., ਨੇ ਦੱਸਿਆ ਕਿ 'ਆਪਰੇਸ਼ਨ ਨਾਈਟ ਡੋਮੀਨੇਸ਼ਨ' ਜ਼ਿਲ੍ਹਾ ਪੁਲਿਸ ਦੀ ਕਾਨੂੰਨ-ਵਿਵਸਥਾ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ ਲਗਾਤਾਰ ਸਰਗਰਮ ਰਣਨੀਤੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਮਕਸਦ ਸ਼ੱਕੀ ਗਤੀਵਿਧੀਆਂ ਦੀ ਜਾਂਚ, ਰਾਤ ਸਮੇਂ ਪੁਲਿਸ ਦੀ ਮੌਜੂਦਗੀ ਵਧਾਉਣ ਅਤੇ ਕਾਨੂੰਨ-ਵਿਵਸਥਾ ਨੂੰ ਪੂਰੀ ਤਰ੍ਹਾਂ ਕਾਬੂ ਵਿੱਚ ਰੱਖਣਾ ਹੈ।

## ਭੱਠਾ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ

**ਗੜ੍ਹਸ਼ੰਕਰ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪਿੰਡ ਬਡੇਸਰੋਂ ਅਤੇ ਟੱਪਰੀਵਾਸ ਰਿਹਾਇਸ਼ ਵਿਖੇ ਮਨਰੇਗਾ ਭੱਠਾ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਹੋਈਆਂ ਇਨ੍ਹਾਂ ਮੀਟਿੰਗਾਂ ਨੂੰ ਸੀ ਪੀ ਆਈ ਐਮ ਦੇ ਤਹਸੀਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਅਤੇ ਬਲਦੇਵ



ਰਾਜ ਸਤਨੋਰ ਨੇ ਸਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੇ ਦਿਨ ਆਰ ਐਸ ਐਸ ਦੇ ਮੈਂਬਰ ਨੱਥੂ ਰਾਮ ਗੋਡਸੇ ਨੇ ਮਹਾਤਮਾ ਗਾਂਧੀ ਦਾ ਕਤਲ ਕਰ ਦਿੱਤਾ ਸੀ। ਕੇਂਦਰ ਦੀ ਸਰਕਾਰ ਜਿਸ ਨੇ ਮਨਰੇਗਾ ਦਾ ਨਾਂ ਬਦਲ ਦਿੱਤਾ ਅਤੇ ਕੇਂਦਰ ਦੀ ਮੋਦੀ ਸਰਕਾਰ ਜਿਸ ਨੂੰ ਆਰ ਐਸ ਐਸ ਚਲਾ ਰਹੀ ਹੈ ਇਸ ਸਰਕਾਰ ਨੇ ਮਜ਼ਦੂਰਾਂ, ਕਿਸਾਨਾਂ ਵਿਰੋਧੀ 4 ਬਿੱਲ ਪਾਸ ਕਰ ਦਿੱਤੇ। ਜਿਸ ਵਿੱਚ ਬਿਜਲੀ ਸੋਧ ਬਿੱਲ 2025, ਚਾਰ ਲੇਬਰ ਕੋਡ, ਸੀਡ ਬਿੱਲ ਤੇ ਮਨਰੇਗਾ ਦਾ ਬਿੱਲ ਹਨ। ਇਹਨਾ ਪਾਸ ਬਿੱਲਾ ਨਾਲ ਮਨਰੇਗਾ ਦਾ ਸਫਾਇਆ ਕਰ ਦਿੱਤਾ ਹੈ। ਲੋਕਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਕਿ 125 ਦਿਨ ਕੰਮ ਮਿਲੇਗਾ ਪਰ ਹੈਰਾਨੀ ਦੀ ਗੱਲ ਹੈ ਕਿ ਪਹਿਲੇ 100 ਦਿਨ ਦੇ ਕੰਮ ਲਈ 10000 ਕਰੋੜ ਬਜਟ ਵਿੱਚੋ ਕੱਟ ਮਾਰ ਦਿੱਤਾ ਗਿਆ, ਨਾਲ ਇਹ ਵੀ ਹੋ ਗਿਆ 60% ਕੇਦਰ 40% ਸਟੇਟ ਪਾਵੇਗੀ, ਪਹਿਲਾ ਇਹ ਰੇਸ਼ੋ 90%/10% ਸੀ। ਨਾ ਸਟੇਟ ਪਾਵੇ ਨਾ ਗਰੀਬਾਂ ਦੇ ਚੁਲੇ ਚਲਣ। ਕੇਦਰ ਦੀ ਮੋਦੀ ਸਰਕਾਰ ਗਰੀਬਾਂ ਦੇ ਚੁਲਿਆਂ ਵਿੱਚ ਪਾਣੀ ਪਾ ਦਿੱਤਾ ਹੈ। ਆਗੂਆ ਨੇ ਕਿਹਾ ਕਿ ਬਿੱਜਲੀ ਬਿੱਲ ਪਾਸ ਹੋਣ ਨਾਲ ਬਿਜਲੀ ਢਾਂਚਾ ਅੰਡਾਨੀਆ, ਅੰਬਾਨੀਆ ਕੋਲ ਜਾਣ ਦਾ ਰਸਤਾ ਪੱਧਰਾ ਹੋ ਗਿਆ ਹੈ। ਬਿਜਲੀ ਮਹਿੰਗੀ ਅਤੇ ਬਿਜਲੀ ਮੁਲਾਜ਼ਮਾਂ ਤੇ ਹਮਲਾ ਤੇਜ਼ ਹੋ ਜਾਵੇਗਾ। ਚਾਰ ਕੋਡਾ ਦਾ ਬਿੱਲ, ਡਿਊਟੀ 12 ਘੰਟੇ, ਹੜਤਾਲ ਧਰਨੇ ਤੇ ਪਬੰਦੀ, ਯੂਨੀਅਨ ਬਣਾਉਣ ਦਾ ਹੱਕ ਖਤਮ, ਲੇਬਰ ਕੋਰਟ ਦੀ ਸ਼ਕਤੀ ਨੂੰ ਕਮਜ਼ੋਰ ਕਰ ਦਿੱਤਾ ਗਿਆ ਹੈ। ਆਗਆਂ ਨੇ ਕਿਹਾ ਇਸ ਵਿਰੁਧ ਸਾਨੂੰ ਸਾਰਿਆ ਨੂੰ ਤਿੱਖੇ ਸ਼ੰਘਰਸ਼ ਕਰਨੇ ਚਾਹੀਦੇ ਹਨ। ਇਹਨਾ ਬਿੱਲਾਂ ਨੂੰ ਵਾਪਿਸ ਅਤੇ ਰੱਦ ਕਰਾਉਣ ਲਈ 12 ਫਰਵਰੀ ਨੂੰ ਦੇਸ਼ ਪੱਧਰ ਦੀ ਹੜਤਾਲ ਵਿੱਚ ਵਹੀਰਾ ਘੱਤਕ ਕੇ ਹੁਸ਼ਿਆਰਪੁਰ ਪੁਜੋ। ਇਸ ਤੋ ਬਾਅਦ ਵੀ ਤਿੱਖੇ ਸ਼ੰਘਰਸ਼ਾ ਲਈ ਤਿਆਰ ਹੋਵੋ। ਜਿਨਾ ਚਿਰ ਬਿੱਲ ਵਾਪਿਸ ਰੱਦ ਨਹੀ ਹੁੰਦੇ ਜ਼ੰਗ ਜ਼ਾਰੀ ਰਹੇਗੀ। ਇਸ ਮੋਕੇ ਪਿਆਰਾ ਸਿੰਘ, ਹਰਮੇਸ਼ ਲਾਲ, ਪਰਗਣ ਸਿੰਘ, ਮਨਜੀਤ ਕੌਰ, ਸਰਬਜੀਤ ਕੌਰ, ਮੀਨਾ ਰਾਣੀ, ਮੋਨੂੰ, ਜਗੀਰ ਕੌਰ ਤੇ ਭਜਨ ਕੌਰ ਨੇ ਸੰਬੋਧਨ ਕੀਤਾ।

## ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਅਤੇ ਹਜ਼ੂਰੀ ਕੀਰਤਨੀ ਜੱਥਿਆਂ ਨੇ ਗੁਰਬਾਣੀ ਸਰਵਣ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਗੁਰਮਤਿ ਸਮਾਗਮ ਦੌਰਾਨ ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ ਨੇ ਮਾਨਵਤਾ ਦੇ ਭਲੇ ਦੀ ਅਰਦਾਸ ਕੀਤੀ। ਗੁਰਮਤਿ ਸਮਾਗਮ ਦੌਰਾਨ ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਗੁਰੂ ਰਵਿਦਾਸ ਜੀ ਦੀ ਬਾਣੀ ਸ਼ਾਮਿਲ ਮਾਨਵਤਾ ਦਾ ਮਾਰਗ ਦਰਸ਼ਨ ਕਰਦੀ ਹੈ।ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ ਨੇ ਕਿਹਾ ਕਿ ਅੱਜ ਲੋੜ ਹੈ ਕਿ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਣ ਤਾਂ ਜੋ ਸਮੁੱਚੀ ਮਾਨਵਤਾ ਦਾ ਕਲਿਆਣ ਹੋ ਸਕੇ।ਇਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਵੀ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਰਿਕਾਰਡਕੀਪਰ ਸਰਬਜੀਤ ਸਿੰਘ, ਭਾਈ ਹਜੂਰ ਸਿੰਘ, ਸੁਖਦੇਵ ਸਿੰਘ ਕਾਹਲਵਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਉਚੇਚੇ ਤੌਰ 'ਤੇ ਸ਼ਾਮਲ ਰਹੇ।

## ਵਿਭਾਗ ਵੱਲੋਂ ਪ੍ਰੀਖਿਆਵਾਂ ਨਜ਼ਰਅੰਦਾਜ਼, ਅਧਿਆਪਕਾਂ ਦੀਆਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਡਾਟਾ ਐਂਟਰੀ 'ਚ ਲਗਾਈਆਂ ਡਿਊਟੀਆਂ : ਕੰਪਿਊਟਰ ਅਧਿਆਪਕ ਯੂਨੀਅਨ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਨੇ ਇੱਕ ਅਜੀਬ ਫ਼ੁਰਮਾਨ ਜਾਰੀ ਕਰਦਿਆਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਦਾਅ 'ਤੇ ਲਗਾ ਦਿੱਤਾ ਹੈ।8ਵੀਂ ਤੇ 12ਵੀਂ ਸ਼੍ਰੇਣੀ ਦੀਆਂ ਬੋਰਡ ਪ੍ਰੀਖਿਆਵਾਂ 17 ਫਰਵਰੀ ਤੋਂ ਸ਼ੁਰੂ ਹੋ ਰਹੀਆਂ ਹਨ, ਪ੍ਰੰਤੂ ਵਿਦਿਆਰਥੀਆਂ ਦੀ ਪੜ੍ਹਾਈ ਦੀ ਚਿੰਤਾ ਕਰਨ ਦੀ ਬਜਾਏ, ਸਰਕਾਰ ਨੇ ਕੰਪਿਊਟਰ ਅਧਿਆਪਕਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਕਾਰਡ ਤਿਆਰ ਕਰਨ ਦੀ ਜ਼ਿੰਮੇਵਾਰੀ ਸੌਂਪ ਦਿੱਤੀ ਹੈ।ਕੰਪਿਊਟਰ ਅਧਿਆਪਕਾਂ ਨੇ ਇਸ ਨਾਦਰਸ਼ਾਹੀ ਫ਼ੁਰਮਾਨ ਦਾ ਸਖ਼ਤ ਵਿਰੋਧ ਕੀਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੰਪਿਊਟਰ ਅਧਿਆਪਕ ਯੂਨੀਅਨ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਸੰਤ ਪ੍ਰਤਾਪ ਸਿੰਘ ਭੀਖੀ ਨੇ ਕਿਹਾ ਕਿ ਜਦੋਂ ਵੀ ਕੋਈ ਡਾਟਾ ਐਂਟਰੀ ਦਾ ਕੰਮ ਹੁੰਦਾ ਹੈ ਤਾਂ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੂੰ ਕੰਪਿਊਟਰ ਅਧਿਆਪਕਾਂ ਦੀ ਯਾਦ ਆਉਂਦੀ ਹੈ, ਪਰ ਜਦੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੀ ਗੱਲ ਆਉਂਦੀ ਹੈ, ਜਿਨ੍ਹਾਂ ਲਈ ਜਥੇਬੰਦੀ ਪਿਛਲੇ ਦੋ ਦਹਾਕਿਆਂ ਤੋਂ ਲੜ ਰਹੀ ਹੈ, ਤਾਂ ਮੰਤਰੀ ਤੇ ਮੁੱਖ ਮੰਤਰੀ ਉਨ੍ਹਾਂ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ।

ਹੁਣ ਜਦੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਕਾਰਡ ਬਣਾਉਣ ਦੀ ਗੱਲ ਆਈ ਹੈ ਤਾਂ ਕੰਪਿਊਟਰ ਅਧਿਆਪਕਾਂ ਨੂੰ ਇਸ ਕੰਮ 'ਚ ਝੋਕ ਦਿੱਤਾ ਗਿਆ ਹੈ, ਜਦਕਿ ਬੋਰਡ ਪ੍ਰੀਖਿਆਵਾਂ 'ਚ ਸਿਰਫ਼ ਦੋ ਹਫ਼ਤੇ ਹੀ ਬਾਕੀ ਹਨ।ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇਣ ਵਾਲੀ ਸਰਕਾਰ ਇਹ ਨਹੀਂ ਸੋਚ ਰਹੀ ਕਿ ਅਧਿਆਪਕਾਂ ਤੋਂ ਬਿਨਾਂ ਸਰਕਾਰੀ ਸਕੂਲਾਂ 'ਚ ਵਿਦਿਆਰਥੀਆਂ ਦੀ ਪੜ੍ਹਾਈ ਕਿਸ ਕਦਰ ਪ੍ਰਭਾਵਿਤ ਹੋਵੇਗੀ। ਕੰਪਿਊਟਰ ਅਧਿਆਪਕ ਜਥੇਬੰਦੀ ਦਾ ਮੰਨਣਾ ਹੈ ਕਿ ਉਨ੍ਹਾਂ ਨੂੰ ਵਿਭਿੰਨ ਡਿਊਟੀਆਂ 'ਤੇ ਤਾਇਨਾਤ ਕਰਨਾ ਆਰ ਟੀ ਈ ਐਕਟ ਦੇ ਨਾਲ-ਨਾਲ ਸੁਪਰੀਮ ਕੋਰਟ ਦੇ ਹੁਕਮਾਂ ਦੀ ਵੀ ਘੋਰ ਉਲੰਘਣਾ ਹੈ।

ਆਗੂਆਂ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਵੀ ਹਾਲਤ 'ਚ ਅਜਿਹੀਆਂ ਡਿਊਟੀਆਂ 'ਚ ਸ਼ਾਮਲ ਨਹੀਂ ਹੋਣਗੇ, ਜੋ ਵਿਦਿਆਰਥੀਆਂ ਦੀ ਸਿੱਖਿਆ ਨੂੰ ਪ੍ਰਭਾਵਿਤ ਕਰਦੀਆਂ ਤੇ ਸਕੂਲੀ ਸਿੱਖਿਆ ਨੂੰ ਨੁਕਸਾਨ ਪਹੁੰਚਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਹਾਲਤ ਵਿੱਚ ਇਸ ਰਾਜਨੀਤਕ ਯਤਨ ਵਿੱਚ ਹਿੱਸਾ ਨਹੀਂ ਲੈਣਗੇ ਤੇ ਜੇਕਰ ਉਨ੍ਹਾਂ ਨੂੰ ਇਸ ਕੰਮ ਲਈ ਮਜਬੂਰ ਕੀਤਾ ਗਿਆ, ਤਾਂ ਉਹ ਪੰਜਾਬ ਭਰ ਵਿੱਚ ਸਿੱਖਿਆ ਨੂੰ ਤਬਾਹ ਕਰਨ ਦੀਆਂ ਸਰਕਾਰ ਦੀਆਂ ਕੋਸ਼ਿਸ਼ਾਂ ਦਾ ਪਰਦਾਫਾਸ਼ ਕਰਨ ਲਈ ਸੜਕਾਂ 'ਤੇ ਉਤਰਨ ਤੋਂ ਗ਼ੁਰੇਜ਼ ਨਹੀਂ ਕਰਨਗੇ।ਕੰਪਿਊਟਰ ਅਧਿਆਪਕਾਂ ਨੇ ਆਪਣਾ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਹੁਣ ਜਦੋਂ ਪੰਜਾਬ ਸਰਕਾਰ ਦੇ ਸੁਪਨਮਈ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦੀ ਗੱਲ ਆਈ ਤਾਂ ਕੰਪਿਊਟਰ ਅਧਿਆਪਕਾਂ ਨੂੰ ਤੁਰੰਤ ਬੁਲਾਇਆ ਗਿਆ, ਪਰ ਉਹ ਪਿਛਲੇ 20 ਸਾਲਾਂ ਤੋਂ ਆਪਣੇ ਹੱਕਾਂ ਲਈ ਲੜ ਰਹੇ ਹਨ।

2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ 15 ਸਤੰਬਰ 2022 ਨੂੰ ਐਲਾਨ ਕੀਤਾ ਸੀ ਕਿ ਕੰਪਿਊਟਰ ਅਧਿਆਪਕਾਂ ਦੀਆਂ ਸਾਰੀਆਂ ਮੰਗਾਂ ਦੀਵਾਲੀ 2022 ਤੱਕ ਪੂਰੀਆਂ ਕਰ ਦਿੱਤੀਆਂ ਜਾਣਗੀਆਂ।ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਜਲੰਧਰ 'ਚ ਅਜਿਹਾ ਹੀ ਐਲਾਨ ਕੀਤਾ ਸੀ।ਜਥੇਬੰਦੀ ਨੇ ਸਰਕਾਰ ਤੋਂ ਮੰਗ ਕੀਤੀ ਕਿ 2011 ਵਿੱਚ ਜਾਰੀ ਕੀਤੇ ਗਏ ਨਿਯਮਤ ਆਦੇਸ਼ਾਂ 'ਚ ਸੂਚੀਬੱਧ ਸਾਰੇ ਲਾਭ ਬਹਾਲ ਕੀਤੇ ਜਾਣ ਤੇ ਛੇਵੇਂ ਤਨਖਾਹ ਕਮਿਸ਼ਨ ਅਨੁਸਾਰ ਪੂਰੀਆਂ ਤਨਖਾਹਾਂ ਤੇ ਲਾਭ ਵੀ ਦਿੱਤੇ ਜਾਣ।ਇਸ ਤੋਂ ਇਲਾਵਾ, ਹਾਲ ਹੀ ਵਿੱਚ ਮਰਨ ਵਾਲੇ ਕੰਪਿਊਟਰ ਅਧਿਆਪਕਾਂ ਦੇ ਆਸ਼ਰਿਤਾਂ ਨੂੰ ਵਿੱਤੀ ਸਹਾਇਤਾ ਤੇ ਸਰਕਾਰੀ ਨੌਕਰੀਆਂ ਵੀ ਪ੍ਰਦਾਨ ਕੀਤੀਆਂ ਜਾਣ।

## ਪੀ ਐੱਨ ਬੀ ਮੇਨ ਬਰਾਂਚ 'ਚ ਛੱਜੂ ਰਾਮ ਦੀ ਸੇਵਾਮੁਕਤੀ 'ਤੇ ਵਿਦਾਈ ਸਮਾਰੋਹ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਨੈਸ਼ਨਲ ਬੈਂਕ ਸੁਨਾਮ ਮੇਨ ਬਰਾਂਚ ਜਾਖਲ ਰੋਡ ਦੇ ਹੈੱਡ ਪੀਅਨ ਛੱਜੂ ਰਾਮ ਆਪਣੀਆਂ ਸੇਵਾਵਾਂ ਤੋਂ ਸੇਵਾ ਮੁਕਤ ਹੋ ਗਏ।ਇਸ ਮੌਕੇ ਬੈਂਕ ਸਟਾਫ ਵੱਲੋਂ ਇੱਕ ਸਾਦਾ ਅਤੇ ਗੌਰਵਮਈ ਵਿਦਾਈ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਬੈਂਕ ਮੈਨੇਜਰ ਜਸ਼ਨਵੀਰ ਸਿੰਘ ਤੇ ਸੰਗਰੂਰ ਜ਼ਿਲ੍ਹਾ ਬੈਂਕ ਸਟਾਫ ਯੂਨੀਅਨ ਦੇ ਆਗੂ ਰੋਬਿਨ ਗਰਗ ਨੇ ਸਮੂਹ ਸਟਾਫ ਨਾਲ ਮਿਲ ਕੇ ਉਨ੍ਹਾਂ ਨੂੰ ਸਨਮਾਨਪੂਰਵਕ ਵਿਦਾਈ ਦਿੱਤੀ।ਸਮਾਰੋਹ ਦੌਰਾਨ ਮੈਨੇਜਰ ਜਸ਼ਨਵੀਰ ਸਿੰਘ ਨੇ ਕਿਹਾ ਕਿ ਛੱਜੂ ਰਾਮ ਨੇ ਆਪਣੇ ਪੂਰੇ ਸੇਵਾ ਕਾਲ ਦੌਰਾਨ ਬੈਂਕ ਪ੍ਰਤੀ ਨਿਸ਼ਠਾ, ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਆਪਣਾ ਫਰਜ਼ ਨਿਭਾਇਆ।ਉਨ੍ਹਾਂ ਕਿਹਾ ਕਿ ਛੱਜੂ ਰਾਮ ਵਰਗੇ ਸਮਰਪਤ ਕਰਮਚਾਰੀ ਕਿਸੇ ਵੀ ਸੰਸਥਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਉਨ੍ਹਾਂ ਦੀਆਂ ਸੇਵਾਵਾਂ ਸਦਾ ਯਾਦ ਰੱਖੀਆਂ ਜਾਂਦੀਆਂ ਹਨ।ਇਸ ਮੌਕੇ ਸਟਾਫ ਮੈਂਬਰਾਂ ਨੇ ਛੱਜੂ ਰਾਮ ਨਾਲ ਬਿਤਾਏ ਸੁਹਾਵਣੇ ਪਲਾਂ ਨੂੰ ਸਾਂਝਾ ਕੀਤਾ ਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਤੇ ਸਿਹਤਮੰਦ ਜੀਵਨ ਦੀ ਕਾਮਨਾ ਕੀਤੀ।ਸਮਾਰੋਹ ਦੇ ਅੰਤ ਵਿੱਚ ਛੱਜੂ ਰਾਮ ਨੂੰ ਯਾਦਗਾਰੀ ਨਿਸ਼ਾਨ ਤੇ ਵੱਖ-ਵੱਖ ਤੋਹਫੇ ਭੇਟ ਕਰਕੇ ਸ਼ੁਭ-ਕਾਮਨਾਵਾਂ ਨਾਲ ਵਿਦਾਅ ਕੀਤਾ ਗਿਆ। ਛੱਜੂ ਰਾਮ ਨੇ ਵੀ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੈਂਕ ਪਰਿਵਾਰ ਨਾਲ ਬਿਤਾਇਆ ਸਮਾਂ ਤੇ ਕੀਤਾ ਕੰਮ, ਉਹ ਸਾਰੀ ਉਮਰ ਨਹੀਂ ਭੁੱਲਣਗੇ।ਇਸ ਮੌਕੇ ਸਪੈਸ਼ਲ ਅਸਿਸਟੈਂਟ ਰੋਬਿਨ ਗਰਗ, ਮੈਨੇਜਰ ਮਨੋਜ ਕੁਮਾਰ, ਮੈਨੇਜਰ ਜਸ਼ਨਵੀਰ ਸਿੰਘ, ਨਵੀਨ ਕੁਮਾਰ (ਹੈੱਡ ਕੈਸ਼ੀਅਰ), ਗੁਰਮੀਤ ਸਿੰਘ, ਜੋਤੀ ਰਾਣੀ, ਸ਼ੰਮੀ ਬਾਂਸਲ ਤੇ ਗਾਰਡ ਭੋਲਾ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਰਹੇ।

## ਗੁਰੂ ਰਵਿਦਾਸ ਜੀ ਦਾ ਆਗਮਨ ਦਿਵਸ ਧੂਮ-ਧਾਮ ਨਾਲ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮਾਨਸਾ ਤੇ ਸ੍ਰੀ ਗੁਰੂ ਰਵਿਦਾਸ ਸਭਾ ਤੇ ਮੰਦਿਰ ਕਮੇਟੀ ਮਾਨਸਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਗੁਰੂ ਰਵਿਦਾਸ ਜੀ ਦਾ ਆਗਮਨ ਦਿਵਸ ਗੁਰੂ ਰਵਿਦਾਸ ਮੰਦਿਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਸਮੇਂ ਕੀਰਤਨੀ ਜੱਥੇ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਦਾ ਜਸ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਆਖੰਡ ਪਾਠਾਂ ਦੇ ਭੋਗ ਪਾਏ ਗਏ।ਇਸ ਸਮੇਂ ਸਾਬਕਾ ਅਧਿਆਪਕ ਆਗੂ ਤੇ ਪ੍ਰੈੱਸ ਰਿਪੋਰਟਰ ਆਤਮਾ ਸਿੰਘ ਪਮਾਰ ਤੇ ਕੁਲਦੀਪ ਸਿੰਘ ਚੌਹਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਤੇ ਉਨ੍ਹਾਂ ਵੱਲੋਂ ਕੀਤੇ ਗਏ ਸੰਘਰਸ਼ ਤੇ ਘਾਲੀਆਂ ਗਈਆਂ ਘਾਲਨਾਵਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਸੰਗਤਾਂ ਨੂੰ ਉਨ੍ਹਾਂ ਵੱਲੋਂ ਦਰਸਾਏ ਗਏ ਸਾਂਝੀਵਾਲਤਾ, ਸੱਚ ਤੇ ਨਿੱਡਰਤਾ ਦੇ ਮਾਰਗ 'ਤੇ ਚੱਲਣ ਦੀ ਅਪੀਲ ਵੀ ਕੀਤੀ ਗਈ।ਇਸ ਦੌਰਾਨ ਗੁਰੂ ਕੇ ਲੰਗਰ ਕੇ ਅਤੁੱਟ ਲੰਗਰ ਵੀ ਵਰਤਾਏ ਗਏ।

## ਐੱਨ ਆਰ ਆਈ ਮਹਿਲਾ ਦੀ ਹੱਤਿਆ, ਇਲਾਕੇ 'ਚ ਦਹਿਸ਼ਤ ਦਾ ਮਾਹੌਲ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਦੀ ਨਵੀਂ ਆਬਾਦੀ ਇਲਾਕੇ 'ਚ ਲਿਬੜਾ ਬਿਲਡਿੰਗ ਦੇ ਨੇੜੇ 81 ਸਾਲਾ ਐੱਨ ਆਰ ਆਈ ਬਜ਼ੁਰਗ ਮਹਿਲਾ ਦੀ ਹੱਤਿਆ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨਾਲ ਇਲਾਕੇ ਵਿੱਚ



ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ ਵਿਨੋਦ ਕੁਮਾਰ ਨੇ ਦੱਸਿਆ ਕਿ ਮ੍ਰਿਤਕਾ ਦੀ ਪਛਾਣ ਜਗਪਾਲ ਕੌਰ, ਪਤਨੀ ਸੁਰਜੀਤ ਸਿੰਘ ਵਜੋਂ ਹੋਈ ਹੈ।ਉਹ ਰਿਟਾਇਰਡ ਅਧਿਆਪਕ ਸਨ ਤੇ ਅਕਤੂਬਰ 2025 ਵਿੱਚ ਕੈਨੇਡਾ ਤੋਂ ਭਾਰਤ ਵਾਪਸ ਆਏ ਸਨ।ਮ੍ਰਿਤਕਾ ਨੇ ਅਪ੍ਰੈਲ ਮਹੀਨੇ ਮੁੜ ਕੈਨੇਡਾ ਜਾਣਾ ਸੀ।ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਕਤਲ ਰਾਤ ਦੇ ਸਮੇਂ ਕੀਤਾ ਗਿਆ, ਜਦਕਿ ਮਹਿਲਾ ਦੀ ਲਾਸ਼ ਦੇ ਹੱਥ ਤੇ ਮੂੰਹ ਬੰਨ੍ਹੇ ਹੋਏ ਸਨ, ਜਿਸ ਨਾਲ ਇਹ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਕਤਲ ਪੂਰੀ ਯੋਜਨਾ ਅਨੁਸਾਰ ਤੇ ਸੋਚੀ-ਸਮਝੀ ਸਾਜ਼ਿਸ਼ ਤਹਿਤ ਕੀਤਾ ਗਿਆ ਹੈ।ਘਟਨਾ ਦੀ ਸੂਚਨਾ ਮਿਲਦੇ ਹੀ ਐੱਸ ਪੀ ਪਾਵਨਦੀਪ ਚੌਧਰੀ, ਡੀਐੱਸਪੀ ਵਿਨੋਦ ਕੁਮਾਰ, ਐੱਸਐੱਚਓ ਸਿਟੀ-1 ਸੰਦੀਪ ਕੁਮਾਰ ਤੇ ਐੱਸਐੱਚਓ ਸ੍ਰ. ਸਤਨਾਮ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ।ਇਸ ਦੇ ਨਾਲ ਹੀ ਫੋਰੈਂਸਿਕ ਟੀਮਾਂ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ, ਜਿਨ੍ਹਾਂ ਵੱਲੋਂ ਸਬੂਤ ਇਕੱਠੇ ਕੀਤੇ ਜਾ ਰਹੇ ਹਨ।

## ਮਯੰਕ ਫਾਊਂਡੇਸ਼ਨ ਵੱਲੋਂ ਬੱਸ ਡਰਾਈਵਰਾਂ ਲਈ ਅੱਖਾਂ ਦੀ ਜਾਂਚ ਸੰਬੰਧੀ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਯੰਕ ਫਾਊਂਡੇਸ਼ਨ ਵੱਲੋਂ ਸ਼ਹੀਦ ਗੰਜ ਪਬਲਿਕ ਸਕੂਲ ਮੁੱਦਕੀ ਵਿੱਚ ਬੱਸ ਡਰਾਈਵਰਾਂ ਲਈ ਓਰੀਐਂਟੇਸ਼ਨ ਵਰਕਸ਼ਾਪ ਤੇ ਅੱਖਾਂ ਦੀ ਜਾਂਚ ਸੰਬੰਧੀ ਕੈਂਪ ਲਾਇਆ ਗਿਆ। ਇਹ ਗੌਰ ਕਰਨ ਯੋਗ ਹੈ ਕਿ ਸ਼ਹੀਦ ਗੰਜ ਪਬਲਿਕ ਸਕੂਲ ਕੋਲ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਸਭ ਤੋਂ ਵੱਡੀ ਸਕੂਲ ਬੱਸ ਫ਼ਲੀਟ ਹੈ। ਇਹ ਕਾਰਜਕ੍ਰਮ ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਸੰਜੀਵ ਜੈਨ ਦੇ ਪੂਰੇ ਸਹਿਯੋਗ ਨਾਲ ਸੰਪੰਨ ਹੋਇਆਂ। ਇਸ ਕਾਰਜਕ੍ਰਮ ਵਿੱਚ 100 ਤੋਂ ਵੱਧ ਬੱਸ ਡਰਾਈਵਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਵਰਕਸ਼ਾਪ ਦੌਰਾਨ ਡਰਾਈਵਰਾਂ ਨੂੰ ਨਵੇਂ ਟ੍ਰੈਫ਼ਿਕ ਨਿਯਮਾਂ, ਕਾਨੂੰਨਾਂ ਤੇ ਸੜਕ ਨਿਯਮਾਂ ਦੀ ਉਲੰਘਣਾ ਕਰਨ 'ਤੇ ਲੱਗਣ ਵਾਲੀਆਂ ਸਜ਼ਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਤਾਂ ਜੋ ਉਹ ਸੁਰੱਖਿਅਤ, ਅਨੁਸ਼ਾਸਤ ਤੇ ਜ਼ਿੰਮੇਵਾਰ ਡਰਾਈਵਿੰਗ ਅਪਣਾਉਣ। ਪ੍ਰੋਗਰਾਮ ਦੌਰਾਨ ਅਸ਼ਵਨੀ ਸ਼ਰਮਾ, ਲਖਵੀਰ ਸਿੰਘ, ਚਰਨਜੀਤ ਸਿੰਘ, ਦੀਪਕ ਮਾਥਪਾਲ, ਸੰਦੀਪ ਸਹਿਗਲ, ਦੀਪਕ ਸ਼ਰਮਾ ਤੇ ਕਮਲ ਸ਼ਰਮਾ ਨੇ ਬੱਸ ਡਰਾਈਵਰਾਂ ਨਾਲ ਸੰਵਾਦ ਕੀਤਾ ਤੇ ਸੜਕ ਸੁਰੱਖਿਆ ਤੇ ਸਕੂਲੀ ਬੱਚਿਆਂ ਦੀ ਸੁਰੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ 'ਤੇ ਅਸ਼ਵਨੀ ਸ਼ਰਮਾ ਵੱਲੋਂ ਸੜਕ ਸੰਕੇਤਾਂ, ਰੋਡ ਮਾਰਕਿੰਗ ਤੇ ਹੋਰ ਮਹੱਤਵਪੂਰਨ ਸੜਕ ਸੁਰੱਖਿਆ ਜਾਣਕਾਰੀਆਂ ਸਬੰਧੀ ਇਕ ਵਿਸਥਾਰਪੂਰਕ ਪ੍ਰਜ਼ੈਂਟੇਸ਼ਨ ਦਿੱਤੀ ਗਈ, ਜਿਸ ਨੂੰ ਭਾਗੀਦਾਰਾਂ ਵੱਲੋਂ ਕਾਫ਼ੀ ਸ਼ਲਾਘਾ ਕੀਤੀ ਗਈ ਅਤੇ ਨਾਲ ਹੀ ਕਾਲੀਆ ਆਈ ਹਸਪਤਾਲ ਦੀ ਮਾਹਰ ਟੀਮ ਵੱਲੋਂ ਸਾਰੇ ਭਾਗ ਲੈਣ ਵਾਲੇ ਬੱਸ ਡਰਾਈਵਰਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਸੰਜੀਵ ਜੈਨ ਨੇ ਮਯੰਕ ਫਾਊਂਡੇਸ਼ਨ ਦੇ ਇਸ ਸ਼ਲਾਘਯੋਗ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਤੇ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮਾਂ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਪ੍ਰੋਗਰਾਮ ਦਾ ਸਮਾਪਨ ਇਸ ਸਨੇਹੇ ਨਾਲ ਕੀਤਾ ਗਿਆ ਕਿ ਜਾਗਰੂਕ ਡਰਾਈਵਰ, ਸਿਹਤਮੰਦ ਨਜ਼ਰ ਤੇ ਜ਼ਿੰਮੇਵਾਰ ਵਰਤਾਓ ਹੀ ਸੁਰੱਖਿਅਤ ਸੜਕਾਂ ਤੇ ਸੁਰੱਖਿਅਤ ਭਵਿੱਖ ਦੀ ਕੁੰਜੀ ਹਨ।



## ਕੌਂਸਲਰ ਸਮੇਤ ਕਈ ਪਰਵਾਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਲਹਿਰਾਗਾਗਾ (ਰੀਤਵਾਲ)**-ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਮਰਹੂਮ ਜਥੇ. ਗਰਜਾ ਸਿੰਘ ਖੰਡੇਬਾਦ ਦੇ ਸਪੁੱਤਰ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਹਲਕਾ ਇੰਚਾਰਜ ਲਹਿਰਾ ਦੇ ਯਤਨਾਂ ਸਦਕਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਖ਼ੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਾਜ਼ਰ ਹੋਣ ਵਾਲੇ ਵਰਕਰਾਂ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ।ਉਨ੍ਹਾਂ ਸ਼ਾਮਲ ਹੋਏ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਨੂੰ ਇੱਕ ਟਕਸਾਲੀ ਤੇ ਇਮਾਨਦਾਰ ਪਰਵਾਰ ਵਿੱਚੋਂ ਹਲਕਾ ਇੰਚਾਰਜ ਦਿੱਤਾ ਹੈ, ਜਿਸ ਨੇ ਪਾਰਟੀ ਲਈ ਦਿਨ-ਰਾਤ ਇੱਕ ਕੀਤਾ ਹੈ।ਉਨ੍ਹਾਂ ਕਿਹਾ ਕਿ ਆਪਣੀ ਸਰਕਾਰ ਬਣਨ 'ਤੇ ਹਲਕਾ ਲਹਿਰਾ ਤੋਂ ਪੱਛੜੇਪਣ ਦਾ ਦਾਗ ਉਤਾਰ ਦੇਣਗੇ।ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਮੁਖਤਿਆਰ ਸਿੰਘ ਕੰਬੋਜ ਐੱਮ ਸੀ ਮੂਨਕ, ਜਗਰਾਜ ਸਿੰਘ ਬਖੋਰਾ ਪੰਚਾਇਤ ਸੰਮਤੀ ਮੈਂਬਰ, ਯੂਥ ਆਗੂ ਰਣਵੀਰ ਸਿੰਘ ਚੋਟੀਆਂ, ਕੁਲਜੀਤ ਜੀਤਾ ਭੁਟਾਲ ਖੁਰਦ, ਹਰਪਾਲ ਸਿੰਘ ਬੀ ਜੇ ਪੀ ਆਗੂ, ਅਮਨਦੀਪ ਸਿੰਘ ਧਾਲੀਵਾਲ ਹਮੀਰਗੜ੍ਹ, ਸਾਬਕਾ ਸਰਪੰਚ ਧਰਮਵੀਰ ਬੋਪੁਰ, ਵਜੀਰ ਬੋਪੁਰ ਸਮੇਤ ਦਰਜਨਾਂ ਵਿਅਕਤੀਆਂ ਨੇ ਵੱਖ ਵੱਖ ਪਾਰਟੀਆਂ ਛੱਡ ਕੇ ਆਪਣੇ ਹੱਥ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਤਕੜੀ ਫੜੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਵਿਨਰਜੀਤ ਗੋਲਡੀ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਨਿਰਮਲ ਸਿੰਘ ਕੜੈਲ, ਸਰਕਲ ਪ੍ਰਧਾਨ ਜੁਗਰਾਜ ਸਿੰਘ ਬਾਗੜੀ, ਸੂਬਾ ਕੋਰ ਕਮੇਟੀ ਮੈਂਬਰ ਚੌਧਰੀ ਸੂਰਜ ਮੱਲ ਗਲਾੜੀ, ਸਰਕਲ ਪ੍ਰਧਾਨ ਚੌਧਰੀ ਰਤਨ ਸਿੰਘ ਕਰੌਂਦਾ ਸਮੇਤ ਹਲਕੇ ਦੀ ਸਮੁੱਚੀ ਲੀਡਰਸ਼ਿਪ ਵੱਡੀ ਗਿਣਤੀ ਵਿੱਚ ਮੌਜੂਦ ਸੀ।

## ਦੇਵ ਮਾਨ ਵੱਲੋਂ ਨਵ-ਨਿਯੁਕਤ ਪੀ ਆਰ ਟੀ ਸੀ ਚੇਅਰਮੈਨ ਜੁਨੇਜਾ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਦਿਨੀਂ ਪੰਜਾਬ ਦੀ ਆਮ ਆਦਮੀ ਸਰਕਾਰ ਵੱਲੋਂ ਚੇਅਰਮੈਨਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ, ਜਿਸ ਦੇ ਤਹਿਤ ਮਿਹਨਤੀ ਵਰਕਰ ਹਰਪਾਲ ਜੁਨੇਜਾ ਨੂੰ ਪੰਜਾਬ ਰੋਡਵੇਜ਼ ਕਾਰਪੋਰੇਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਅੱਜ ਉਨ੍ਹਾਂ ਵੱਲੋਂ ਅਹੁਦਾ ਸੰਭਾਲਿਆ ਗਿਆ।ਇਸ ਮੌਕੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਨਵ-ਨਿਯੁਕਤ ਚੇਅਰਮੈਨ ਹਰਪਾਲ ਜੁਨੇਜਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਆਮ ਆਦਮੀ ਪਾਰਟੀ ਵੱਲੋਂ ਮਿਹਨਤੀ ਤੇ ਇਮਾਨਦਾਰ ਵਰਕਰਾਂ ਨੂੰ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ, ਜਿਸ ਤਹਿਤ ਇਹ ਨਿਯੁਕਤੀ ਹੋਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਮਿਹਨਤੀ ਵਰਕਰਾਂ ਨੂੰ ਅਹੁਦਿਆਂ ਨਾਲ ਨਿਵਾਜਿਆ ਜਾਵੇਗਾ।ਉਨ੍ਹਾਂ ਇਸ ਨਿਯੁਕਤੀ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਹਰਪਾਲ ਜੁਨੇਜਾ ਵੱਲੋਂ ਇਸ ਸਨਮਾਨ ਲਈ ਵਿਧਾਇਕ ਦੇਵ ਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਨਾਲ ਭਗਵਾਨ ਦਾਸ ਜੁਨੇਜਾ, ਤੇਜਿੰਦਰ ਸਿੰਘ ਖਹਿਰਾ, ਧਰਮਿੰਦਰ ਸਿੰਘ ਸੁੱਖੇਵਾਲ, ਭੁਪਿੰਦਰ ਸਿੰਘ ਕੱਲਰਮਾਜਰੀ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ, ਅਰਮਾਨ ਨਾਭਾ ਤੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਮੌਜੂਦ ਸਨ।

## ਸੀਨੀਅਰ ਸਿਟੀਜ਼ਨ ਕੌਂਸਲ ਦੀ ਪਹਿਲੀ ਜਨਰਲ ਮੀਟਿੰਗ 'ਚ ਅਹਿਮ ਵਿਚਾਰਾਂ

**ਮੋਗਾ (ਇਕਬਾਲ ਸਿੰਘ ਖਹਿਰਾ)**

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਗਾ ਦੇ ਦਫ਼ਤਰ ਸੀਨੀਅਰ ਸਿਟੀਜਨ ਕੌਂਸਲ, (ਰਿਟਾਇਰਡ ਗੋਰਮਿੰਟ ਕਰਮਚਾਰੀ) ਰੈੱਡ ਕਰਾਸ ਡੇ ਕੇਅਰ ਸੈਂਟਰ ਜੇਹਲਮ ਬਲਾਕ ਵਿਖੇ ਪੰਜਾਬ ਫੈਡਰੇਸ਼ਨ ਦੇ ਸੀਨੀਅਰ ਉਪ ਪ੍ਰਧਾਨ, ਫਾਊਂਡਰ ਮੈਂਬਰ ਅਤੇ ਕੌਂਸਲ ਪ੍ਰਧਾਨ ਮੋਗਾ ਸਰਦਾਰੀ ਲਾਲ ਕਾਮਰਾ ਦੀ ਅਗਵਾਈ ਹੇਠ ਸਾਲ 2026 ਦੀ ਪਹਿਲੀ ਜਨਰਲ ਮੀਟਿੰਗ ਹੋਈ।ਪ੍ਰਧਾਨ ਨੇ ਮੀਟਿੰਗ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਕੌਂਸਲ 2010 ਤੋਂ ਰਾਜ ਪੱਧਰ 'ਤੇ ਫੈਡਰੇਸ਼ਨ ਪੰਜਾਬ ਨਾਲ ਜੁੜੀ ਹੋਈ ਹੈ। ਫੈਡਰੇਸ਼ਨ ਨਾਲ ਲਗਦੇ ਗੁਆਂਢੀ ਸੂਬੇ ਦੀ ਤਰਜ਼ 'ਤੇ ਪੈਨਸ਼ਨ 3500 ਰੁਪਏ ਕਰਵਾਉਣ ਸਬੰਧੀ ਕੋਸ਼ਿਸ਼ ਕਰ ਰਹੀ ਹੈ ਜਿਸ ਦੇ ਭਵਿੱਖ ਵਿੱਚ ਚੰਗੇ ਸਿਟੇ ਨਿਕਲਣ ਦੀ ਉਮੀਦ ਹੈ।ਮੀਟਿੰਗ ਵਿੱਚ ਉਮਰਦਰਾਜ (97) ਲੇਖਕ ਮਾਸਟਰ ਜੋਧ ਸਿੰਘ ਪਿਤਾ ਡਾ. ਨਵਰਾਜ ਸਿੰਘ ਸਰਜਨ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਮੈਂਬਰਾਂ ਨਾਲ ਜ਼ਿੰਦਗੀ ਦੇ ਕੌੜੇ-ਮਿੱਠੇ ਤਜਰਬੇ ਸਾਂਝੇ ਕੀਤੇ।



ਬੈਠਕ ਵਿੱਚ ਦਰਬਾਰ ਸਿੰਘ ਗਿੱਲ ਦਾ ਜਨਮ ਦਿਨ ਮਨਾ ਕੇ ਮੂੰਹ ਮਿਠਾ ਕਰਵਾਇਆ ਗਿਆ।ਅੰਤ ਵਿੱਚ ਦਰਬਾਰ ਸਿੰਘ ਗਿੱਲ ਉਪ ਪ੍ਰਧਾਨ ਨੇ ਕੜਾਕੇਦਾਰ ਠੰਢ 'ਚ ਗਣਤੰਤਰ ਦਿਵਸ 'ਤੇ ਹਿਸਾ ਲੈਣ ਵਾਲੇ ਬਜ਼ੁਰਗਾਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਜੋਗਿੰਦਰ ਸਿੰਘ ਲੋਹਾਮ ਸਟੇਟ ਅਵਾਰਡੀ, ਗੁਰਚਰਨ ਸਿੰਘ ਸੁਪਰਡੈਂਟ, ਵਿਜੈ ਸ਼ਰਮਾ ਜੁ. ਸਕੱਤਰ, ਇਕਬਾਲ ਸਿੰਘ ਲੋਹਾਮ, ਸੁਰੇਸ਼ ਕੁਮਾਰ, ਗੁਰਬੀਰ ਸਿੰਘ, ਨਿਰੰਜਣ ਸਿੰਘ, ਮਦਨ ਲਾਲ, ਹਰਪ੍ਰੀਤ ਸਿੰਘ, ਜਗਦੀਪ ਸਿੰਘ, ਸੁਖਚੈਨ ਸਿੰਘ ਹੀਰਾ, ਹਰਭਜਨ ਸਿੰਘ ਨਾਗਰਾ, ਲਾਲ ਚੰਦ ਅਰੋੜਾ, ਅਮਰ ਸਿੰਘ ਸੁਪਰਡੰਟ, ਮਾਸ਼ਟਰ ਪ੍ਰੇਮ ਕੁਮਾਰ, ਜੋਗਿੰਦਰ ਸਿੰਘ ਸੰਘਾ, ਜਸਵੀਰ ਸਿੰਘ ਨਿਧਾਂ ਵਾਲਾ, ਮਾਸ਼ਟਰ ਰਾਜਿੰਦਰ ਸਿੰਘ ਲੋਹਾਮ, ਹੀਰਾ ਲਾਲ ਬਾਂਸਲ, ਵਿਜੈ ਕੁਮਾਰ ਸੂਦ ਸਾਬਕਾ ਬੈਂਕ ਮੈਨੇਜਰ, ਸੁਰਿੰਦਰ ਸਿੰਘ, ਜਗਦੀਪ ਸਿੰਘ ਕੈਂਥ, ਵਿਜੈ ਕੁਮਾਰ ਬਾਂਸਲ ਸਾਬਕਾ ਮੁੱਖ ਅਧਿਆਪਕ, ਦਲਜੀਤ ਸਿੰਘ, ਸਵਤੰਤਰ ਗੁਪਤਾ, ਜਗਦੀਪ ਸਿੰਘ ਢਿਲੋਂ, ਭੁਪਿੰਦਰ ਸਿੰਘ ਮਹਿਣਾ, ਦਲਜੀਤ ਸਿੰਘ ਭੁੱਲਰ, ਗਿਆਨ ਸਿੰਘ, ਨਰੇਸ਼ ਕੁਮਾਰ ਅਰੋੜਾ, ਪੁਰਸ਼ੋਤਮ ਲਾਲ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਮਾਤਾ ਗੁਰਦੀਪ ਕੌਰ ਨਮਿੱਤ ਅੰਤਿਮ ਅਰਦਾਸ ਅੱਜ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-



ਸਾਬਕਾ ਸਰਪੰਚ ਰਾਜਪਾਲ ਸਿੰਘ ਸਿੱਧੂ, ਵਾਸੀ ਲਹਿਰਾ ਧੂਰਕੋਟ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦ ਬੀਤੇ ਦਿਨੀਂ ਉਨ੍ਹਾਂ ਦੇ ਪੂਜਨੀਕ ਮਾਤਾ ਗੁਰਦੀਪ ਕੌਰ ਪਤਨੀ ਸਵ: ਮਾਸਟਰ ਸਮਸ਼ੇਰ ਸਿੰਘ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੇ ਦਿਹਾਂਤ 'ਤੇ ਵੱਖ-ਵੱਖ ਸਿਆਸੀ, ਧਾਰਮਿਕ ਤੇ ਸਮਾਜ ਸੇਵੀ ਆਗੂਆਂ ਨੇ ਸਿੱਧੂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਡੂੰਘੀ ਹਮਦਰਦੀ ਦਾ ਇਜ਼ਹਾਰ ਕੀਤਾ ਹੈ। ਸਵ: ਮਾਤਾ ਗੁਰਦੀਪ ਕੌਰ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ 3 ਫਰਵਰੀ ਮੰਗਲਵਾਰ ਨੂੰ ਗੁਰਦੁਆਰਾ ਸਾਹਿਬ, ਪਿੰਡ ਲਹਿਰਾ ਧੂਰਕੋਟ (ਜ਼ਿਲ੍ਹਾ ਬਠਿੰਡਾ) ਵਿਖੇ ਬਾਅਦ ਦੁਪਹਿਰ 12:30 ਵਜੇ ਹੋਵੇਗੀ।

## ਅਮਨਦੀਪ ਹਸਪਤਾਲ 'ਚ ਮੁਫ਼ਤ ਮਲਟੀ-ਸਪੈਸ਼ਲਟੀ ਓ ਪੀ ਡੀ ਸ਼ੁਰੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਨਾਲ ਭਾਈਵਾਲੀ ਵਿੱਚ ਆਮ ਲੋਕਾਂ ਲਈ 28 ਫਰਵਰੀ 2026 ਤੱਕ ਮੁਫ਼ਤ ਮਲਟੀ-ਸਪੈਸ਼ਲਟੀ ਓਪੀਡੀ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪਹਿਲ ਸਮਾਜ ਨੂੰ ਸੁਲਭ ਤੇ ਉੱਚ-ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ। ਇਸ ਯੋਜਨਾ ਤਹਿਤ ਮਰੀਜ਼ਾਂ ਨੂੰ ਇੰਟਰਨਲ ਮੈਡੀਸਨ, ਦਿਲ ਦੇ ਰੋਗ, ਦਿਮਾਗ ਤੇ ਰੀੜ੍ਹ ਦੀ ਹੱਡੀ ਦੀ ਦੇਖਭਾਲ, ਛਾਤੀ ਦੇ ਰੋਗ, ਈਐੱਨਟੀ, ਗਾਇਨੇਕੋਲੋਜੀ, ਹੱਡੀਆਂ ਦੇ ਰੋਗ, ਬਾਲ ਰੋਗ,



ਜਨਰਲ ਸਰਜਰੀ ਤੇ ਗੁਰਦੇ ਦੇ ਰੋਗ ਸਮੇਤ ਕਈ ਵਿਭਾਗਾਂ ਵਿੱਚ ਮੁਫ਼ਤ ਮਾਹਰ ਸਲਾਹ ਦੀ ਸੁਵਿਧਾ ਮਿਲੇਗੀ। ਇਸ ਦੇ ਨਾਲ ਹੀ ਸੀਟੀ ਸਕੈਨ ਤੇ ਐੱਮ ਆਰ ਆਈ ਜਾਂਚ 'ਤੇ 40 ਫੀਸਦੀ ਤੱਕ ਦੀ ਵਿਸ਼ੇਸ਼ ਛੂਟ ਵੀ ਦਿੱਤੀ ਜਾ ਰਹੀ ਹੈ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਅਮਨਦੀਪ ਹਸਪਤਾਲ ਵਿੱਚ ਸਮਾਜਿਕ ਜ਼ਿੰਮੇਵਾਰੀ ਸਾਡੀ ਹੈਲਥਕੇਅਰ ਸੋਚ ਦਾ ਅਹਿਮ ਹਿੱਸਾ ਹੈ। ਇਸ ਮੁਫ਼ਤ ਮਲਟੀ-ਸਪੈਸ਼ਲਟੀ ਓਪੀਡੀ ਰਾਹੀਂ ਸਾਡਾ ਉਦੇਸ਼ ਮਰੀਜ਼ਾਂ ਨੂੰ ਸਮੇਂ ਸਿਰ ਸਲਾਹ ਤੇ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਜ਼ਿਕਰਯੋਗ ਹੈ ਕਿ ਅਮਨਦੀਪ ਗਰੁੱਪ ਹੁਣ 750 ਤੋਂ ਵੱਧ ਬੈੱਡਾਂ ਵਾਲਾ ਨੈੱਟਵਰਕ ਬਣ ਚੁੱਕਾ ਹੈ, ਜਿੱਥੇ 170 ਤੋਂ ਜ਼ਿਆਦਾ ਮਾਹਰ ਡਾਕਟਰ ਛੇ ਥਾਵਾਂ 'ਤੇ ਸੇਵਾਵਾਂ ਦੇ ਰਹੇ ਹਨ। ਇਨ੍ਹਾਂ ਵਿੱਚ ਅੰਮ੍ਰਿਤਸਰ ਵਿੱਚ ਦੋ ਕੇਂਦਰ ਤੇ ਪਠਾਨਕੋਟ, ਫਿਰੋਜ਼ਪੁਰ, ਸ੍ਰੀਨਗਰ ਤੇ ਤਰਨਤਾਰਨ ਵਿੱਚ ਇੱਕ-ਇੱਕ ਕੇਂਦਰ ਸ਼ਾਮਲ ਹੈ। ਪਿਛਲੇ ਕੁਝ ਸਾਲਾਂ ਵਿੱਚ ਗਰੁੱਪ 25 ਲੱਖ ਤੋਂ ਵੱਧ ਮਰੀਜ਼ਾਂ ਨੂੰ ਸਿਹਤ ਲਾਭ ਪਹੁੰਚਾ ਚੁੱਕਾ ਹੈ ਤੇ ਹੈੱਲਥਕੇਅਰ ਖੇਤਰ ਵਿੱਚ ਨਵੇਂ ਮਿਆਰ ਸਥਾਪਤ ਕਰ ਰਿਹਾ ਹੈ।

## ਜਸਪਾਲ ਮਹਿਕ ਤੇ ਮੋਨਿਕਾ ਸੰਧੂ ਦਾ ਨਵਾਂ ਸਿੰਗਲ ਟਰੈਕ 'ਡਿਮਾਂਡ' ਰਿਲੀਜ਼



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪ੍ਰਸਿੱਧ ਪੰਜਾਬੀ ਦੋਗਾਣਾ ਗਾਇਕ ਜੋੜੀ ਜਸਪਾਲ ਮਹਿਕ ਤੇ ਮੋਨਿਕਾ ਸੰਧੂ ਨਵਾਂ ਸਿੰਗਲ ਟਰੈਕ 'ਡਿਮਾਂਡ' ਲੈ ਕੇ ਦਰਸ਼ਕਾਂ ਤੇ ਪੰਜਾਬੀ ਸਰੋਤਿਆਂ ਦੀ ਕਚਹਿਰੀ ਵਿੱਚ ਹਾਜ਼ਰ ਹੋਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗਾਇਕ ਜੋੜੀ ਜਸਪਾਲ ਮਹਿਕ ਤੇ ਮੋਨਿਕਾ ਸੰਧੂ ਨੇ ਦੱਸਿਆ ਕਿ 'ਡਿਮਾਂਡ' ਗੀਤ ਨੂੰ ਗਾਇਕ ਜਸਪਾਲ ਮਹਿਕ ਨੇ ਖੁਦ ਕਲਮਬੱਧ ਤੇ ਕੰਪੋਜ਼ ਕੀਤਾ, ਜਦਕਿ ਗੀਤ ਨੂੰ ਪ੍ਰਸਿੱਧ ਸੰਗੀਤਕਾਰ ਰੋਕ ਫੂਸੀਓਨ ਨੇ ਸੰਗੀਤਕ ਧੁੰਨਾਂ ਨਾਲ ਸ਼ਿੰਗਾਰਿਆ ਹੈ। ਇਸ ਗੀਤ ਦਾ ਫਿਲਮਾਂਕਣ ਵੀਡੀਓ ਡਾਇਰੈਕਟਰ ਸਰਬਜੀਤ ਸਿੰਘ ਸਿੱਧੂ ਵੱਲੋਂ ਵੱਖ ਵੱਖ ਲੋਕੇਸ਼ਨਾਂ 'ਤੇ ਜਾ ਕੇ ਬੜੀ ਹੀ ਮਿਹਨਤ ਨਾਲ ਕੀਤਾ ਗਿਆ ਹੈ।ਇਸ ਗੀਤ ਦੇ ਵੀਡੀਓ ਵਿੱਚ ਦਵਿੰਦਰ ਸੰਧੂ ਤੇ ਕਮਲ ਅਟਵਾਲ ਨੇ ਵਧੀਆ ਤਰੀਕੇ ਨਾਲ ਆਪਣੇ ਕਿਰਦਾਰ ਨਿਭਾਏ ਹਨ, ਜਿਨ੍ਹਾਂ ਦੀ ਅਦਾਕਾਰੀ ਨੂੰ ਲੋਕ ਪਸੰਦ ਕਰਨਗੇ। ਉਨ੍ਹਾਂ ਦੱਸਿਆ ਕਿ ਇੱਕ ਪ੍ਰਸਿੱਧ ਸੰਗੀਤਕ ਕੰਪਨੀ ਜਸ ਸਟੂਡੀਓ ਦੇ ਬੈਨਰ ਹੇਠ ਰਿਲੀਜ਼ ਹੋ ਗਿਆ ਹੈ।ਇਸ ਗੀਤ ਨੂੰ ਦਰਸ਼ਕ ਉਨ੍ਹਾਂ ਦੇ ਅਧਿਕਾਰਤ ਵੱਖ-ਵੱਖ ਸੋਸ਼ਲ ਮੀਡੀਆ ਪੇਜ 'ਤੇ ਸੁਣ ਤੇ ਦੇਖ ਸਕਣਗੇ।

## ਚੋਰੀਸ਼ੁਦਾ ਮੋਟਰਸਾਈਕਲ ਸਣੇ 2 ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਪੁਲਸ ਵੱਲੋਂ ਚੋਰੀਸ਼ੁਦਾ ਮੋਟਰਸਾਈਕਲ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਸ.ਆਈ. ਅਮਨਦੀਪ ਕੌਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਲਈ ਸ਼ਹੀਦ ਊਧਮ ਸਿੰਘ ਚੌਕ ਜਲਾਲਾਬਾਦ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਆ ਕੇ ਇਤਲਾਹ ਦਿੱਤੀ ਕਿ ਪ੍ਰਿੰਸ ਸਿੰਘ ਪੁੱਤਰ ਕੁਲਵੰਤ ਸਿੰਘ ਤੇ ਅਕਾਸ਼ਦੀਪ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀਆਨ ਪਿੰਡ ਚੱਕ ਮੋਚਨ ਵਾਲਾ ਉਰਫ ਹੀਰੇਵਾਲਾ (ਥਾਣਾ ਸਦਰ, ਜਲਾਲਾਬਾਦ) ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹਨ, ਪਿੰਡ ਟਿਵਾਣਾ ਕਲਾਂ ਸੋਸਾਇਟੀ ਦੀ ਬੈਕਸਾਇਡ ਕੋਲ ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਕਾਬੂ ਆ ਸਕਦੇ ਹਨ, ਇਸ ਉਪਰੰਤ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਇੱਕ ਮੋਟਰਸਾਈਕਲ ਸਪਲੈਂਡਰ ਬਲੈਕ ਬਿਨਾਂ ਨੰਬਰੀ ਸਮੇਤ ਪ੍ਰਿੰਸ ਸਿੰਘ ਤੇ ਅਕਾਸ਼ਦੀਪ ਸਿੰਘ ਨੂੰ ਕਾਬੂ ਕਰਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਰਚੰਦ ਸਿੰਘ ਬਰਸਟ ਨੇ ਵੱਖ-ਵੱਖ ਸਮਾਗਮਾਂ 'ਚ ਲਵਾਈ ਹਾਜ਼ਰੀ

### ਗੁਰੂ ਜੀ ਦੀਆਂ ਸਿੱਖਿਆਵਾਂ ਜਾਤ-ਪਾਤ ਤੇ ਸਮਾਜਿਕ ਉਚ-ਨੀਚ ਨੂੰ ਖਤਮ ਕਰਕੇ ਏਕਤਾ ਦਾ ਸੰਦੇਸ਼ ਦਿੰਦੀਆਂ ਹਨ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਲਕਾ ਸਮਾਣਾ ਦੇ ਵੱਖ-ਵੱਖ ਥਾਵਾਂ 'ਤੇ ਬੜੇ ਹੀ ਉਤਸ਼ਾਹ ਤੇ ਸ਼ਰਧਾ ਨਾਲ ਧਾਰਮਿਕ ਸਮਾਗਮਾਂ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਵੱਖ-ਵੱਖ ਥਾਵਾਂ 'ਤੇ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੇ ਕੀਰਤਨ ਸਮਾਗਮਾਂ ਵਿੱਚ ਪਹੁੰਚ ਕੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਹਾਜ਼ਰੀ ਲਗਵਾਈ ਗਈ।ਸ੍ਰ. ਬਰਸਟ ਵੱਲੋਂ ਪਿੰਡ ਰੱਖੜਾ, ਬਰਸਟ, ਸਮਾਣਾ, ਹਰੀ ਨਗਰ ਖੇੜਕੀ ਤੇ ਡਕਾਲਾ ਵਿਖੇ ਧਾਰਮਿਕ ਸਮਾਗਮਾਂ ਵਿੱਚ ਪਹੁੰਚ ਕੇ ਪੰਜਾਬ ਤੇ ਸਮੁੱਚੀ ਮਨੁੱਖਤਾ ਦੇ ਕਲਿਆਣ, ਤਰੱਕੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਦੌਰਾਨ ਸ੍ਰ. ਬਰਸਟ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅੱਜ ਦੇ ਸਮਾਜ ਨੂੰ ਇੱਕ ਚੰਗਾ ਰਾਹ ਦਿਖਾਉਂਦੀਆਂ ਹਨ, ਜੋ ਜਾਤ-ਪਾਤ ਦੀਆਂ ਦੀਵਾਰਾਂ ਨੂੰ ਤੋੜ ਕੇ ਸਮੁੱਚੀ ਮਾਨਵਤਾ ਨੂੰ ਬਰਾਬਰਤਾ ਦਾ ਸੰਦੇਸ਼ ਦਿੰਦੀ ਹੈ।ਉਨ੍ਹਾਂ ਨੇ ਉਪਦੇਸ਼ ਦਿੱਤਾ ਕਿ ਭਗਤੀ ਸਾਰੇ ਮਨੁੱਖਾਂ ਨੂੰ ਏਕਤਾ ਦੇ ਸੂਤਰ ਵਿੱਚ ਪਰੋ ਕੇ ਵਿਤਕਰੇ ਨੂੰ ਖਤਮ ਕਰਦੀ ਹੈ।ਸ੍ਰ. ਬਰਸਟ ਨੇ ਗੁਰੂ ਜੀ ਦੀ ਬਾਣੀ ਨੂੰ ਯਾਦ ਕਰਦਿਆਂ ਕਿਹਾ ਕਿ ਗੁਰਬਾਣੀ ਸਾਨੂੰ ਪ੍ਰੇਮ, ਸੇਵਾ ਤੇ ਨਿਆਂ ਦਾ ਮਾਰਗ ਦਿਖਾਉਂਦੀ ਹੈ।ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਉਸੇ ਤਰ੍ਹਾਂ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਂ 'ਤੇ ਚੱਲ ਕੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਕਰਨ ਤੇ ਚੰਗੀ ਸਿੱਖਿਆ ਦੇ ਨਾਲ ਨਾਲ ਹਰ ਵਰਗ ਨੂੰ ਚੰਗੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਚਮੜੇ ਦੇ ਕੰਮ ਨਾਲ ਵੀ ਭਗਤੀ ਨੂੰ ਜੀਵਨ ਦਾ ਹਿੱਸਾ ਬਣਾਇਆ, ਜੋ ਸਾਨੂੰ ਸਿਖਾਉਂਦਾ ਹੈ ਕਿ ਸੱਚੀ ਭਗਤੀ ਕੰਮ ਵਿੱਚ ਵੀ ਰਹਿੰਦੀ ਹੈ। ਇਹ ਸਿੱਖਿਆਵਾਂ ਸਮਾਜ ਵਿੱਚ ਸਮਾਨਤਾ ਤੇ ਭਾਈਚਾਰਕ ਸਾਂਝ ਵਧਾਉਣ ਲਈ ਜ਼ਰੂਰੀ ਹਨ।ਉਨ੍ਹਾਂ ਵੱਲੋਂ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਤੇ ਧੰਨਵਾਦ ਕੀਤਾ ਗਿਆ।

## ਸਰਕਾਰੀ ਪ੍ਰਾਇਮਰੀ ਸਕੂਲ ਸੰਧਵਾਂ ਨੂੰ ਸਟੇਸ਼ਨਰੀ ਦਿੱਤੀ

**ਕੋਟਕਪੂਰਾ (ਰਛਪਾਲ ਭੁੱਲਰ)**-ਪਰਮਜੀਤ ਕੌਰ ਮੁੱਖ ਅਧਿਆਪਕ ਦੀ ਰਹਿਨੁਮਾਈ ਹੇਠ ਤੇ ਜਗਸੀਰ ਸਿੰਘ ਅਧਿਆਪਕ ਦੀ ਪ੍ਰੇਰਣਾ ਸਦਕਾ ਸਮੁੱਚੇ ਭੁੱਲਰ ਪਰਵਾਰ ਵੱਲੋਂ ਰਛਪਾਲ ਸਿੰਘ ਭੁੱਲਰ ਰਿਟਾਇਰਡ ਕਾਰਜ ਸਾਧਕ



ਅਫਸਰ ਤੇ ਸਾਬਕਾ ਪ੍ਰਧਾਨ ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਰਾਹੀਂ ਸਰਕਾਰੀ ਪ੍ਰਾਇਮਰੀ ਸਕੂਲ ਸੰਧਵਾਂ ਦੇ ਬੱਚਿਆਂ ਨੂੰ 20000/- ਦੀ ਸਟੇਸ਼ਨਰੀ ਵੰਡੀ।ਪ੍ਰੀ ਨਰਸਰੀ ਤੋਂ ਪੰਜਵੀਂ ਜਮਾਤ ਵਿੱਚੋਂ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 9000/- ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ 2 ਵਿਦਿਆਰਥੀਆਂ ਨੂੰ ਸੁਨਣ ਵਾਲੀਆਂ ਮਸ਼ੀਨਾਂ ਲਗਵਾਉਣ ਲਈ 6000/- ਦਾਨ ਦਿੱਤਾ।ਇਸ ਸਮੇਂ ਸਮੂਹ ਸਟਾਫ ਤੋਂ ਇਲਾਵਾ ਉਨ੍ਹਾਂ ਦੀ ਧਰਮਪਤਨੀ ਮੁਖਤਿਆਰ ਕੌਰ ਰਿਟਾਇਰਡ ਮੁੱਖ ਅਧਿਆਪਕ, ਐਵਲੀਨ ਕੌਰ ਭੁੱਲਰ (ਪੋਤਰੀ), ਇਆਨ ਸਿੰਘ ਭੁੱਲਰ (ਪੋਤਰਾ) ਹਾਜ਼ਰ ਸਨ।ਸ੍ਰੀ ਭੁੱਲਰ ਨੇ ਕਿਹਾ ਕਿ ਇਹ ਕਾਰਜ ਉਨ੍ਹਾਂ ਦੇ ਛੋਟੇ ਭਰਾ ਬਲਵੰਤ ਸਿੰਘ ਭੁੱਲਰ ਤੇ ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਵਧੀਆ ਸੇਧ ਕਾਰਨ ਹੀ ਸੰਭਵ ਹੋਇਆ ਹੈ।ਮੁੱਖ ਅਧਿਆਪਕਾ ਨੇ ਦਾਨੀ ਪਰਵਾਰ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦਾ ਸਮੂਹ ਸਟਾਫ ਸਹਿਯੋਗ ਦੇਣ ਲਈ ਵਧਾਈ ਦਾ ਪਾਤਰ ਹੈ।ਦਾਨੀ ਪਰਵਾਰ ਨੇ ਮੁੱਖ ਅਧਿਆਪਕਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਬੱਚਿਆਂ ਦੀ ਭਲਾਈ ਲਈ ਹਮੇਸ਼ਾ ਮਦਦ ਕਰਦੇ ਰਹਿਣਗੇ।

## ਐਡਵੋਕੇਟ ਧਾਮੀ ਨੇ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਨੂੰ ਸੌਂਪੀ ਪੰਥਕ ਦਸਤਾਰ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਦੇ ਵੰਸ਼ਜ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਨਾਭਾ ਦੀ ਦਸਤਾਰਬੰਦੀ ਮੌਕੇ ਕਰਵਾਏ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਨ ਪੁੱਜੇ। ਗੁਰਦੁਆਰਾ ਸਿਰੋਪਾਓ ਸਾਹਿਬ ਹੀਰਾ ਮਹਿਲ ਨਾਭਾ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰਾਜਾ ਭਾਨੂ ਪ੍ਰਤਾਪ ਸਿੰਘ ਤੇ ਰਾਣੀ ਪ੍ਰੀਤੀ ਸਿੰਘ ਨਾਭਾ ਨੂੰ ਮੁਬਾਰਕਬਾਦ ਦਿੱਤੀ ਅਤੇ ਪੰਥਕ ਰਵਾਇਤਾਂ ਮੁਤਾਬਕ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਨਾਭਾ ਨੂੰ ਪੰਥਕ ਰਵਾਇਤਾਂ ਅਨੁਸਾਰ ਦਸਤਾਰ ਭੇਟ ਕੀਤੀ।ਇਸ ਦੌਰਾਨ ਕੁੰਵਰ ਅਭੀ ਉਦੈ ਪ੍ਰਤਾਪ ਸਿੰਘ ਨਾਭਾ ਦੀ ਦਸਤਾਰਬੰਦੀ ਦੇ ਸਬੰਧ ਵਿੱਚ ਗੁਰਦੁਆਰਾ ਸਿਰਪਾਓ ਸਾਹਿਬ ਹੀਰਾ ਮਹਿਲ ਨਾਭਾ ਵਿਖੇ ਧਾਰਮਿਕ ਸਮਾਗਮ ਦੌਰਾਨ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਹਜ਼ੂਰੀ ਰਾਗੀ ਕੀਰਤਨੀ ਜਥੇ ਵੱਲੋਂ ਗੁਰਬਾਣੀ ਕੀਰਤਨ ਸਰਵਣ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਰਿਆਸਤ ਏ ਨਾਭਾ ਜੇ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਜੀ ਪੰਥਕ ਸੰਘਰਸ਼ ਵਿੱਚ ਅਹਿਮ ਭੂਮਿਕਾ ਰਹੀ ਹੈ, ਜਿਨ੍ਹਾਂ ਨੇ ਹਮੇਸ਼ਾ ਪੰਥਕ ਹਿੱਤਾਂ ਲਈ ਸਮੇਂ-ਸਮੇਂ 'ਤੇ ਅਹਿਮ ਫੈਸਲੇ ਕੀਤੇ ਤੇ ਉਨ੍ਹਾਂ ਦੇ ਪੰਥਕ ਸੰਘਰਸ਼ ਵਿੱਚ ਪਾਏ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਪੰਥ ਦੇ ਵਡਮੁੱਲੇ ਕਾਰਜਾਂ ਵਿੱਚ ਅਭੀ ਉਦੈ ਪ੍ਰਤਾਪ ਸਿੰਘ ਨਾਭਾ ਵੀ ਭਵਿੱਖ ਵਿੱਚ ਹਮੇਸ਼ਾ ਪੰਥਕ ਸੋਚ ਨੂੰ ਅੱਗੇ ਲਿਜਾਣ ਦਾ ਉੱਦਮ ਕਰੇਗਾ।ਇਸ ਮੌਕੇ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਦੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਵੱਲੋਂ ਵੀ ਕੁਵਰ ਉਦੈ ਪ੍ਰਤਾਪ ਸਿੰਘ ਨਾਭਾ ਤੇ ਪਰਿਵਾਰਕ ਮੈਂਬਰਾਂ ਨੂੰ ਵੀ ਵਧਾਈ ਦਿੱਤੀ ਗਈ।ਇਸ ਦਸਤਾਰਬੰਦੀ ਮੌਕੇ ਸ਼ਹਿਰ ਦੀਆਂ ਹੋਰ ਵੀ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਰਹੀਆਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਤੇ ਸਟਾਫ ਮੈਂਬਰ ਮੌਜੂਦ ਰਹੇ।

## ਕਾਲੜਾ ਗਰੁੱਪ ਨੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਰਾਣਾ ਦੀ ਅਗਵਾਈ ਕਬੂਲੀ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**



ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀ.ਵਾਈਸ ਪ੍ਰਧਾਨ ਅਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀ.ਸਤਵਿੰਦਰ ਸਿੰਘ ਸੈਣੀ ਦੀ ਅਗਵਾਈ ਹੇਠ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਆੜਤੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਅਤੇ ਆੜਤੀ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਦਵਿੰਦਰ ਬੈਦਵਾਨ ਅਤੇ ਆੜਤੀ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੇ ਚੇਅਰਮੈਨ ਪਵਨ ਸਿੰਗਲਾ ਆੜਤੀ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੇ ਜਨਰਲ ਸਕੱਤਰ ਦੀਪਕ ਬਾਂਸਲ ਡਕਾਲਾ ਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਆੜਤੀ ਸਾਹਿਬਾਨ ਪਹੁੰਚੇ ਹੋਏ ਸਨ।ਇਸ ਮੀਟਿੰਗ ਵਿੱਚ ਪ੍ਰਧਾਨ ਇੰਜੀ.ਸਤਵਿੰਦਰ ਸਿੰਘ ਸੈਣੀ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਕਾਲੜਾ ਗਰੁੱਪ ਦੇ ਸੀਨੀਅਰ ਭਰਾਵਾਂ ਵਲੋਂ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਰਹਿਨੁਮਾਈ ਵਾਲੀ ਆੜਤੀ ਐਸੋਸੀਏਸ਼ਨ ਵਿਚ ਸ਼ਾਮਿਲ ਹੋਇਆ ਗਿਆ। ਜਿਸ ਵਿੱਚ ਸ.ਗੁਰਨਾਮ ਸਿੰਘ ਲਚਕਾਣੀ, ਰਾਕੇਸ਼ ਸਿੰਗਲਾ, ਵਿਜੇ ਗਰਗ ਅਬਲੋਵਾਲ, ਵਿਕਰਮ ਵਧਵਾਰ,ਤਰਸੇਮ ਚੰਦ ਦਿਤੂਪੁਰੀਆ, ਸ.ਸਵਰਨ ਸਿੰਘ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ ਅਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੀਟਿੰਗ ਨੂੰ ਦੇਖਦੇ ਹੋਏ ਆੜਤੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਆੜਤੀ ਐਸੋਸੀਏਸ਼ਨ ਪੰਜਾਬ ਦੇ ਸੀਨੀ.ਵਾਈਸ ਪ੍ਰਧਾਨ ਅਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀ.ਸਤਵਿੰਦਰ ਸਿੰਘ ਨੂੰ ਆਖਿਆ ਕੀ ਤੁਸੀਂ ਸਭ ਆੜਤੀ ਭਰਾਵਾਂ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਕਰਕੇ ਏਕਤਾ ਦਾ ਸਬੂਤ ਦਿੱਤਾ ਹੈ।ਇਸ ਮੀਟਿੰਗ ਵਿੱਚ ਨਵੀਂ ਅਨਾਜ ਮੰਡੀ ਪਟਿਆਲਾ ਦੇ ਜਨਰਲ ਸਕੱਤਰ ਨਰੇਸ਼ ਮਿੱਤਲ ਭੋਲਾ, ਅਸ਼ੋਕ ਕੁਮਾਰ ਮੋਢੀ, ਚਰਨ ਦਾਸ ਗੋਇਲ ਖਰਦਮਨ ਰਾਏ ਗੁਪਤਾ, ਹਰਦੇਵ ਸਿੰਘ ਨੰਦਪੁਰਕੇਸ਼ੋ, ਦਰਬਾਰਾ ਸਿੰਘ ਜਾਲਾਂ, ਦਵਿੰਦਰ ਕੁਮਾਰ ਬੱਗਾ ਪਰਮਜੀਤ ਸਿੰਘ ਮਿਰਜ਼ਾਪੁਰ, ਰਣਧੀਰ ਨਲੀਨਾ, ਵਿਸ਼ਵ ਗੋਇਲ ਕਾਕੂ, ਮਹੇਸ਼ ਗੋਇਲ, ਸੋਹਨ ਲਾਲ ਕਾਂਸਲ,ਸ਼ਿਵ ਮੰਦਿਰ ਕਮੇਟੀ ਦੇ ਚੇਅਰਮੈਨ ਕਮਲ ਗੋਇਲ, ਸ਼ਿਵ ਮੰਦਿਰ ਕਮੇਟੀ ਦੇ ਪ੍ਰਧਾਨ ਸੁਰੇਸ਼ ਬਾਂਸਲ ਡਕਾਲਾ, ਸੰਜੀਵਨ ਮਿੱਤਲ,ਓਮ ਪ੍ਰਕਾਸ਼ ਟੌਹੜਾ, ਜਤਿੰਦਰ ਕੁਮਾਰ ਟੀਨੂ, ਤੀਰਥ ਬਾਂਸਲ, ਰਾਕੇਸ਼ ਭਨਰਾ, ਰਾਜ ਕੁਮਾਰ ਜਿੰਦਲ, ਸਰੂਪ ਚੰਦ ਭਨਰਾ, ਕਰਮ ਚੰਦ ਰੋਹਿਤ ਗੋਇਲ ਦੀਪਕ ਜਿੰਦਲ, ਸ਼ਾਂਤੀ ਸਰੂਪ ਕੰਨੂ, ਪ੍ਰੇਮ ਚੰਦ, ਹੈਪੀ ਗੋਇਲ, ਐਚ.ਐਸ ਰਟੌਲ, ਨਾਹਰ ਸੀਬੜੋ, ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਮੰਚ ਦਾ ਸੰਚਾਲਨ ਦੀਪਕ ਡਕਾਲਾ ਜਿਲਾ ਜਨਰਲ ਸਕੱਤਰ ਨੇ ਕੀਤਾ।

## ਆਸ਼ੀਰਵਾਦ ਸਕੀਮ ਹੁਣ ਸਿਰਫ ਸੇਵਾ ਕੇਂਦਰਾਂ ਰਾਹੀਂ ਲਾਗੂ ਹੋਵੇਗੀ : ਡੀ ਸੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਆਸ਼ੀਰਵਾਦ ਸਕੀਮ ਨੂੰ ਹੋਰ ਪਾਰਦਰਸ਼ੀ ਬਣਾਉਣ ਲਈ ਆਸ਼ੀਰਵਾਦ ਸਕੀਮ ਹੁਣ ਸਿਰਫ ਸੇਵਾ ਕੇਂਦਰਾਂ ਰਾਹੀਂ ਲਾਗੂ ਹੋਵੇਗੀ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਦਿੱਤੀ। ਜ਼ਿਲ੍ਹਾ ਭਲਾਈ ਅਫ਼ਸਰ ਸ. ਬਰਿੰਦਰ ਸਿੰਘ ਨੇ ਦੱਸਿਆ ਕਿ ਸਕੀਮ ਹੇਠ ਅਨੁਸੂਚਿਤ ਜਾਤੀਆਂ, ਈਸਾਈ ਭਾਈਚਾਰੇ, ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਤੇ ਹਰ ਜਾਤੀ ਦੀ ਵਿਧਵਾ ਦੀਆਂ ਧੀਆਂ ਤੇ ਅਨੁਸੂਚਿਤ ਜਾਤੀ ਦੀਆਂ ਵਿਧਵਾਵਾਂ ਤੇ ਤਲਾਕਸ਼ੁਦਾ ਔਰਤਾਂ ਦੇ ਵਿਆਹ ਸਮੇਂ 51,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਲਾਭਪਾਤਰੀਆਂ ਨੂੰ ਦਸਤਾਵੇਜ਼ਾਂ ਸਮੇਤ ਅਰਜ਼ੀਆਂ ਵਿਭਾਗ ਦੇ ਤਹਿਸੀਲ ਦਫ਼ਤਰਾਂ 'ਚ ਜਮ੍ਹਾਂ ਕਰਾਉਣੀਆਂ ਪੈਂਦੀਆਂ ਸਨ, ਜਿਸ ਕਾਰਨ ਕਾਰਵਾਈ 'ਚ ਦੇਰੀ ਤੇ ਤਕਨੀਕੀ ਖਾਮੀਆਂ ਆਉਂਦੀਆਂ ਸਨ।ਉਨ੍ਹਾਂ ਕਿਹਾ ਕਿ ਬਾਅਦ 'ਚ ਸਕੀਮ ਨੂੰ ਆਨਲਾਈਨ ਕਰਨ ਦੇ ਬਾਵਜੂਦ ਨਿੱਜੀ ਸਾਇਬਰ ਕੈਫਿਆਂ ਵੱਲੋਂ ਵੱਧ ਫੀਸ ਲੈਣ ਸਬੰਧੀ ਸ਼ਿਕਾਇਤਾਂ ਮਿਲਦੀਆਂ ਰਹੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਆਸ਼ੀਰਵਾਦ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਜੋੜ ਦਿੱਤਾ ਹੈ।ਇਸ ਨਾਲ ਲਾਭਪਾਤਰੀ ਆਪਣੇ ਨੇੜਲੇ ਸੇਵਾ ਕੇਂਦਰ ਤੋਂ ਘੱਟ ਖਰਚ 'ਤੇ ਆਸਾਨ ਤੇ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ ਸਕੀਮ ਦਾ ਲਾਭ ਲੈ ਸਕਣਗੇ।

## ਅੰਤਰਰਾਸ਼ਟਰੀ ਸਿੱਖਿਆ ਓਲੰਪੀਆਡ ਮੁਕਾਬਲੇ 'ਚ ਆਕਸਫੋਰਡ ਦੇ ਵਿਦਿਆਰਥੀ ਛਾਏ

**ਬਠਿੰਡਾ (ਰਾਜੀਵ ਗੋਇਲ)**-'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਇੱਕ ਅਜਿਹੀ ਮਾਣਮੱਤੀ ਤੇ ਅਗਾਂਹ ਵਧੂ ਵਿੱਦਿਅਕ ਸੰਸਥਾ ਹੈ, ਜਿਥੋਂ ਦੇ ਵਿਦਿਆਰਥੀ ਹਰ ਖੇਤਰ ਵਿੱਚ ਨਾਮਣਾ ਖੱਟ ਰਹੇ



ਹਨ। ਅੰਤਰਰਾਸ਼ਟਰੀ ਪੱਧਰ 'ਤੇ ਹੋਏ ਵੱਖੋ-ਵੱਖਰੇ ਵਿਸ਼ਿਆਂ ਨਾਲ ਸੰਬੰਧਤ ਓਲੰਪੀਆਡ ਮੁਕਾਬਲਿਆਂ ਵਿੱਚ ਆਕਸਫ਼ੋਰਡ ਦੇ ਪਹਿਲੀ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜ਼ਿਕਰਯੋਗ ਹੈ ਕਿ ਅੰਤਰਰਾਸ਼ਟਰੀ ਪੱਧਰ ਦੇ ਇਨ੍ਹਾਂ ਮੁਕਾਬਲਿਆਂ ਵਿੱਚ 38 ਵਿਦਿਆਰਥੀਆਂ ਨੇ ਗੋਲਡ, 28 ਵਿਦਿਆਰਥੀਆਂ ਨੇ ਸਿਲਵਰ ਤੇ 21 ਵਿਦਿਆਰਥੀਆਂ ਨੇ ਬਰੋਨਜ਼ ਮੈਡਲ ਆਪਣੀ ਝੋਲੀ ਪੁਆਏ। ਜ਼ੋਨਲ ਪੱਧਰ 'ਤੇ ਦੂਸਰੀ ਜਮਾਤ ਦੇ ਵਿਦਿਆਰਥੀ ਹਰਸ਼ ਅੱਗਰਵਾਲ ਨੇ ਪਹਿਲੇ ਰੈਂਕ ਤੇ ਗੋਲਡ ਮੈਡਲ, ਟਰਾਫ਼ੀ ਤੇ 5000 ਰੁਪਏ ਦਾ ਨਗਦ ਇਨਾਮ ਅਤੇ ਗੁਪਿੰਦਰ ਸਿੰਘ (ਜਮਾਤ ਪਹਿਲੀ) ਨੇ ਤੀਜਾ ਸਥਾਨ ਹਾਸਲ ਕਰਦੇ ਹੋਏ ਬਰੋਨਜ਼ ਮੈਡਲ, 1000 ਰੁਪਏ ਕੀਮਤ ਦਾ ਗਿਫਟ ਤੇ ਟਰਾਫ਼ੀ ਆਪਣੀ ਝੋਲੀ ਪੁਆ ਕੇ ਸਕੂਲ ਤੇ ਆਪਣੇ ਮਾਪਿਆਂ ਦੇ ਨਾਂ ਨੂੰ ਚਾਰ ਚੰਨ ਲਾ ਦਿੱਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਇਸ ਸਫ਼ਲਤਾ 'ਤੇ ਖੁਸ਼ੀ ਜ਼ਾਹਰ ਕਰਦਿਆਂ ਵਿਦਿਆਰਥੀਆਂ ਤੇ ਸੰਬੰਧਤ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਸਾਨੂੰ ਅਕਾਦਿਮਕ ਪੜ੍ਹਾਈ ਦੇ ਨਾਲ-ਨਾਲ ਇਹੋ-ਜਿਹੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਅਸੀਂ ਮਾਨਸਿਕ ਤੌਰ ਤੇ ਮਜ਼ਬੂਤ ਬਣਦੇ ਹਾਂ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਇਹੋ ਜਿਹੇ ਮੁਕਾਬਲਿਆਂ ਵਿੱਚ ਭਾਗ ਲੈਣਾ ਬਹੁਤ ਜ਼ਰੂਰੀ ਹੈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦੇ ਕੁਆਰਡੀਨੇਟਰਜ਼ ਤੇ ਸਮੂਹ ਅਧਿਆਪਕ ਸਾਹਿਬਾਨ ਮੌਜੂਦ ਸਨ।

# ਵਿਧਾਇਕਾਂ ਦੇ ਘਰਾਂ ਅੱਗੇ ਲੱਗਣ ਵਾਲੇ ਧਰਨੇ ਦੀਆਂ ਤਿਆਰੀਆਂ ਮੁਕੰਮਲ: ਲਾਲਪੁਰਾ

ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਏਕਤਾ ਲਾਲਪੁਰਾ) ਦੀ ਅਹਿਮ ਮੀਟਿੰਗ ਗੁਰਦੁਆਰਾ ਬਾਬਾ ਰਾਇਆ ਜੀ ਦੇ ਸਥਾਨ 'ਤੇ ਹੋਈ। ਪ੍ਰਧਾਨ ਪਾਖਰ ਸਿੰਘ ਲਾਲਪੁਰਾ ਨੇ ਕਿਹਾ ਕਿ 5 ਫਰਵਰੀ ਨੂੰ ਕਿਸਾਨਾਂ, ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਵਿਧਾਇਕਾਂ ਦੇ ਘਰਾਂ ਅੱਗੇ ਦਿੱਤੇ ਜਾਣ ਵਾਲੇ ਧਰਨਿਆਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ, ਪਿੰਡ ਵਿੱਚ ਜਥੇਬੰਦੀ ਦੇ ਕਿਸਾਨਾਂ-ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਪ੍ਰੀਪੇਡ ਸਮਾਰਟ ਮੀਟਰਾਂ ਦਾ ਵਿਰੋਧ: ਮੀਟਿੰਗ ਦੌਰਾਨ



ਆਗੂਆਂ ਨੇ ਸਰਕਾਰ ਵੱਲੋਂ ਜ਼ਬਰਦਸਤੀ ਲਗਾਏ ਜਾ ਰਹੇ ਪ੍ਰੀਪੇਡ ਸਮਾਰਟ ਮੀਟਰਾਂ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਇਹ ਮੀਟਰ ਗਰੀਬ ਜਨਤਾ ਦੀ ਜੇਬ 'ਤੇ ਡਾਕਾ ਮਾਰਨ ਅਤੇ ਬਿਜਲੀ ਦਾ ਨਿੱਜੀਕਰਨ ਕਰਨ ਦੀ ਇੱਕ ਸਾਜ਼ਿਸ਼ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਥੇਬੰਦੀ ਵੱਲੋਂ ਐਲਾਨ ਕੀਤਾ ਗਿਆ ਕਿ 5 ਫਰਵਰੀ ਨੂੰ ਪੰਜਾਬ ਭਰ ਵਿੱਚ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਜਾਂ ਦਫ਼ਤਰਾਂ ਸਾਹਮਣੇ ਦਿੱਤੇ ਜਾਣ ਵਾਲੇ ਧਰਨਿਆਂ ਦੀਆਂ ਪਿੰਡ 'ਚ ਲੋਕਾਂ ਨੂੰ ਲਾਮਬੰਦ ਕਰਨ ਦੀ ਡਿਊਟੀ ਲਗਾਈ ਹੈ ਤਾਂ ਜੋ 5 ਫਰਵਰੀ ਨੂੰ ਸਰਕਾਰ ਵਿਰੁੱਧ ਵੱਡਾ ਇਕੱਠ ਕਰਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਜਾ ਸਕੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਬੁਲਾਰੇ ਵਿਰਸਾ ਸਿੰਘ ਨੇ ਕਿਹਾ ਕਿ ਸਰਕਾਰ ਲੋਕਾਂ ਨੂੰ ਮੁਫ਼ਤ ਬਿਜਲੀ ਦੇਣ ਦੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਹੁਣ ਪ੍ਰੀਪੇਡ ਮੀਟਰ ਲਗਾ ਕੇ ਆਮ ਆਦਮੀ ਦਾ ਲੱਕ ਤੋੜ ਰਹੀ ਹੈ।ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਅਤੇ ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਰਣਜੀਤ ਸਿੰਘ, ਅਮਰਜੀਤ ਸਿੰਘ, ਹਰਪਾਲ ਸਿੰਘ, ਦੁਰਗਾ ਸਿੰਘ, ਕੁਲਦੀਪ ਸਿੰਘ, ਹਰਭਜਨ ਸਿੰਘ, ਸੁਰਜੀਤ, ਲੱਖਾ ਨੰਬਰਦਾਰ, ਬਿੱਟੂ ਸੈਕਟਰੀ ਆਦਿ ਹਾਜ਼ਰ ਸਨ।

# ਡੀ ਜੀ ਪੀ ਵੱਲੋਂ ਪ੍ਰੈੱਸ ਕਾਨਫਰੰਸ; ਗੈਂਗਸਟਰਾਂ ਵਿਰੁੱਧ ਕੀਤੀ ਕਾਰਵਾਈ ਬਾਰੇ ਦਿੱਤੀ ਜਾਣਕਾਰੀ

ਬਟਾਲਾ (ਡਾ. ਮਲਵਿੰਦਰ ਸਿੰਘ)-ਪਿਛਲੇ ਦਿਨੀਂ ਡੀਜੀਪੀ ਵੱਲੋਂ ਸਰਹੱਦੀ ਜ਼ਿਲ੍ਹਿਆਂ ਵਿੱਚ ਗੈਂਗਸਟਰਾਂ ਅਤੇ ਮੁਕਤ ਰਾਜ ਦੇ ਲਈ ਬਟਾਲੇ ਵਿੱਚ ਪ੍ਰੈੱਸ ਕਾਨਫਰੰਸ ਕੀਤੀ ਗਈ ਜਿਸ ਵਿੱਚ ਉਨ੍ਹਾਂ ਦੱਸਿਆ ਕਿ ਗੈਂਗਸਟਰਾਂ ਅਤੇ ਸੰਗਠਿਤ ਅਪਰਾਧਾਂ ਵਿਰੁੱਧ ਚੱਲ ਰਹੀ ਕਾਰਵਾਈ ਦਾ ਮੁਲਾਂਕਣ ਅਤੇ ਇਸ ਨੂੰ ਤੇਜ਼ ਕਰਨ ਲਈ ਇਹ ਵਿਸ਼ੇਸ਼ ਮੀਟਿੰਗ ਕੀਤੀ ਗਈ।ਬਟਾਲਾ ਵਿੱਚ ਹੋਈ ਇਹ ਮੀਟਿੰਗ ਸਰਹੱਦੀ ਜ਼ਿਲ੍ਹਿਆਂ ਤੇ ਕੇਂਦਰਤ ਸੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ 20 ਜਨਵਰੀ ਨੂੰ ਸ਼ੁਰੂ ਕੀਤੀ ਗਈ ਗੈਂਗਸਟਰਾਂ 'ਤੇ ਵਾਰ ਮੁਹਿੰਮ ਤਹਿਤ ਪੰਜਾਬ ਪੁਲਸ ਨੇ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ ਹੈ।ਉਨ੍ਹਾਂ ਹੋਰ ਕਿਹਾ ਕਿ ਸਾਨੂੰ ਗਲਤ ਅਫਵਾਹਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ ਤੇ ਸਾਨੂੰ ਜਨਤਾ ਦਾ ਸਹਿਯੋਗ ਚਾਹੀਦਾ ਹੈ।ਪੰਜਾਬ ਪੁਲਸ ਨੇ ਪਿਛਲੇ ਦੋ ਦਿਨਾਂ ਵਿੱਚ 100 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਮੁਹਿੰਮ ਦੇ 11 ਦਿਨਾਂ ਵਿੱਚ ਪੁਲਸ ਟੀਮਾਂ ਨੇ ਸੂਬੇ ਭਰ ਵਿੱਚ 12,275 ਥਾਵਾਂ ਤੇ ਛਾਪੇਮਾਰੀ ਕੀਤੀ ਜਿਨ੍ਹਾਂ ਵਿੱਚ 8671 ਕੇਸ ਰਾਊਂਡ ਅਪ ਕੀਤੇ ਗਏ ਹਨ ਤੇ ਉਨ੍ਹਾਂ ਵਿੱਚ



3721 ਗ੍ਰਿਫਤਾਰੀਆਂ ਕੀਤੀਆਂ ਤੇ ਖਤਰਨਾਕ ਕੇਸਾਂ ਵਿੱਚ ਕਾਬੂ ਕੀਤੇ 1796 ਲੋਕਾਂ ਤੋਂ ਪੁੱਛਗਿੱਛ ਕੀਤੀ ਅਤੇ 3154 ਨੂੰ ਛੱਡ ਦਿੱਤਾ ਗਿਆ। ਉਨ੍ਹਾਂ ਹੋਰ ਦੱਸਿਆ ਕਿ 95 ਗੈਂਗੀਆਂ ਕਾਬੂ ਕੀਤੀਆਂ ਗਈਆਂ ਹਨ।ਇਸ ਤੋਂ ਪਹਿਲਾਂ ਮੀਟਿੰਗ ਦੌਰਾਨ ਸਰਹੱਦ ਅਤੇ ਫਿਰੋਜ਼ਪੁਰ ਰੇਂਜਾਂ ਵਿੱਚ ਮੌਜੂਦ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਕਾਊਂਟਰ ਇੰਟੈਲੀਜੈਂਸ ਉਪਾਵਾਂ ਬਾਰੇ ਇਕ ਵਿਆਪਕ ਸਮੀਖਿਆ ਕੀਤੀ।ਅਧਿਕਾਰੀਆਂ ਨੇ ਅਪਰਾਧਕ ਤੱਤਾਂ ਨੂੰ ਜੜ੍ਹੋਂ ਪੁੱਟਣ ਲਈ ਸੰਚਾਲਨ ਹਿੱਤ ਸਾਂਝੀਆਂ ਕਾਰਵਾਈਆਂ, ਯੋਜਨਾਵਾਂ ਤੇ ਭਾਈਚਾਰਕ ਸ਼ਮੂਲੀਅਤ ਬਾਰੇ ਤਾਜ਼ਾ ਜਾਣਕਾਰੀ ਸਾਂਝੀ ਕੀਤੀ।

# ਮਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ ਫੌਰੀ ਤੌਰ 'ਤੇ ਕੰਮ ਦਿੱਤਾ ਜਾਵੇ: ਰੁਪਿੰਦਰ, ਮਾੜੀਮੇਘਾ

ਭਿੱਖੀਵਿੰਡ (ਨਜ਼ਸ)-ਕੁੱਲ ਹਿੰਦ ਪੱਧਰ 'ਤੇ ਨਰੇਗਾ ਬਚਾਓ ਮੋਰਚਾ ਦੇ ਸੱਦੇ 'ਤੇ ਪੰਜਾਬ ਇਸਤਰੀ ਸਭਾ ਵੱਲੋਂ ਇਤਿਹਾਸਕ ਪਿੰਡ ਮਾੜੀਮੇਘਾ ਅਤੇ ਬੀੜ ਲੱਧੂ ਕਲਾਂ ਵਿੱਚ ਪਰਮਜੀਤ ਕੌਰ ਮਾੜੀਮੇਘਾ ਤੇ ਬੀੜ ਲੱਧੂ ਦੀ ਅਗਵਾਈ ਹੇਠ ਮੀਟਿੰਗਾਂ ਕੀਤੀਆਂ ਗਈਆਂ।ਸੰਬੋਧਨ ਦੌਰਾਨ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਤੇ ਸੀਪੀਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਪਿਛਲੇ ਦਿਨਾਂ ਵਿੱਚ ਬੀਜੇਪੀ ਦੀ ਅਗਵਾਈ ਵਾਲੀ ਸਰਕਾਰ ਨੇ ਮਨਰੇਗਾ ਕਾਨੂੰਨ ਦਾ ਨਾਂਅ ਹੀ ਨਹੀਂ ਬਦਲਿਆ ਸਗੋਂ ਮਾਅਨਿਆਂ ਵਿੱਚ ਨਰੇਗਾ ਦਾ ਸਰੂਪ ਹੀ ਬਦਲ ਦਿੱਤਾ ਗਿਆ ਹੈ।ਨਵੇਂ ਕਾਨੂੰਨ ਅਨੁਸਾਰ ਰੁਜ਼ਗਾਰ ਦੀ ਗਾਰੰਟੀ ਹੀ ਨਹੀਂ ਰਹੀ।ਹੁਣ ਕੇਂਦਰ ਸਰਕਾਰ ਤਹਿ ਕਰੇਗੀ ਕਿ ਕਿਹੜੇ ਕਿਹੜੇ ਪਿੰਡ ਤੇ ਕਿਹੜੀਆਂ ਥਾਵਾਂ 'ਤੇ ਕੰਮ ਹੋਵੇਗਾ।ਦਿਹਾੜੀ ਵੀ 12 ਘੰਟੇ ਕਰਨ ਦੀ ਧਾਰਾ ਫਿੱਟ ਕਰ ਦਿੱਤੀ ਹੈ।



ਰੁਜ਼ਗਾਰ ਦੇ ਕੰਮ ਵਿੱਚ ਹੁਣ ਸੈਂਟਰ 60 ਫੀਸਦੀ ਪੈਸਾ ਦੇਵੇਗਾ ਜਦੋਂ ਕਿ ਪਹਿਲਾਂ 90 ਫੀਸਦੀ ਦਿੰਦਾ ਸੀ। ਸੂਬਾ ਸਰਕਾਰ ਹੁਣ 40 ਫੀਸਦੀ ਦੇਵੇਗੀ ਜਦੋਂ ਪਹਿਲਾਂ ਸਿਰਫ 10 ਫੀਸਦੀ ਦਿੰਦੀ ਸੀ।ਨਰੇਗਾ ਕਾਨੂੰਨ ਅਧੀਨ ਹੁਣ ਫਸਲਾਂ ਦੀ ਬਿਜਾਈ ਤੇ ਕਟਾਈ ਵੇਲੇ 60 ਦਿਨ ਕੰਮ ਨਹੀਂ ਮਿਲੇਗਾ ਜਦੋਂਕਿ ਪਹਿਲਾਂ ਸਾਰਾ ਸਾਲ ਕੰਮ ਮਿਲਦਾ ਸੀ।ਨਰੇਗਾ ਕਾਨੂੰਨ ਤਹਿਤ ਜਿਨ੍ਹਾਂ ਪਿੰਡਾਂ ਵਿੱਚ ਸਬਜ਼ੀਆਂ ਦੀਆਂ ਫਸਲਾਂ ਪੈਦਾ ਹੁੰਦੀਆਂ ਸਨ ਉੱਥੇ ਵੀ ਕੰਮ ਮਿਲਦਾ ਸੀ।ਚਾਹੀਦਾ ਤਾਂ ਇਹ ਸੀ ਕਿ ਹਰੇਕ ਫਸਲ ਦੀ ਪੈਦਾਵਾਰ ਲਈ ਨਰੇਗਾ ਕੰਮ ਮਿਲਦਾ ਤਾਂ ਜੋ ਕਿਸਾਨਾਂ ਨੂੰ ਵੀ ਨਰੇਗਾ ਦਾ ਵਧੇਰੇ ਫਾਇਦਾ ਹੁੰਦਾ ਪਰ ਸਰਕਾਰ ਤਾਂ ਨਰੇਗਾ ਕਾਨੂੰਨ ਹੀ ਖਤਮ ਕਰਨ ਵਾਲੇ ਪਾਸੇ ਤੁਰ ਪਈ ਹੈ।

ਨਵੇਂ ਕਾਨੂੰਨ ਅਨੁਸਾਰ ਪਿੰਡਾਂ ਦਾ ਵਿਕਾਸ ਹੀ ਰੁਕ ਜਾਵੇਗਾ ਅਤੇ ਪੰਚਾਇਤਾਂ ਕੋਲੋਂ ਕੰਮ ਕਰਾਉਣ ਦਾ ਅਧਿਕਾਰ ਵੀ ਖੁੱਸ ਜਾਵੇਗਾ।ਇਸ ਲਈ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ।ਮੀਟਿੰਗਾਂ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਬਲਾਕ ਆਗੂ ਟਹਿਲ ਸਿੰਘ ਲੱਧੂ ਨੇ ਵੀ ਸੰਬੋਧਨ ਕੀਤਾ।

## ਅਰਵਿੰਦਜੀਤ ਬੋਪਾਰਾਏ ਪੀ ਐੱਸ ਪੀ ਸੀ ਐੱਲ ਬਾਰਡਰ ਜ਼ੋਨ ਅੰਮ੍ਰਿਤਸਰ ਦੇ ਬਣੇ ਚੀਫ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਰਕਾਰ ਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਪਟਿਆਲਾ ਦੇ ਚੇਅਰਮੈਨ ਦੇ ਹੁਕਮਾਂ ਤਹਿਤ ਅਰਵਿੰਦਜੀਤ ਸਿੰਘ ਬੋਪਾਰਾਏ ਨੂੰ ਚੀਫ ਇੰਜੀਨੀਅਰ ਇਲੈਕਟਰੀਕਲ ਸਟੋਰ ਐਂਡ ਵਰਕਸ਼ਾਪ ਲੁਧਿਆਣਾ ਤੋਂ ਬਦਲ ਕੇ ਚੀਫ ਇੰਜੀਨੀਅਰ ਇਲੈਕਟਰੀਕਲ ਡੀ. ਐੱਸ. ਬਾਰਡਰ ਜ਼ੋਨ ਅੰਮ੍ਰਿਤਸਰ ਵਿਖੇ ਤਾਇਨਾਤ ਕੀਤਾ ਗਿਆ ਹੈ। ਬੋਪਾਰਾਏ ਦੇ ਚੀਫ ਬਾਰਡਰ ਜ਼ੋਨ ਡੀ. ਐੱਸ. ਅੰਮ੍ਰਿਤਸਰ ਬਣਨ 'ਤੇ ਗੁਰਦਾਸਪੁਰ ਜ਼ਿਲ੍ਹੇ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਾਬਕਾ ਵਿੱਤ ਸਕੱਤਰ ਸੁਰਿੰਦਰ ਪੱਪੂ, ਪਰਮਜੀਤ ਸਿੰਘ ਨੈਸ਼ਨਲ ਐਵਾਰਡੀ ਤੇ ਉੱਘੇ ਲੇਖਕ ਸਾਬਕਾ ਭਾਸ਼ਾ ਅਫਸਰ ਗੁਰਦਾਸਪੁਰ ਅੰਮ੍ਰਿਤਸਰ, ਬਲਦੇਵ ਸਿੰਘ ਬਾਜਵਾ, ਸਰਵਣ ਸਿੰਘ ਕਲਸੀ ਬਟਾਲਾ, ਇੰਦਰਜੀਤ ਸਿੰਘ ਡਿਫਰ ਵਿਜੀਲੈਂਸ ਇੰਸਪੈਕਟਰ ਅੰਮ੍ਰਿਤਸਰ, ਸੁਰਿੰਦਰ ਸਿੰਘ ਗੁਣੀਆਂ ਠੱਠੇ ਵਾਲੇ, ਤਰਸੇਮ ਸਿੰਘ ਚੌਧਰਪੁਰ, ਭਾਰਤ ਭੂਸ਼ਣ ਸਿੰਘ ਸਾਬਕਾ ਸਿਵਲ ਸਰਜਨ, ਅੰਗਰੇਜ਼ ਸਿੰਘ ਸਰਪੰਚ ਕਠਿਆਲਾ, ਸੁਰਜੀਤ ਸਿੰਘ ਪੰਨੂ ਸਰਪੰਚ ਬਖਸ਼ੀਵਾਲ ਤੇ ਹੋਰ ਬਹੁਤ ਪਤਵੰਤੇ ਸੱਜਣਾਂ ਨੇ ਕਿਹਾ ਕਿ ਸਰਦਾਰ ਬੋਪਾਰਾਏ ਦੀ ਇਮਾਨਦਾਰੀ ਤੇ ਚੰਗੀ ਦੂਰ ਅੰਦੇਸ਼ੀ ਸੋਚ ਸਦਕਾ ਪੂਰਾ ਬਾਰਡਰ ਜ਼ੋਨ ਬਿਜਲੀ ਪੱਖੋਂ ਨਮੂਨੇ ਦਾ ਜ਼ੋਨ ਬਣੇਗਾ।ਉਨ੍ਹਾਂ ਕਿਹਾ ਕਿ ਬੋਪਾਰਾਏ ਦੀ ਕਾਫੀ ਲੰਬਾ ਸਮਾਂ ਸਰਵਿਸ ਇਸ ਜ਼ੋਨ ਨਾਲ ਹੀ ਸੰਬੰਧਿਤ ਹੈ ਤੇ ਬਾਰਡਰ ਦੇ ਲੋਕਾਂ ਦੀਆਂ ਮੁਸ਼ਕਲਾਂ ਤੋਂ ਉਹ ਖੁਦ ਕਾਫੀ ਹੱਦ ਤੱਕ ਜਾਣੂ ਹਨ। ਪਤਵੰਤੇ ਸੱਜਣਾਂ ਨੇ ਚੇਅਰਮੈਨ ਬਿਜਲੀ ਬੋਰਡ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਬਾਰਡਰ ਦੇ ਲੋਕਾਂ ਲਈ ਚੰਗੇ ਅਫਸਰ ਨੂੰ ਤਾਇਨਾਤ ਕਰਕੇ ਗਰੀਬਾਂ ਦੀ ਆਵਾਜ਼ ਨੂੰ ਪਛਾਣਿਆ ਹੈ।

## ਬਜਟ 'ਚ ਪੰਜਾਬ ਦੀ ਕਿਸਾਨੀ, ਜਵਾਨੀ ਤੇ ਉਦਯੋਗ ਨੂੰ ਅਣਗੌਲਿਆਂ ਕੀਤਾ: ਪ੍ਰੋ. ਹਰਪ੍ਰੀਤ ਸਿੰਘ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)-ਕੇਂਦਰ ਸਰਕਾਰ ਵੱਲੋਂ ਸੰਸਦ ਵਿਚ ਬਜਟ ਸੈਸ਼ਨ ਦੌਰਾਨ ਜੋ ਬਜਟ ਪੇਸ਼ ਕੀਤਾ ਗਿਆ ਹੈ ਉਸਨੇ ਜਿੱਥੇ ਹਰ ਵਰਗ ਨੂੰ ਨਿਰਾਸ਼ ਕੀਤਾ ਹੈ ਉੱਥੇ ਇਸ ਬਜਟ ਨਾਲ ਪੰਜਾਬ ਦੇ ਹੱਥ ਬਿਲਕੁਲ ਹੀ ਨਿਰਾਸ਼ਾ ਲੱਗੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਹਲਕਾ ਖਡੂਰ ਸਾਹਿਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਨੂੰ ਬਹੁਤ ਉਮੀਦਾਂ ਸਨ ਕਿ ਕੇਂਦਰ ਸਰਕਾਰ ਵੱਲੋਂ ਬਜਟ ਵਿੱਚ ਪੰਜਾਬ ਲਈ ਵਿਸ਼ੇਸ਼ ਐਲਾਨ ਕੀਤਾ ਜਾਵੇਗਾ।ਪਿਛਲੇ ਦਿਨੀਂ ਪੰਜਾਬ ਹੜ੍ਹਾਂ ਦੀ ਮਾਰ ਹੇਠ ਆਇਆ ਸੀ ਜਿਸ ਵਿੱਚ ਕਿਸਾਨਾਂ ਨੂੰ ਲੱਖਾਂ ਦਾ ਨੁਕਸਾਨ ਹੋਇਆ ਹੈ, ਉਮੀਦ ਸੀ ਕਿ ਬਜਟ ਪੰਜਾਬ ਦੀ ਕਿਸਾਨੀ ਦੀ ਬਾਂਹ ਫੜੇਗਾ, ਪ੍ਰੰਤੂ ਅਜਿਹਾ ਬਜਟ ਵਿੱਚ ਕੁਝ ਵੀ ਨਹੀਂ ਜਿਸ ਨਾਲ ਕਿਸਾਨ ਖੁਸ਼ਹਾਲ ਹੋ ਸਕੇ। ਪੰਜਾਬ ਦੇ ਲੱਖਾਂ ਨੌਜਵਾਨਾਂ ਲਈ ਵੀ ਬਜਟ ਵਿੱਚ ਕੋਈ ਸਕੀਮ ਨਜ਼ਰ ਨਹੀਂ ਆਉਂਦੀ ਜਿਸ ਨਾਲ ਰੁਜ਼ਗਾਰ ਦੇ ਵਸੀਲੇ ਪੈਦਾ ਹੋ ਸਕਣ, ਨੌਜਵਾਨ ਆਪਣਾ ਕੋਈ ਕਾਰੋਬਾਰ ਚਲਾ ਸਕਣ ਦੇ ਸਮਰੱਥ ਹੋ ਜਾਣ।ਛੋਟੇ ਦੁਕਾਨਦਾਰਾਂ, ਵਪਾਰੀਆਂ ਲਈ ਵੀ ਬਜਟ ਵਿੱਚ ਕੁਝ ਨਹੀਂ ਰੱਖਿਆ ਗਿਆ ਜਿਸ ਨਾਲ ਪੰਜਾਬ ਵਿੱਚ ਉਦਯੋਗਿਕ ਖੇਤਰ ਨੂੰ ਕੋਈ ਹੁਲਾਰਾ ਮਿਲ ਸਕੇ।ਕੇਂਦਰ ਸਰਕਾਰ ਵੱਲੋਂ ਜੋ ਬਜਟ ਪੇਸ਼ ਕੀਤਾ ਹੈ ਉਸ ਨਾਲ ਹਰ ਵਰਗ ਹੀ ਨਿਰਾਸ਼ ਹੈ।

## ਕੇਂਦਰੀ ਬਜਟ ਦੇਸ਼ ਦੇ ਵਿਕਾਸ ਤੇ ਆਮ ਵਰਗ ਦੇ ਹੱਕ 'ਚ ਇਤਿਹਾਸਕ ਕਦਮ: ਆਰ. ਕੇ. ਨਡਾਲਾ

ਗੁਰਦਾਸਪੁਰ, (ਜਨਕ ਮਹਾਜਨ)-ਕੇਂਦਰ ਸਰਕਾਰ ਵਲੋਂ ਪੇਸ਼ ਕੀਤਾ ਗਿਆ ਕੇਂਦਰੀ ਬਜਟ ਦੇਸ਼ ਨੂੰ ਵਿਕਾਸ ਦੀ ਨਵੀਂ ਦਿਸ਼ਾ ਦੇਣ ਵਾਲਾ ਅਤੇ ਹਰ ਵਰਗ ਦੀ ਭਲਾਈ ਨੂੰ ਸਮਰਪਿਤ ਹੈ। ਇਹ ਗੱਲ ਸਥਾਨਕ ਨੇਤਾ ਆਰ.ਕੇ. ਨਡਾਲਾ ਐਡਵੋਕੇਟ ਵਿਧਾਨ ਸਭਾ ਦੀਨਾਨਗਰ ਨੇ ਬਜਟ 'ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਕਹੀ। ਆਰ. ਕੇ. ਨਡਾਲਾ ਨੇ ਕਿਹਾ ਕਿ ਇਹ ਬਜਟ ਗਰੀਬ, ਕਿਸਾਨ, ਮੱਧ ਵਰਗ, ਨੌਜਵਾਨਾਂ ਅਤੇ ਮਹਿਲਾਵਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰਦਾ ਹੈ। ਕਿਸਾਨਾਂ ਲਈ ਖੇਤੀਬਾੜੀ ਖੇਤਰ ਵਿੱਚ ਵਧੇਰੇ ਨਿਵੇਸ਼ ਕਰਕੇ ਪਿੰਡਾਂ ਦੀ ਅਰਥਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ ਜਿਸ ਨਾਲ ਕਿਸਾਨਾਂ ਦੀ ਆਮਦਨ ਵਧੇਗੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ ਸਿੱਖਿਆ, ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ 'ਤੇ ਖਾਸ ਧਿਆਨ ਦਿੱਤਾ ਗਿਆ ਹੈ। ਸਟਾਰਟਅਪ ਅਤੇ ਐੱਮਐੱਸਐੱਮਈ ਖੇਤਰ ਨੂੰ ਮਿਲਣ ਵਾਲੇ ਉਤਸ਼ਾਹ ਨਾਲ ਦੇਸ਼ ਵਿੱਚ ਵੱਡੀ ਗਿਣਤੀ ਵਿੱਚ ਨੌਕਰੀਆਂ ਸਿਰਜੀਆਂ ਜਾਣਗੀਆਂ। ਆਰ. ਕੇ. ਨਡਾਲਾ ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ, ਸਿਹਤ, ਬੁਨਿਆਦੀ ਢਾਂਚੇ, ਡਿਜੀਟਲ ਇੰਡੀਆ ਅਤੇ ਹਰੀ ਊਰਜਾ ਲਈ ਕੀਤੇ ਗਏ ਐਲਾਨ ਸਪੱਸ਼ਟ ਕਰਦੇ ਹਨ ਕਿ ਇਹ ਬਜਟ ਭਵਿੱਖ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਗਿਆ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਬਜਟ ਵਿਕਾਸ, ਵਿਸ਼ਵਾਸ ਅਤੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ ਤੇ 2047 ਤੱਕ ਭਾਰਤ ਨੂੰ ਵਿਸ਼ਵ ਗੁਰੂ ਬਣਾਉਣ ਵੱਲ ਇੱਕ ਮਜ਼ਬੂਤ ਕਦਮ ਹੈ।

## ਹਰੀਆਂ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ ਤੇ ਲੰਗਰ ਲਗਾਏ

ਮਜੀਠਾ (ਸੋਇਮ ਆਨੰਦ)-ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪਿੰਡ ਹਰੀਆਂ ਵਿਖੇ ਕੁਲਦੀਪ ਸਿੰਘ ਅਤੇ ਸੁਨੀਲ ਸਿੰਘ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ



ਜਿਸ ਵਿੱਚ ਸ੍ਰੀ ਸੁਖਮਨੀ ਸਹਿਬ ਦੇ ਪਾਠ ਦੇ ਭੋਗ ਤੋਂ ਉਪਰੰਤ ਭਗਤ ਰਵਿਦਾਸ ਜੀ ਦੀ ਜੀਵਨੀ 'ਤੇ ਚਾਨਣਾ ਪਾਇਆ ਗਿਆ।ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਵੀ ਵਰਤਾਏ ਗਏ।ਇਸ ਮੌਕੇ ਗੋਲਡੀ ਰਣਜੀਤ ਸਿੰਘ ਪੰਨੂੰ, ਭਾਈ ਦੇਸਾ ਸਿੰਘ, ਜਥੇਦਾਰ ਅਮਰੀਕ ਸਿੰਘ, ਈਸ਼ਰ ਦਾਸ, ਕੁਲਦੀਪ ਸਿੰਘ, ਗੁਰਬਚਨ ਰਾਏ, ਜੋਤੀ ਕੁੰਦਨ ਲਾਲ, ਤਿਲਕ ਰਾਜ , ਸੁਨੀਲ ਸਿੰਘ, ਰਘਪਾਲ ਸਿੰਘ ਬਿੱਟੂ, ਬਖਤੌਰ ਸਿੰਘ, ਰਾਜ ਕੁਮਾਰ, ਮਨਪ੍ਰੀਤ ਸਿੰਘ, ਰਘਪਾਲ ਸਿੰਘ ਸੋਨੀ, ਰਮੇਸ਼ ਕੁਮਾਰ, ਮੰਗਲ ਸਿੰਘ, ਸੁਖਦੇਵ ਸਿੰਘ, ਸੋਨਾ ਬਾਬਾ, ਗਗਨਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਗਾਇਕ ਨਵਲ ਵਰਮਾ ਦੇ ਭਜਨਾਂ 'ਤੇ ਝੂਮੇ ਸ਼ਰਧਾਲੂ

ਛੇਹਰਟਾ, (ਮਨੋਜ ਕੁਮਾਰ)-ਮਾਂ ਚਿੰਤਪੂਰਨੀ ਸੇਵਕ ਸਭਾ ਵੱਲੋਂ ਮਹੀਨਾਵਾਰ ਕੀਰਤਨ ਮਾਤਾ ਚਿੰਤਪੂਰਨੀ ਮੰਦਰ, ਨਮਕ ਮੰਡੀ ਵਿਖੇ ਕੀਤਾ ਗਿਆ, ਜਿਸ ਵਿਚ ਪ੍ਰਸਿੱਧ ਭਜਨ ਗਾਇਕ ਨਵਲ ਕੁਮਾਰ ਵਰਮਾ ਨੇ ਮਾਂ ਦੀ ਉਸਤਤ ਵਿਚ ਭਜਨ ਗਾਏ। ਇਸ ਧਾਰਮਿਕ



ਇਕੱਠ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਤੇ ਮਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪੂਰਾ ਮੰਦਰ ਕੰਪਲੈਕਸ ਮਾਂ ਚਿੰਤਪੂਰਨੀ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਗਾਇਕ ਨਵਲ ਵਰਮਾ ਨੇ ਆਪਣੇ ਸੁਰੀਲੇ ਭਜਨਾਂ ਨਾਲ ਸ਼ਰਧਾਲੂਆਂ ਨੂੰ ਝੂਮਣ ਲਾ ਦਿੱਤਾ। ਇਸ ਮੌਕੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਟੀਮ ਦੇ ਮੈਂਬਰ ਅਨੁਜ ਖੇਮਕਾ ਨੂੰ ਪ੍ਰਸਿੱਧ ਗਾਇਕ ਸਮੂਹ ਨਵਲ ਵਰਮਾ ਤੇ ਉਨ੍ਹਾਂ ਦੀ ਟੀਮ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ, ਸਮਾਜ ਸੇਵੀ ਅਨੁਜ ਖੇਮਕਾ, ਮੁਕੇਸ਼ ਕੁਮਾਰ, ਰਾਜਨ ਸ਼ਾਹ, ਗੁੱਲੂ, ਅਰੁਣ ਚੌਧਰੀ, ਕਪੀਸ਼ ਖੇਮਕਾ, ਸਿਧਾਰਥ ਅਗਰਵਾਲ, ਕ੍ਰਿਸ਼ਨਾ ਨਈਅਰ, ਸਮਾਜ ਸੇਵਕ ਅਸ਼ਵਨੀ ਜੋਸ਼ੀ, ਸੰਜੀਵ ਸੇਠੀਆ, ਕ੍ਰਿਸ਼ਨਾ ਨਈਅਰ ਨੇ ਵੀ ਕੀਰਤਨ ਸਮਾਗਮ ਵਿਚ ਹਿੱਸਾ ਲਿਆ।

# ਰੋਸ ਵਜੋਂ ਕੇਂਦਰੀ ਬਜਟ ਦੀਆਂ ਕਾਪੀਆਂ ਸਾੜੀਆਂ

ਛੇਹਰਟਾ, (ਮਨੋਜ ਕੁਮਾਰ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ ਤੇ ਸੀਟੂ ਦੇ ਵਰਕਰਾਂ ਨੇ ਕੇਂਦਰੀ ਮੰਤਰੀ ਵੱਲੋਂ ਪੇਸ਼ ਬਜਟ ਦੀਆਂ ਕਾਪੀਆਂ ਸਾੜ ਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਦੀ ਅਗਵਾਈ ਕਾਮਰੇਡ ਜਸਬੀਰ ਸਿੰਘ ਝਬਾਲ, ਸਵਿੰਦਰ ਸਿੰਘ ਮੀਰਾਂਕੋਟ ਤੇ ਕਾਮਰੇਡ ਸੁੱਚਾ ਸਿੰਘ ਅਜਨਾਲਾ



ਨੇ ਕੀਤੀ। ਵੱਖ-ਵੱਖ ਬੁਲਾਰਿਆਂ ਨੇ ਕੇਂਦਰੀ ਬਜਟ ਨੂੰ ਲੋਕ, ਕਿਸਾਨ ਤੇ ਮਜ਼ਦੂਰ ਵਿਰੋਧੀ ਦੱਸਿਆ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਮਹਿੰਗਾਈ ਕਰਕੇ ਪਹਿਲਾਂ ਹੀ ਲੋਕਾਂ ਦੀ ਮਾੜੀ ਹਾਲਤ ਹੈ। ਇਸ ਬਜਟ ਦੇ ਪਾਸ ਹੋਣ ਨਾਲ ਮਿਹਨਤੀ ਲੋਕਾਂ ਦੀ ਹਾਲਤ ਹੋਰ ਤਰਸਯੋਗ ਹੋ ਜਾਵੇਗੀ। ਇਸ ਮੌਕੇ ਸੰਬੋਧਨ ਕਰਦਿਆਂ ਕਾਮਰੇਡ ਗੁਰਨਾਮ ਸਿੰਘ ਪ੍ਰਧਾਨ ਖੇਤ ਮਜ਼ਦੂਰ ਯੂਨੀਅਨ, ਭੁਪਿੰਦਰਜੀਤ ਛੀਨਾ ਕੁੱਲ ਹਿੰਦ ਕਿਸਾਨ ਸਭਾ, ਕਿਰਪਾ ਰਾਮ, ਵਿਜੇ ਕੁਮਾਰ, ਸਰੋਜ ਬਾਲਾ, ਕਵਲਜੀਤ ਐਡਵੋਕੇਟ ਸੀਟੂ ਨੇ ਕਿਹਾ ਕਿ ਇਹ ਬਜਟ ਨਾ ਮੁਲਾਜ਼ਮਾਂ, ਨਾ ਮਜ਼ਦੂਰਾਂ ਤੇ ਨਾ ਹੀ ਕਿਸਾਨਾਂ ਪੱਖੀ ਹੈ। ਇਹ ਬਜਟ ਕਾਰਪੋਰੇਟ ਘਰਾਣਿਆਂ ਪੱਖੀ ਹੈ। ਇਸ ਵਿਰੁੱਧ ਲੜਾਈ ਜਾਰੀ ਰਹੇਗੀ ਤੇ ਮਜ਼ਦੂਰ ਸਮਾਜ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਕਰਕੇ ਇਸ ਦਾ ਮੂੰਹ ਤੋੜ ਜਵਾਬ ਦੇਵੇਗੀ। ਇਸ ਮੌਕੇ ਸਾਥੀ ਬਲਵਿੰਦਰ ਸਿੰਘ, ਜਗੀਰ ਸਿੰਘ, ਸਤਨਾਮ ਸਿੰਘ, ਕੰਵਲਜੀਤ ਕੌਰ, ਤਰਸੇਮ ਟਪਿਆਲਾ, ਸੁਖਦੇਵ ਸਿੰਘ ਬਰੀਕੀ, ਪ੍ਰਤਾਪ ਸਿੰਘ ਖਾਪੜ ਖੇੜੀ, ਕੁਲਦੀਪ ਸਿੰਘ, ਜਗਜੀਤ ਸਿੰਘ, ਜਸਪਾਲ, ਸਰਵਨ ਸਿੰਘ ਤਰਸਿੱਕਾ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।

## ਮਾਤਾ ਆਰਤੀ ਦੇਵਾ ਵੱਲੋਂ ਸੰਕੀਰਤਨ 5 ਨੂੰ

ਅੰਮ੍ਰਿਤਸਰ (ਅਰੋੜਾ): ਪਰਮ ਪੂਜਨ ਮਾਤਾ ਲਾਲ ਦਵਾਨੀ ਦੇ ਜਨਮ ਉਤਸਵ ਮੌਕੇ ਰੋਸ਼ਨਾ ਹੋਣ ਵਾਲੇ ਸੰਕੀਰਤਨ ਦੀ ਲੜੀ ਤਹਿਤ ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਕਰਤਾਰ ਨਗਰ, ਛੇਹਰਟਾ ਵਾਲਿਆਂ ਵੱਲੋਂ ਲਾਲ ਭਵਨ ਮੰਦਰ ਵਿਖੇ ਸੰਕੀਰਤਨ 05 ਫਰਵਰੀ ਦਿਨ ਵੀਰਵਾਰ ਨੂੰ ਸ਼ਾਮ 05 ਤੋਂ 08 ਵਜੇ ਤੱਕ ਸੰਪੰਨ ਹੋਵੇਗਾ।ਆਰਤੀ ਸ਼ਿਵ ਦੁਰਗਾ ਮੰਦਰ ਤੋਂ ਸਮੂਹ ਸੰਗਤ ਅਤੇ ਭਗਤਜਨ ਮਾਤਾ ਆਰਤੀ ਦੇਵਾ ਦੇ ਨਾਲ ਲਾਲ ਭਵਨ ਮਾਡਲ ਟਾਊਨ ਰਾਣੀ ਕਾ ਬਾਗ ਦੇ ਲਈ ਰਵਾਨਾ ਹੋਣਗੇ।ਆਰਤੀ ਸ਼ਿਵ ਦੁਰਗਾ ਮੰਦਰ ਦੇ ਮੁੱਖ ਸੇਵਕ ਸੁਮਿਤ ਸ਼ਾਸਤਰੀ ਨੇ ਸਮੂਹ ਨਗਰ ਨਿਵਾਸੀਆਂ, ਭਗਤਜਨਾਂ ਅਤੇ ਸੰਗਤ ਨੂੰ ਨਿਵੇਦਨ ਕੀਤਾ ਕਿ ਉਹ ਇਸ ਵਿਸ਼ਾਲ ਸੰਕੀਰਤਨ ਵਿੱਚ ਸ਼ਾਮਿਲ ਹੋ ਕੇ ਪ੍ਰਭੂ ਰੂਪ ਮਾਤਾ ਲਾਲ ਦਵਾਨੀ ਦਾ ਆਸ਼ੀਰਵਾਦ ਪ੍ਰਾਪਤ ਕਰਕੇ ਆਪਣਾ ਜੀਵਨ ਸਫ਼ਲ ਬਣਾਉਣ।ਉਨ੍ਹਾਂ ਨੇ ਦੱਸਿਆ ਕਿ ਇਸ ਦਾ ਸਿੱਧਾ ਪ੍ਰਸਾਰਣ ਚੈਨਲ ਨੰਬਰ 242 'ਤੇ ਹੋਵੇਗਾ।ਸਮੂਹ ਸੰਗਤ ਆਪਣੇ ਆਪਣੇ ਨਿਵਾਸ ਸਥਾਨ 'ਤੇ ਬੈਠੀ ਸ਼ਰਧਾ ਭਾਵਨਾ ਨਾਲ ਸਿੱਧੇ ਪ੍ਰਸਾਰਣ ਦਾ ਆਨੰਦ ਉਠਾਵੇ।

## ਬਾਬਾ ਹਰੀ ਸਿੰਘ ਤੇ ਬਾਬਾ ਹਰਬੰਸ ਸਿੰਘ ਰਿਖੀ ਦੀ ਯਾਦ 'ਚ ਤਿੰਨ ਦਿਨਾ ਸਮਾਗਮ ਅੱਜ ਤੋਂ

ਮਜੀਠਾ (ਸੋਇਮ ਆਨੰਦ)-ਸ੍ਰੀਮਾਨ ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਵੱਲੋਂ ਵਰਸੋਏ ਸੰਤ ਬਾਬਾ ਹਰੀ ਸਿੰਘ ਤੇ ਸੰਤ ਬਾਬਾ ਹਰਬੰਸ ਸਿੰਘ ਰਿਖੀ ਦੀ ਸਾਲਾਨਾ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ ਗੁਰਦੁਆਰਾ ਸੰਤਤਸਰ ਬੋਗੇਵਾਲ, ਕੱਟੜਾ ਪੀੜ੍ਹ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਕਰਨੈਲ ਸਿੰਘ, ਬਾਬਾ ਸਤਨਾਮ ਸਿੰਘ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਤਿੰਨ, ਚਾਰ ਫਰਵਰੀ ਸ਼ਾਮ ਅਤੇ ਪੰਜ ਫਰਵਰੀ ਨੂੰ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਸਬੰਧੀ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਬਾਬਾ ਹਰੀ ਸਿੰਘ ਦੀ ਯਾਦ ਵਿਚ ਪਿੰਡ-ਪਿੰਡ ਜਾ ਕੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਜਾ ਰਿਹਾ ਹੈ ਅਤੇ ਸਮਾਗਮ ਸਬੰਧੀ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਸਬੰਧੀ ਬਾਬਾ ਕਰਨੈਲ ਸਿੰਘ ਤੇ ਬਾਬਾ ਸਤਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤਿੰਨ ਅਤੇ ਚਾਰ ਫਰਵਰੀ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਭਾਰੀ ਦਿਵਾਨ ਸਜਾਏ ਜਾਣਗੇ ਜਿਸ ਵਿੱਚ ਤਿੰਨ ਫਰਵਰੀ ਨੂੰ ਰਾਤ ਦੇ ਦਿਵਾਨ ਵਿੱਚ ਪੰਥ ਪ੍ਰਸਿੱਧ ਛੋਟੇ ਬੱਚਿਆਂ ਦੇ ਕੀਰਤਨੀ ਜਥੇ ਵੱਲੋਂ ਦਿਵਾਨ ਦੀ ਆਰੰਭਤਾ ਕੀਤੀ ਜਾਵੇਗੀ। ਉਪਰੰਤ ਭਾਈ ਹਰਜਿੰਦਰ ਸਿੰਘ ਚੰਡੇ ਦੇ



ਢਾਡੀ ਜਥੇ ਵੱਲੋਂ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।ਚਾਰ ਫਰਵਰੀ ਨੂੰ ਸ਼ਾਮ ਦੇ ਦਿਵਾਨ ਵਿੱਚ ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਕਥਾਵਾਚਕ ਭਾਈ ਸਰਬਜੀਤ ਸਿੰਘ ਢੋਟੀਆਂ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਜਾਵੇਗਾ।ਪੰਜ ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਚੱਲ ਰਹੀ ਲੜੀ ਦੇ ਭੋਗਾਂ ਤੋਂ ਉਪਰੰਤ ਦਿਨ ਦੇ ਦਿਵਾਨ ਵਿੱਚ ਗੁਰਦੁਆਰਾ ਪ੍ਰਭ ਮਿਲਣੈ ਕਾ ਚਾਉ ਮੋਗਾ ਦੇ ਭਾਈ ਸਾਹਬ ਸਿੰਘ ਤਰਮਾਲਾ, ਭਾਈ ਬਲਬੀਰ ਸਿੰਘ ਤਰਮਾਲਾ ਅਤੇ ਉਨ੍ਹਾਂ ਦੇ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਸਭਿਆਂ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ।ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਵੀ ਵਰਤਾਏ ਜਾਣਗੇ।ਇਸ ਮੌਕੇ ਗੁੰਥੀ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

# ਪਿਛਲੇ ਚਾਰ ਸਾਲਾਂ 'ਚ ਕਰਵਾਏ ਵਿਕਾਸ ਕਾਰਜਾਂ ਨੇ ਬਟਾਲਾ ਸ਼ਹਿਰ ਦੀ ਨੁਹਾਰ ਬਦਲੀ: ਸ਼ੈਰੀ ਕਲਸੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਨਗਰ ਨਿਗਮ ਬਟਾਲਾ ਦੇ ਦਫਤਰ ਵਿਖੇ ਲੋਕ ਮਿਲਣੀ ਦੌਰਾਨ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਬਟਾਲਾ ਸ਼ਹਿਰ 'ਚ ਪਿਛਲੇ ਚਾਰ ਸਾਲਾਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇੱਕ ਛੱਤ ਹੇਠਾਂ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਮੁੱਖ ਮੰਤਰੀ ਪੰਜਾਬ ਵੱਲੋਂ ਉਦਘਾਟਨ ਕਰਕੇ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ, ਜਿੱਥੇ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਇਸ ਤਰ੍ਹਾਂ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਕਾਂ ਨੂੰ ਚੌੜਿਆਂ ਕਰਕੇ ਖ਼ੂਬਸੂਰਤ ਦਿੱਖ ਦਿੱਤੀ ਗਈ ਹੈ।ਸ਼ਹਿਰ ਵਿੱਚ ਲਾਇਬ੍ਰੇਰੀ ਦੀ ਉਸਾਰੀ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀਂ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ।ਸ਼ਹਿਰ ਵਾਸੀਆਂ



ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਕਰਵਾਇਆ ਗਿਆ ਹੈ।ਇਸ ਤੋਂ ਇਲਾਵਾ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।ਇਸ ਮੌਕੇ ਐੱਸਡੀਐੱਮ, ਰੋਹਿਤ ਉੱਪਲ, ਐਮਡੀ ਕਲਸੀ, ਐੱਮਸੀ ਬਲਵਿੰਦਰ ਸਿੰਘ ਮਿੰਟਾ, ਬਿਕਰਮਜੀਤ ਸਿੰਘ ਬਿੱਕਾ, ਪ੍ਰਧਾਨ ਵੀਨੂੰ ਕਾਹਲੋਂ, ਭੁਪਿੰਦਰ ਸਿੰਘ, ਦਵਿੰਦਰ ਸਿੰਘ, ਅਮਿਤ ਸੋਢੀ ਸਮੇਤ ਵੱਖ-ਵੱਖ ਸ਼ਖਸੀਅਤਾਂ ਮੌਜੂਦ ਸਨ।

# ਵਿਧਾਇਕ ਰੰਧਾਵਾ ਨੇ ਸ਼ਾਹਪੁਰ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਕੀਤੀਆਂ ਹੱਲ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਇਤਿਹਾਸਕ ਅਤੇ ਧਾਰਮਿਕ ਹਲਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਆਪਣੇ ਪਿੰਡ ਸ਼ਾਹਪੁਰ ਜਾਜਨ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਤੇ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਰਾਜ ਅੰਦਰ ਚਹੁੰਪੱਖੀ ਵਿਕਾਸ ਕਾਰਜਾਂ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜਾਂ ਵਿਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਹਲਕੇ



ਡੇਰਾ ਬਾਬਾ ਨਾਨਕ ਅੰਦਰ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਦੇ ਸੁਚਾਰੂ ਢੰਗ ਨਾਲ ਕਰਵਾਏ ਜਾ ਰਹੇ ਹਨ ਅਤੇ ਉਹ ਲੋਕਾਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹਨ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਆਪ ਪਾਰਟੀ ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਉਨ੍ਹਾਂ ਦੱਸਿਆ ਕਿ ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖ਼ਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ।ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਅਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਵਿਧਾਇਕ ਰੰਧਾਵਾ ਨੇ ਦੱਸਿਆ ਕਿ ਇਸ ਸਕੀਮ ਵਿੱਚ 2356 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ, ਜਦੋਂ ਕਿ ਪਹਿਲਾਂ ਇਹ ਸਿਰਫ 1600 ਸਨ।ਇਸ ਸਿਹਤ ਯੋਜਨਾ ਅਧੀਨ ਆਰਥੋਪੈਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਸਮੇਤ ਹੋਰ ਵਿਸ਼ੇਸ਼ ਇਲਾਜ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ।

## ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਅਗਨੀਵੀਰ ਭਰਤੀ ਰੈਲੀ 5 ਤੋਂ 20 ਮਾਰਚ ਤੱਕ

ਗੁਰਦਾਸਪੁਰ, (ਜਨਕ ਮਹਾਜਨ)-ਭਾਰਤੀ ਫੌਜ ਭਰਤੀ ਦਫ਼ਤਰ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ 5 ਤੋਂ 20 ਮਾਰਚ ਤੱਕ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਅਗਨੀਵੀਰ ਭਰਤੀ ਰੈਲੀ ਦਾ ਕਰਵਾ ਰਿਹਾ ਹੈ। ਇਸ ਭਰਤੀ ਰੈਲੀ ਵਿਚ ਅਗਨੀਵੀਰ ਜਨਰਲ ਡਿਊਟੀ



ਅਗਨੀਵੀਰ ਟੈਕਨੀਕਲ ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਦੀ ਭਰਤੀ ਕੀਤੀ ਜਾਵੇਗੀ। ਇਸ ਭਰਤੀ ਰੈਲੀ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਐੱਸਡੀਐੱਮ ਗੁਰਦਾਸਪੁਰ ਅਨੁਪ੍ਰੀਤ ਕੌਰ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਨਲ ਜੇਮਜ਼ ਜੈਕਬ ਡਾਇਰੈਕਟਰ ਭਰਤੀ ਦਫ਼ਤਰ ਸੂਬੇਦਾਰ ਮੇਜਰ ਜੋਤ ਸਿੰਘ, ਓਐਸਡੀ ਗੁਰਵਿੰਦਰ ਲਾਲ, ਰਵਿੰਦਰਪਾਲ ਸਿੰਘ ਪੀਸੀਐੱਸ ਅਧਿਕਾਰੀ, ਜਸਪ੍ਰੀਤ ਸਿੰਘ, ਡਾ. ਗੁਰਪ੍ਰੀਤ ਕੌਰ, ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ, ਜ਼ਿਲ੍ਹਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਦੌਰਾਨ ਕਰਨਲ ਜੇਮਜ਼ ਜੈਕਬ ਡਾਇਰੈਕਟਰ ਭਰਤੀ ਦਫ਼ਤਰ ਅੰਮ੍ਰਿਤਸਰ ਨੇ ਕਿਹਾ ਕਿ ਇਸ ਗੁਰਦਾਸਪੁਰ ਭਰਤੀ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ, ਮੈਡੀਕਲ ਤੰਦਰੁਸਤੀ ਦੇ ਨਾਲ-ਨਾਲ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ। ਇਸ ਮੌਕੇ ਐੱਸਡੀਐੱਮ ਗੁਰਦਾਸਪੁਰ ਅਨੁਪ੍ਰੀਤ ਕੌਰ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਸ ਭਰਤੀ ਰੈਲੀ ਨੂੰ ਸਫਲ ਬਣਾਉਣ ਲਈ ਆਪਣੇ ਨਿਰਧਾਰਤ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਭਰਤੀ ਰੈਲੀ ਵਿਚ ਭਰਤੀ ਫੌਜ ਨੂੰ ਪੂਰਾ ਸਹਿਯੋਗ ਦੇਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਸ ਭਰਤੀ ਰੈਲੀ ਵਿੱਚ ਪਹੁੰਚ ਸਕਣ ਅਤੇ ਭਰਤੀ ਹੋ ਕੇ ਆਪਣੇ ਦੇਸ਼ ਦੀ ਸੇਵਾ ਕਰ ਸਕਣ।

## ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਕੱਸਿਆ ਹੋਰ ਸ਼ਿਕੰਜਾ, ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਜ਼ਿਲ੍ਹਾ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਸ਼ਿਕੰਜਾ ਕਸਦਿਆਂ ਵੱਖ-ਵੱਖ ਨਸ਼ਾ ਤਸਕਰਾਂ ਨੂੰ ਨਸ਼ੇ ਸਮੇਤ ਕਾਬੂ ਕੀਤਾ ਹੈ। ਜਾਣਕਾਰੀ ਅਨੁਸਾਰ ਥਾਣਾ ਕਲਾਨੌਰ ਦੇ ਏਐੱਸਆਈ ਸੰਜੀਵ ਕੁਮਾਰ ਨੇ ਸਮੇਤ ਪੁਲਸ ਪਾਰਟੀ ਕਲਾਨੌਰ ਤੋਂ ਰਣਜੀਤ ਸਿੰਘ ਪੁੱਤਰ ਕਾਲੀ ਵਾਸੀ ਘੁੰਮਣ ਕਲਾਂ ਕੋਲੋਂ 5 ਗਰਾਮ 70 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਸਿਟੀ ਗੁਰਦਾਸਪੁਰ ਦੇ ਐੱਸਆਈ ਮੋਹਣ ਲਾਲ ਨੇ ਗੁਰਦਾਸਪੁਰ ਤੋਂ ਅੰਕੁਸ਼ ਮਹਾਜਨ ਉਰਫ ਹਨੀ ਪੁੱਤਰ ਅਸ਼ੋਕ ਕੁਮਾਰ ਵਾਸੀ ਗੁਰਦਾਸਪੁਰ ਨੂੰ ਕਾਬੂ ਕਰਕੇ ਉਸ ਕੋਲੋਂ 5 ਗਰਾਮ 300 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਕਾਹਨੂੰਵਾਨ ਦੇ ਏਐੱਸਆਈ ਅਜੀਤ ਚੰਦ ਨੇ ਅੰਮ੍ਰਿਤਪਾਲ ਸਿੰਘ ਉਰਫ ਸੰਨੂੰ ਪੁੱਤਰ ਰਤਨ ਸਿੰਘ ਵਾਸੀ ਜ਼ਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਤੁਗਲਵਾਲ ਨੂੰ ਕਾਬੂ ਕਰਕੇ 6 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਸਦਰ ਗੁਰਦਾਸਪੁਰ ਪੁਲਿਸ ਦੇ ਐੱਸਆਈ ਰਜੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਮਨਪ੍ਰੀਤ ਸਿੰਘ ਉਰਫ ਕਾਲਾ ਪੁੱਤਰ ਬਲਕਾਰ ਸਿੰਘ ਵਾਸੀ ਜੌੜਾ ਛੱਤਰਾਂ ਤੋਂ 6 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਬਹਿਰਾਮਪੁਰ ਦੇ ਏਐੱਸਆਈ ਨਿਸ਼ਾਨ ਰਾਜ ਨੇ ਮੁਖਬਰ ਖਾਸ ਦੀ ਇਤਲਾਹ 'ਤੇ ਇੰਦਰਜ਼ ਕੁਮਾਰੀ ਪਤਨੀ ਪ੍ਰੇਮ ਚੰਦ ਵਾਸੀ ਸਾਂਗੀਆਂ ਮੁਹੱਲਾ ਬਹਿਰਾਮਪੁਰ ਦੇ ਘਰ ਰੇਡ ਕਰਕੇ ਕਥਿਤ ਦੋਸ਼ਣ ਔਰਤ ਨੂੰ 6750 ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਬਹਿਰਾਮਪੁਰ ਦੇ ਐੱਚਸੀ. ਸੋਨੀ ਥੋੜ ਨੇ ਸਮੇਤ ਪੁਲਸ ਪਾਰਟੀ ਰਜੇਸ਼ ਕੁਮਾਰ ਉਰਫ ਜੱਗੀ ਪੁੱਤਰ ਸਲਿੰਦਰ ਕੁਮਾਰ ਵਾਸੀ ਸਾਂਗੀਆਂ ਮੁਹੱਲਾ ਬਹਿਰਾਮਪੁਰ ਜੋ ਸ਼ੱਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ। ਉਸ ਪਾਸੋਂ ਇਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਇਨ੍ਹਾਂ ਸਾਰੇ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਚੱਕ ਸ਼ਰੀਫ ਦੀ ਸੰਗਤ ਨੇ ਢਾਡੀ ਸਿੰਘਾਂ ਨੂੰ ਕੀਤਾ ਸਨਮਾਨਿਤ

ਕਾਦੀਆਂ (ਯਾਦਵਿੰਦਰ ਸਿੰਘ ਮਲੋਰਤਾ)-ਸਿੱਖ ਪੰਥ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਬਾਬਾ ਮੱਖਣ ਸ਼ਾਹ ਲੁਬਾਣਾ ਦੀ ਚਰਨਛੋਹ ਧਰਤੀ ਚੱਕ ਸ਼ਰੀਫ ਦੀ ਸੰਗਤ ਅਤੇ ਪਿੰਡ ਦੇ ਐਨਆਰਆਈ ਵੀਰਾਂ ਵੱਲੋਂ ਸਚਨਦੀਪ ਸਿੰਘ ਸੋਹਲ ਪ੍ਰਸਿੱਧ ਢਾਡੀ ਜਥਾ ਨੂੰ ਕਾਰ ਦੇ ਸਨਮਾਨਿਤ ਕੀਤਾ ਗਿਆ।



ਸੰਗਤ ਨੇ ਦੱਸਿਆ ਕਿ ਭਾਈ ਸਚਨਦੀਪ ਸਿੰਘ ਦੇ ਪ੍ਰਸਿੱਧ ਢਾਡੀ ਜਥਾ ਜਿਨ੍ਹਾਂ ਵਿੱਚ ਉਨ੍ਹਾਂ ਦੀਆਂ ਦੋ ਭੈਣਾਂ ਸਿਮਰਨ ਕੌਰ ਅਤੇ ਹਰਮਨ ਕੌਰ ਅਤੇ ਪਿਤਾ ਸਤਨਾਮ ਸਿੰਘ ਸੋਹਲ ਕੜਾਕੇ ਦੀ ਠੰਡ 'ਚ ਵੀ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਥਾਂ-ਥਾਂ ਸਿੱਖ ਧਰਮ ਦਾ ਪ੍ਰਚਾਰ ਅਤੇ ਪ੍ਰਸਾਰ ਕਰ ਰਹੇ ਹਨ।ਉਨ੍ਹਾਂ ਦੀ ਸੇਵਾ ਭਾਵਨਾ ਨੂੰ ਦੇਖਦੇ ਹੋਏ ਪਿੰਡ ਦੇ ਗੁਰਦੁਆਰਾ ਸਾਹਿਬ ਦੀਆਂ ਲੋਕਲ ਪ੍ਰਬੰਧਕ ਕਮੇਟੀਆਂ, ਪਿੰਡ ਵਾਸੀ ਸੰਗਤ ਤੇ ਐਨਆਰਆਈ ਵੱਲੋਂ ਇਹ ਸਨਮਾਨ ਦਿੱਤਾ ਗਿਆ। ਇਸ ਮੌਕੇ ਪ੍ਰਸਿੱਧ ਕਵੀਸ਼ਰ ਭਾਈ ਸਚਨਦੀਪ ਸਿੰਘ ਸੋਹਲ ਨੇ ਦੱਸਿਆ ਕਿ ਅਸੀਂ ਚੱਕ ਸ਼ਰੀਫ ਦੀ ਸੰਗਤ, ਐਨਆਰਆਈ ਵੀਰਾਂ ਦੇ ਧੰਨਵਾਦੀ ਹਾਂ ਜਿਨ੍ਹਾਂ ਨੇ ਸਾਡੇ ਜਥੇ ਨੂੰ ਇਨਾਂ ਵੱਡਾ ਮਾਣ ਬਖਸ਼ਿਆ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਜ਼ੱਥਾ ਕੁਰਾਹੇ ਪਈ ਸਿੱਖ ਸੰਗਤ ਅਤੇ ਨੌਜਵਾਨ ਪੀੜ੍ਹੀ ਨੂੰ ਧਰਮ ਦੇ ਨਾਲ ਜੋੜਨ ਲਈ ਸਿੱਖ ਪੰਥ ਦਾ ਵੱਧ ਤੋਂ ਵੱਧ ਪ੍ਰਚਾਰ ਅਤੇ ਪ੍ਰਸਾਰ ਕਰੇਗਾ। ਇਸ ਮੌਕੇ ਗ੍ਰੰਥੀ ਗੁਰਵਿੰਦਰ ਸਿੰਘ, ਤਰਲੋਕ ਸਿੰਘ, ਦਿਲਜਤੀਤ ਸਿੰਘ, ਰਜਿੰਦਰ ਸਿੰਘ, ਅਵਤਾਰ ਸਿੰਘ, ਬਲਕਾਰ ਸਿੰਘ, ਬਲਜੀਤ ਸਿੰਘ, ਹਰਜਿੰਦਰ ਸਿੰਘ, ਗੁਰਦੀਪ ਸਿੰਘ, ਦਲਜੀਤ ਸਿੰਘ, ਜਗੀਰ ਸਿੰਘ, ਲਖਵਿੰਦਰ ਸਿੰਘ, ਜੋਗਿੰਦਰ ਸਿੰਘ ਅਤੇ ਕੁਲਦੀਪ ਸਿੰਘ ਆਦਿ ਹਾਜ਼ਰ ਸਨ।

# ਕਰਮਜੀਤ ਸਿੰਘ ਰਿੰਟੂ ਵੱਲੋਂ ਵੱਖ-ਵੱਖ ਗਲੀਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਲਈ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਵਾਰਡ ਨੰਬਰ 13 ਅਤੇ 17 ਦੇ ਸੰਧੂ ਕਲੋਨੀ, ਵਿਸ਼ਾਲ ਵਿਹਾਰ ਅਤੇ ਪ੍ਰਕਾਸ਼ ਵਿਹਾਰ ਦੇ ਖੇਤਰਾਂ ਵਿੱਚ ਗਲੀਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਗਲੀਆਂ ਵਿੱਚ ਸੀਵਰੇਜ ਸਿਸਟਮ ਦੀ ਪਹਿਲਾਂ ਮੁਰੰਮਤ ਕੀਤੀ ਗਈ ਸੀ ਅਤੇ ਹੁਣ ਗਲੀਆਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਲੋਕਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਲਈ ਮਿਲ ਰਹੇ ਹਨ।ਉਨ੍ਹਾਂ ਕਿਹਾ ਕਿ ਪ੍ਰੀ-ਮਿਕਸ ਸੜਕ ਨਿਰਮਾਣ ਦਾ ਕੰਮ ਵੀ ਮਾਰਚ ਵਿੱਚ ਸ਼ੁਰੂ ਹੋਵੇਗਾ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ, ਉਹ ਨਿੱਜੀ ਤੌਰ ਤੇ ਲੋਕਾਂ ਤੱਕ ਪਹੁੰਚ ਕਰ ਰਹੇ ਹਨ ਅਤੇ ਇਸ ਯੋਜਨਾ ਤਹਿਤ ਬੀਮਾ ਕਾਰਡਾਂ ਲਈ ਸਲਿੱਪਾਂ ਜਾਰੀ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਮੁੱਖ ਮੰਤਰੀ ਸਿਹਤ ਬੀਮਾ



ਯੋਜਨਾ ਮੁਹਿੰਮ ਸ਼ੁਰੂ ਕੀਤੀ ਗਈ ਹੈ ਅਤੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵੀ ਸਿਹਤ ਬੀਮਾ ਕਾਰਡ ਜਾਰੀ ਕਰਨਾ ਸ਼ੁਰੂ ਹੋ ਗਿਆ ਹੈ, ਜਿਸ ਤਹਿਤ ਪੰਜਾਬ ਦੇ ਹਰ ਨਾਗਰਿਕ ਨੂੰ 10 ਲੱਖ ਰੁਪਏ ਦਾ ਬੀਮਾ ਕਵਰ ਪ੍ਰਦਾਨ ਕਰਦੇ ਹੋਏ ਸਿਹਤ ਬੀਮਾ ਕਾਰਡ ਜਾਰੀ ਕੀਤਾ ਜਾਵੇਗਾ।ਕਰਮਜੀਤ ਸਿੰਘ ਰਿੰਟੂ ਨੇ ਦੱਸਿਆ ਕਿ ਸਿਹਤ ਬੀਮਾ ਯੋਜਨਾ ਤਹਿਤ, ਅੰਮ੍ਰਿਤਸਰ ਜ਼ਿਲ੍ਹੇ ਦੇ 41 ਸੇਵਾ ਕੇਂਦਰਾਂ ਦੇ ਨਾਲ-ਨਾਲ 486 ਹੋਰ ਆਮ ਸੇਵਾ ਕੇਂਦਰਾਂ ਤੇ ਸਿਹਤ ਬੀਮਾ ਕਾਰਡ ਜਾਰੀ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ, ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ, ਸਭ ਤੋਂ ਮਹਿੰਗੇ ਹਸਪਤਾਲ ਵੀ, ਜੋ ਕਦੇ ਅਮੀਰਾਂ ਲਈ ਪਹੁੰਚਯੋਗ ਸਨ, ਹੁਣ ਗਰੀਬਾਂ ਲਈ ਪਹੁੰਚਯੋਗ ਹੋ ਗਏ ਹਨ।ਰਿੰਟੂ ਨੇ ਅੱਗੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਸਫ਼ਾਈ ਵਿੱਚ ਵੀ ਸੁਧਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਘਰ-ਘਰ ਕੂੜਾ ਇਕੱਠਾ ਕਰਨ ਵਾਲੇ ਵਾਹਨਾਂ ਦੀ ਗਿਣਤੀ ਵੀ ਵਧਾਈ ਜਾ ਰਹੀ ਹੈ।ਹੁਣ ਘਰ ਦੇ ਸਾਹਮਣੇ ਸਕੈਨ ਕੋਡ ਲਗਾਏ ਜਾਣਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰ ਕੋਈ ਜਾਣਦਾ ਹੈ ਕਿ ਉਨ੍ਹਾਂ ਦਾ ਕੂੜਾ ਇਕੱਠਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਾਰਡ ਇੰਚਾਰਜ ਅਨੀਲ ਸਿੰਘ, ਕੌਂਸਲਰ ਗੁਲਜ਼ਾਰ ਬਿੱਟੂ ਅਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਸਨੀਕ ਮੌਜੂਦ ਸਨ।

## ਆਦਰਸ਼ ਕਾਲੋਨੀ 'ਚ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਦੀ ਵਾਰਡ ਨੰਬਰ 5 ਆਦਰਸ਼ ਕਲੋਨੀ ਦੇ ਵਸਨੀਕਾਂ ਵੱਲੋਂ ਇਕੱਠੇ ਹੋ ਕੇ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ ਜਿਸ ਵਿੱਚ ਸਭ ਤੋਂ ਪਹਿਲਾਂ ਗੁਰੂ ਰਵਿਦਾਸ ਮੰਦਰ ਤੋਂ ਨਗਰ ਕੀਰਤਨ ਸਜਾਇਆ ਗਿਆ ਅਤੇ ਇਸ ਨਗਰ ਕੀਰਤਨ ਦੀ ਸਮਾਪਤੀ ਕਲੋਨੀ ਦੀਆਂ ਵੱਖ-ਵੱਖ ਗਲੀਆਂ 'ਚ ਹੁੰਦੇ ਹੋਏ ਗੁਰੂ ਰਵਿਦਾਸ ਮੰਦਰ ਵਿਖੇ ਆ ਕੇ ਹੋਈ। ਨਗਰ ਕੀਰਤਨ ਦੀਆਂ ਸੰਗਤਾਂ ਲਈ ਵਾਰਡ ਦੇ ਵਸਨੀਕਾਂ ਵਲੋਂ ਵੱਖ-ਵੱਖ ਤਰ੍ਹਾਂ ਦੇ ਪਕਵਾਨ ਲਗਾਏ ਗਏ।ਇਸ ਤੋਂ ਬਾਅਦ ਮੰਦਰ ਵਿੱਚ ਸਤਿਸੰਗ ਕੀਤਾ ਗਿਆ ਅਤੇ ਸਤਿਸੰਗ ਵਿੱਚ ਪਹੁੰਚੀਆਂ ਸੰਗਤਾਂ ਨੂੰ ਗੁਰੂ ਦੀ ਬਾਣੀ ਸੁਣਨ ਨੂੰ ਮਿਲੀ।

ਸਤਿਸੰਗ ਤੋਂ ਬਾਅਦ ਭੋਗ ਪਾਇਆ ਗਿਆ ਅਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਬੀਬੀ ਹੰਸ, ਸਚਿਨ ਅੰਗੁਰੀ, ਅਸ਼ਵਨੀ ਕੁਮਾਰ, ਬਿਕਾ, ਕਾਕਾ, ਹੈਰੀ, ਗੁਰਨਾਮ ਸਿੰਘ, ਅੰਜਲੀ, ਮਧੂ, ਰਜਿੰਦਰ ਕੁਮਾਰ ਆਦਿ ਹਾਜ਼ਰ ਸਨ।

3-Feb-PAGE-12.qxd 2/2/2026 10:45 PM Page 1



**ਸ਼ਹਿਨਾਈਆਂ**



ਹਰਨੂਰ ਸਿੰਘ ਦਾ ਵਿਆਹ ਹਰਨੀਤ ਕੌਰ ਨਾਲ ਹੋਇਆ।

## ਜਾਨਵਰਾਂ ਤੇ ਪੰਛੀਆਂ ਦੀ ਸੰਭਾਲ ਲਈ ਜਨਤਕ ਭਾਗੀਦਾਰੀ ਜ਼ਰੂਰੀ : ਰਾਓ ਨਰਵੀਰ ਸਿੰਘ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਵਨ ਅਤੇ ਵਾਤਾਵਰਣ ਮੰਤਰੀ ਰਾਓ ਨਰਵੀਰ ਸਿੰਘ ਨੇ ਕਿਹਾ ਕਿ ਜਾਨਵਰਾਂ ਅਤੇ ਪੰਛੀਆਂ ਦਾ ਪ੍ਰਾਚੀਨ ਸਮੇਂ ਤੋਂ ਹੀ ਸਾਡੇ ਜੀਵਨ ਵਿੱਚ ਵਿਸ਼ੇਸ਼ ਮਹੱਤਵ ਰਿਹਾ ਹੈ। ਦੇਵੀ-ਦੇਵਤਿਆਂ ਦਾ ਵੀ ਜਾਨਵਰਾਂ ਅਤੇ ਪੰਛੀਆਂ ਨਾਲ ਡੂੰਘਾ ਸੰਬੰਧ ਹੈ, ਜੋ ਸਾਡੀਆਂ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਦਾ ਪ੍ਰਤੀਕ ਹੈ। ਸਰਕਾਰੀ ਯਤਨਾਂ ਦੇ ਨਾਲ-ਨਾਲ, ਉਨ੍ਹਾਂ ਦੀ ਸੰਭਾਲ ਲਈ ਜਨਤਕ ਭਾਗੀਦਾਰੀ ਬਹੁਤ ਜ਼ਰੂਰੀ ਹੈ।ਉਹ ਪੰਚਕੂਲਾ ਵਿੱਚ ਵਿਸ਼ਵ ਵੈੱਟਲੈਂਡਜ਼ ਦਿਵਸ ਦੇ ਮੌਕੇ 'ਤੇ ਆਯੋਜਿਤ ਇੱਕ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।

## 12 ਦੀ ਹੜਤਾਲ 'ਚ ਸ਼ਮੂਲੀਅਤ ਲਈ ਮਜ਼ਦੂਰ ਵਰਗ ਵੱਲੋਂ ਭਰਵਾਂ ਹੁੰਗਾਰਾ : ਗੋਰੀਆ, ਦੇਵੀ ਕੁਮਾਰੀ

**ਸ਼ਾਹਕੋਟ (ਗਿਆਨ ਸੈਦਪੁਰੀ)**

'ਦੇਸ਼ ਵਿੱਚ 2014 ਤੋਂ ਭਾਜਪਾ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਮਜ਼ਦੂਰ ਵਰਗ ਦਾ ਆਰਥਿਕ ਤੇ ਸਮਾਜਿਕ ਸ਼ੋਸ਼ਣ ਲਗਾਤਾਰ ਜਾਰੀ ਹੈ। ਮਨਰੇਗਾ ਸਕੀਮ ਕਾਫੀ ਹੱਦ ਤੱਕ ਮਜ਼ਦੂਰਾਂ ਦਾ ਸਾਹ ਸੌਖਾ ਕਰਨ ਵਿੱਚ ਸਹਾਈ ਸੀ। ਕੇਂਦਰ ਸਰਕਾਰ ਨੇ ਇਸ ਸਕੀਮ ਦਾ ਨਾਂ ਬਦਲਣ ਦੇ ਬਹਾਨੇ ਮਜ਼ਦੂਰਾਂ ਪਾਸੋਂ ਰੋਜ਼ਗਾਰ ਖੋਹਣ ਦੀ ਕੋਸ਼ਿਸ਼ ਹੀ ਨਹੀਂ ਕੀਤੀ ਸਗੋਂ ਉਹਨਾਂ ਦੇ ਸਨਮਾਨ ਨੂੰ ਵੀ ਸੱਟ ਮਾਰੀ ਹੈ। ਹੁਣ ਸੁਪਰੀਮ ਕੋਰਟ ਦੇ ਜੱਜ ਵੱਲੋਂ ਮਜ਼ਦੂਰ ਵਰਗ ਲਈ ਲੜ ਰਹੀਆਂ ਜਥੇਬੰਦੀਆਂ ਵਿਰੁੱਧ ਟਿੱਪਣੀ ਕਰਕੇ ਮਜ਼ਦੂਰਾਂ ਦੇ ਰਿਸਦੇ ਜ਼ਖਮਾਂ 'ਤੇ ਲੂਣ ਛਿੜਕਣ ਦਾ ਕਾਰਾ ਕੀਤਾ ਹੈ'।ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਜਾਰੀ ਕੀਤੇ ਸਾਂਝੇ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਕਿ ਵੱਖ-ਵੱਖ ਵੰਨਗੀ ਦੀਆਂ ਸਰਕਾਰਾਂ ਦਾ ਮਜ਼ਦੂਰ ਵਿਰੋਧੀ ਕਿਰਦਾਰ ਤਾਂ ਕੋਈ ਲੁਕੀ ਛੁਪੀ ਗੱਲ ਨਹੀਂ ਰਹੀ, ਪਰ ਲੱਗਦਾ ਹੈ ਕਿ ਹੁਣ ਅਦਾਲਤਾਂ ਦਾ ਕੁਝ ਹਿੱਸਾ ਵੀ ਮਜ਼ਦੂਰ ਵਰਗ ਦਾ ਦੋਖੀ ਬਣਦਾ ਜਾ ਰਿਹਾ ਹੈ।ਮਜ਼ਦੂਰ ਆਗੂਆਂ ਨੇ ਆਪਣੇ ਬਿਆਨ ਰਾਹੀਂ ਪੰਜਾਬ ਦੇ ਸੰਦਰਭ ਵਿੱਚ ਗੱਲ ਕਰਦਿਆਂ ਕਿਹਾ ਕਿ ਇੱਥੋਂ ਦਾ ਖੇਤ ਮਜ਼ਦੂਰ ਡਾਢੀ ਔਖਿਆਈ ਵਿੱਚੋਂ ਗੁਜ਼ਰਿਆ ਹੈ। ਖੇਤੀਬਾੜੀ ਦਾ ਪੂਰੀ ਤਰ੍ਹਾਂ ਮਸ਼ੀਨੀਕਰਨ ਹੋਣ ਕਾਰਨ ਖੇਤ ਮਜ਼ਦੂਰਾਂ ਪਾਸੋਂ ਕੰਮ ਖੁਸ ਗਿਆ ਹੈ। ਉਹਨਾਂ ਕਿਹਾ ਕਿ ਮਜ਼ਦੂਰ ਮਸ਼ੀਨੀਕਰਨ ਦੇ ਦੋਖੀ ਨਹੀਂ, ਪਰ ਖੇਤਾਂ ਵਿੱਚ ਕੰਮ ਕਰਨ ਵਾਲਿਆਂ ਵਾਸਤੇ ਬਦਲਵੇਂ ਕੰਮਾਂ ਦਾ ਪ੍ਰਬੰਧ ਹੋਣਾ ਚਾਹੀਦਾ ਸੀ, ਜੋ ਨਹੀਂ ਕੀਤਾ ਗਿਆ। ਪਿਛਲੇ ਕਾਫੀ ਸਮੇਂ ਤੋਂ ਖੇਤ ਮਜ਼ਦੂਰਾਂ ਦੇ ਵਿਹੜਿਆਂ ਵਿੱਚ ਮਾਯੂਸੀ ਦਾ ਆਲਮ ਹੈ। ਮਾਯੂਸੀ ਨਸ਼ਿਆਂ ਦੀ ਲੱਤ ਦਾ ਕਾਰਨ ਵੀ ਬਣ ਰਹੀ ਹੈ।ਮਜ਼ਦੂਰ ਆਗੂਆਂ ਨੇ ਵੀ ਬੀ ਜੀ ਰਾਮ ਜੀ ਐਕਟ ਰੱਦ ਕਰਕੇ ਮਨਰੇਗਾ ਲਾਗੂ ਕਰਨ ਦੀ ਮੰਗ ਦੇ ਨਾਲ ਨਾਲ ਚਾਰ ਲੇਬਰ ਕੋਡ ਰੱਦ ਕਰਨ, ਬੀਜ ਸੋਧ ਬਿੱਲ 2025 ਅਤੇ ਬਿਜਲੀ ਐਕਟ 2025 ਨੂੰ ਰੱਦ ਕਰਨ ਦੀ ਵੀ ਮੰਗ ਕੀਤੀ।ਕਾਮਰੇਡ ਗੋਰੀਆ ਅਤੇ ਕਾਮਰੇਡ ਸਰਹਾਲੀ ਕਲਾਂ ਨੇ ਹੋਰ ਕਿਹਾ ਕਿ ਪਿੰਡਾਂ ਦੀਆਂ ਸ਼ਾਮਲਾਟਾਂ ਵਿੱਚੋਂ ਗਰੀਬ ਦਲਿਤ ਦੇ ਤੀਜੇ ਹਿੱਸੇ ਦੀ ਜ਼ਮੀਨ ਦੇਣ ਨੂੰ ਯਕੀਨੀ ਬਣਾਇਆ ਜਾਵੇ।ਆਗੂਆਂ ਨੇ ਕਿਹਾ ਕਿ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਨੂੰ ਸਫਲ ਕਰਨ ਲਈ ਮਜ਼ਦੂਰ ਵਿਹੜਿਆਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਮਜ਼ਦੂਰਾਂ ਵੱਲੋਂ ਹੜਤਾਲ ਵਿੱਚ ਸ਼ਾਮਿਲ ਹੋਣ ਲਈ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਕਿਹਾ ਕਿ ਭਾਰਤੀ ਖੇਤ ਮਜ਼ਦੂਰ ਯੂਨੀਅਨ ਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ 12 ਫਰਵਰੀ ਦੀ ਹੜਤਾਲ ਵਿੱਚ ਡੱਟ ਕੇ ਸ਼ਮੂਲੀਅਤ ਕੀਤੀ ਜਾਵੇਗੀ।



ਗੁਲਜ਼ਾਰ ਸਿੰਘ ਗੋਰੀਆ ਤੇ ਦੇਵੀ ਕੁਮਾਰੀ ਸਰਹਾਲੀ ਕਲਾਂ

## ਸੀ ਟੀ ਪਬਲਿਕ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਪਬਲਿਕ ਸਕੂਲ ਵਿੱਚ ਅਕਾਦਮਿਕ ਸੈਸ਼ਨ 2024-25 ਲਈ ਸਾਲਾਨਾ ਇਨਾਮ ਵੰਡ ਸਮਾਰੋਹ ਸਕੂਲ ਦੇ ਪਰਿਸਰ ਵਿੱਚ ਖੁਸ਼ੀ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਰੋਹ ਦਾ ਮਕਸਦ ਪੜ੍ਹਾਈ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨਾ ਸੀ।ਇਸ ਮੌਕੇ ਜਲੰਧਰ ਦੇ ਮਾਨਯੋਗ ਮੇਅਰ ਵਨੀਤ ਧੀਰ ਤੇ ਕੌਂਸਲਰ ਸੌਰਭ ਸੇਠ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਨਾਲ ਹੀ ਸੀ ਟੀ ਗਰੁੱਪ ਪ੍ਰਬੰਧਨ ਦੇ ਮੈਂਬਰ ਵੀ ਹਾਜ਼ਰ ਰਹੇ, ਜਿਨ੍ਹਾਂ ਵਿੱਚ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਜੁਆਇੰਟ ਮੈਨੇਜਿੰਗ ਡਾਇਰੈਕਟਰ ਮਿਸ ਤਨਿਕਾ ਚੰਨੀ, ਐਗਜ਼ਿਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ ਅਤੇ ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਸ਼ਾਮਲ ਸਨ।ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਨ ਤੇ ਗਣੇਸ਼ ਵੰਦਨਾ ਨਾਲ ਹੋਈ। ਸਕੂਲ ਦੀ ਪ੍ਰਿੰਸੀਪਲ ਮਿਸ ਮਨੀਸ਼ਾ ਬਾਸਨੇਟ ਨੇ ਵਿਦਿਆਰਥੀਆਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਨਾਮ ਵੰਡ ਦੌਰਾਨ ਕਲਾਸ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਬੋਰਡ ਪ੍ਰੀਖਿਆ ਦਸਵੀਂ ਜਮਾਤ ਦੇ ਟਾਪਰਾਂ ਰਾਬੀਆ, ਸਿਹਾਨਾ, ਸ਼ਾਇਨਾ, ਗੁਨੀਤ, ਸੰਚਿਤ, ਅਕਸ਼ਰਾ, ਤਰੁਣ, ਤੁਸ਼ਤੀ, ਅਨੁਰਾਗ ਨੂੰ ਸਨਮਾਨਿਤ ਕੀਤਾ ਗਿਆ।ਕਲਾਸ ਬਾਰ੍ਹਵੀਂ ਦੇ ਟਾਪਰ: ਗੁਰਨੂਰ, ਵੰਸ਼, ਯੁਵਿਕਾ, ਵੈਸ਼ਾਲੀ ਅਤੇ ਯੰਗਦੋਲ ਨੂੰ ਵਿਸ਼ੇਸ਼ ਸਨਮਾਨ ਦਿੱਤੇ ਗਏ ਤੇ ਕਲਾਸ ਗਿਆਰ੍ਹਵੀਂ ਦੇ ਵਿਸ਼ਾ-ਵਾਰ ਟਾਪਰਾਂ ਨੂੰ ਵੀ ਖਾਸ ਇਨਾਮ ਦਿੱਤੇ ਗਏ।ਖੇਡਾਂ, ਕਲਾ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਵੋਤਮ ਗਾਇਕ, ਡਾਂਸਰ, ਕਲਾਕਾਰ, ਵਕਤਾ, ਖਿਡਾਰੀ ਵਰਗੇ ਇਨਾਮ ਦਿੱਤੇ ਗਏ। ਨੇਲਸਨ ਮੰਡੇਲਾ ਹਾਊਸ ਨੂੰ ਸਰਵੋਤਮ ਹਾਊਸ ਟ੍ਰਾਫੀ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸਭ ਤੋਂ ਨਿਯਮਿਤ ਵਿਦਿਆਰਥੀ ਅਤੇ ਸਭ ਤੋਂ ਨਿਯਮਿਤ ਅਧਿਆਪਕ ਨੂੰ ਵੀ ਇਨਾਮ ਦਿੱਤੇ ਗਏ। ਸੱਭਿਆਚਾਰਕ ਕਾਰਜਕ੍ਰਮ ਵਿੱਚ ਆਰਕੈਸਟਰਾ ਅਤੇ ਜੋਸ਼ ਭਰਪੂਰ ਵੈਸਟਰਨ ਭੰਗੜਾ ਪੇਸ਼ ਕੀਤਾ ਗਿਆ। ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਵਿਦਿਆਰਥੀਆਂ ਨੂੰ ਮਿਹਨਤ ਨਾਲ ਅੱਗੇ ਵੱਧਣ ਅਤੇ ਆਪਣੇ ਸੁਪਨੇ ਪੂਰੇ ਕਰਨ ਦਾ ਸੰਦੇਸ਼ ਦਿੱਤਾ। ਸਮਾਰੋਹ ਦਾ ਸਮਾਪਨ ਕਿੰਡਰਗਾਰਟਨ ਕੋਆਰਡੀਨੇਟਰ ਮਿਸ ਸੁਮਨ ਭੱਲਾ ਵੱਲੋਂ ਧੰਨਵਾਦ ਨਾਲ ਕੀਤਾ ਗਿਆ।




### ਜ਼ਿਲ੍ਹਾ ਸਿਹਤ ਵਿਭਾਗ ਲੋਕਾਂ ਦੀ ਚੰਗੀ ਸਿਹਤ ਲਈ ਵਚਨਬੱਧ : ਡਾ. ਸੰਗੀਤਾ ਜੈਨ

**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਵਾਸੀਆਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਜ਼ਿਲ੍ਹਾ ਸਿਹਤ ਵਿਭਾਗ ਵਿਚ ਨਵੇਂ ਹਾਊਸ ਸਰਜਨ ਨਿਯੁਕਤ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹੇ ਵਿਚ 25 ਨਵੇਂ ਹਾਊਸ ਸਰਜਨ ਨਿਯੁਕਤ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 6 ਹਾਊਸ ਸਰਜਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ, ਜਦ ਕਿ ਬਾਕੀਆਂ ਨੂੰ ਵੀ ਨਿਯੁਕਤੀ ਵਾਸਤੇ ਸੱਦਾ ਦਿਤਾ ਗਿਆ ਹੈ। ਡਾ. ਜੈਨ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਦੀ ਨਿਯੁਕਤੀ ਨਾਲ ਜ਼ਿਲ੍ਹੇ ਦੇ ਲੋਕਾਂ ਨੂੰ ਹੋਰ ਵਧੀਆ ਸਿਹਤ ਸੇਵਾਵਾਂ ਦੇਣ ਵਿਚ ਕਾਫ਼ੀ ਮਦਦ ਮਿਲੇਗੀ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਕਿੰਡਰਗਾਰਟਨ ਗ੍ਰੈਜੂਏਸ਼ਨ ਸੈਰੇਮਨੀ

**ਸੁਲਤਾਨਪੁਰ ਲੋਧੀ, (ਹਨੀ)**

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਦੀ ਸਾਲ ਭਰ ਦੀ ਸਿੱਖਿਆ ਨੂੰ ਦਰਸਾਉਂਦੀਆਂ ਬਹੁਤ ਸਾਰੀਆਂ ਸਟੇਜ ਗਤੀਵਿਧੀਆਂ ਕਾਰਵਾਈਆਂ ਗਈਆਂ।ਵਿਦਿਆਰਥੀਆਂ ਨੂੰ ਆਸ਼ੀਰਵਾਦ ਦੇਣ ਤੇ ਉਨ੍ਹਾਂ ਨੂੰ ਵਧੀਆ ਸਿਖਿਆਰਥੀ ਬਣਨ ਲਈ ਉਤਸ਼ਾਹਿਤ ਕਰਨ ਲਈ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ, ਪ੍ਰੰਬਧਕ ਸਕੂਲ ਇੰਜੀਨੀਅਰ ਨਿਮਰਤਾ ਕੌਰ ਤੇ ਪ੍ਰਿੰਸੀਪਲ ਰੇਨੂ ਅਰੋੜਾ ਨੇ ਆਪਣੀ ਹਾਜ਼ਰੀ ਨਾਲ ਇਸ ਮੌਕੇ ਨੂੰ ਮਹੱਤਵਪੂਰਨ ਬਣਾਇਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾ ਰੋਸ਼ਨ ਉਪਰੰਤ, ਕਿੰਡਰਗਾਰਟਨ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸ਼ਬਦ ਗਾਇਨ ਨਾਲ ਹੋਈ। ਵਿਦਿਆਰਥੀਆਂ ਗੀਤ ਰਾਹੀਂ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ।ਨਰਸਰੀ ਤੇ ਐੱਲ ਕੇ ਜੀ ਦੇ ਵਿਦਿਆਰਥੀਆਂ ਲਈ ਫੈਂਸੀ ਡਰੈੱਸ ਕੰਪਟੀਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੇ ਆਪਣੇ ਬਾਰੇ ਅਤੇ ਆਪਣੇ ਸੁਪਨਿਆਂ ਬਾਰੇ ਜਾਣਕਾਰੀ ਦਿੱਤੀ। ਬੱਚਿਆਂ ਨੇ ਆਪਣੀਆਂ ਭਾਵਨਾਵਾਂ ਦਾ ਵਰਣਨ ਇੰਨੇ ਵਧੀਆ ਤੇ ਮਨਮੋਹਕ ਅੰਦਾਜ਼ ਵਿੱਚ ਕੀਤਾ ਕਿ ਸਾਰਿਆਂ ਦਾ ਮਨ ਮੋਹ ਲਿਆ। ਬੱਚਿਆਂ ਦੇ ਮੁਸਕਰਾਉਂਦੇ ਚਿਹਰਿਆਂ ਤੇ ਜੋਸ਼ੀਲੇ ਅੰਦਾਜ਼ ਦਾ ਦਰਸ਼ਕਾਂ ਵੱਲੋਂ ਤਾੜੀਆਂ ਨਾਲ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਯੂ ਕੇ ਜੀ ਕਲਾਸ ਦੇ ਵਿਦਿਆਰਥੀਆਂ ਵੱਲੋਂ ਡਾਂਸ ਪੇਸ਼ ਕੀਤਾ ਗਿਆ। ਇਹ ਛੋਟੇ ਬੱਚਿਆਂ ਲਈ ਇੱਕ ਖੁਸ਼ੀ ਭਰਿਆ ਅਤੇ ਯਾਦਗਾਰੀ ਦਿਨ ਸੀ, ਕਿਉਂਕਿ ਉਨ੍ਹਾਂ ਨੇ ਸਕੂਲ ਤੋਂ ਗ੍ਰੈਜੂਏਸ਼ਨ ਸਰਟੀਫਿਕੇਟ ਪ੍ਰਾਪਤ ਕੀਤੇ ਸਨ। ਬੱਚਿਆਂ ਦੇ ਮਾਪਿਆਂ ਨੇ ਇਸ ਸਮਾਗਮ ਦਾ ਭਰਪੂਰ ਆਨੰਦ ਮਾਨਿਆ।



## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ 'ਤੇ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਕੱਢੀ ਸ਼ੋਭਾ ਯਾਤਰਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਜਗਤ ਗੁਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਵਿਚ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਵਲੋਂ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਦੀ ਅਗਵਾਈ ਹੇਠ ਵਿਸ਼ਾਲ ਸ਼ੋਭਾ ਯਾਤਰਾ ਕਾਂਸ਼ੀ ਬਨਾਰਸ ਵਿਖੇ ਬੜੀ ਧੂਮਧਾਮ ਤੇ ਸ਼ਰਧਾ ਪੂਰਵਕ ਕੱਢੀ ਗਈ,ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਅਤੇ ਦੇਸ਼ ਵਿਦੇਸ਼ ਦੀਆਂ ਹਜਾਰਾਂ ਸੰਗਤਾਂ ਹੁੰਮ ਹੁਮਾ ਕੇ ਸ਼ਾਮਲ ਹੋਈਆਂ। ਹਾਥੀ, ਘੋੜੇ, ਢੋਲ, ਨਗਾਰੇ ਅਤੇ ਵੱਖ ਵੱਖ ਸੁੰਦਰ ਫੁੱਲਾਂ ਨਾਲ ਸਜੀਆਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸੁੰਦਰ ਸਰੂਪ ਵਾਲੀਆਂ ਝਾਕੀਆਂ ਸ਼ੋਭਾ ਯਾਤਰਾ ਦੀ ਖੂਬਸੂਰਤੀ ਨੂੰ ਵਧਾ ਰਹੀਆਂ ਸਨ। ਬਨਾਰਸ ਦੇ ਵੱਖ ਵੱਖ ਬਜਾਰਾਂ ਵਿੱਚ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਲੋਕਾਂ ਵੱਲੋਂ ਸ਼ੋਭਾ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ, ਵਰਿੰਦਰ ਬੰਗਾ ਕੌਮੀ ਜਨਰਲ ਸਕੱਤਰ, ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ, ਸੰਤ ਬੀਬੀ ਪੂਨਮ ਹੀਰਾ ਆਦਿ ਨੂੰ ਫੁੱਲ ਮਲਾਵਾਂ ਅਤੇ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਨੇ ਬਨਾਰਸ, ਪੰਜਾਬ ਅਤੇ ਹੋਰ ਵੱਖ ਵੱਖ ਸੂਬਿਆਂ ਤੋਂ ਪਹੁੰਚੀਆਂ ਸੰਗਤਾਂ ਤੇ ਬਨਾਰਸ ਪ੍ਰਸ਼ਾਸਨ ਦਾ ਸਹਿਯੋਗ ਕਰਨ ਲਈ ਆਦਿ ਧਰਮ ਮਿਸ਼ਨ ਦੀ ਸਮੁੱਚੀ ਟੀਮ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ। ਉਨਾਂ ਕਿਹਾ ਸ਼ੋਭਾ ਯਾਤਰਾ ਵਿੱਚ ਮਿਲੇ ਅਥਾਹ ਪਿਆਰ ਅਤੇ ਸਹਿਯੋਗ ਲਈ ਆਦਿ ਧਰਮ ਮਿਸ਼ਨ ਦੀ ਸਮੁੱਚੀ ਟੀਮ ਸਦਾ ਰਿਣੀ ਰਹੇਗੀ ਤੇ ਮਿਸ਼ਨ ਨੂੰ ਲੈ ਕੇ ਅੱਗੇ ਵਧਦੀ ਰਹੇਗੀ। ਸ਼ੋਭਾ ਯਾਤਰਾ ਵਿਚ ਹੁਕਮ ਚੰਦ ਜੈਤੋਂ, ਪ੍ਰੇਮ ਚੰਦ, ਪੂਨਮ ਪਾਲ,ਅਸ਼ੋਕ ਕੁਮਾਰ, ਗਾਂਧੀ ਸਿੰਘ, ਰਵਿੰਦਰ ਸਿੰਘ, ਰਜਿੰਦਰ ਸਿੰਘ, ਸੁਖਪਾਲ ਸਿੰਘ, ਰਾਮ ਪਾਲ, ਸਰਬਜੀਤ ਸਿੰਘ ਕੜਿਆਣਾ, ਸਰਪੰਚ ਦਰਸ਼ਨ ਸਿੰਘ ਤੇ ਭਾਰੀ ਗਿਣਤੀ ਸੰਗਤਾਂ ਹਾਜ਼ਰ ਸਨ।

## ਸਰਕਾਰ ਵਿਰੁੱਧ ਬੋਲਣ ਲਈ ਵਿਰੋਧੀਆਂ ਕੋਲ ਕੋਈ ਮੁੱਦਾ ਨਹੀਂ ਰਿਹਾ : ਕੁਲਵੰਤ ਸਿੰਘ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਐਮ ਐਲ ਏ ਕੁਲਵੰਤ ਸਿੰਘ ਮੋਹਾਲੀ ਨੇ ਇੱਥੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਸਹੀ ਅਰਥਾਂ ਵਿੱਚ ਲਾਗੂ ਕਰਨ ਲਈ ਮੋਹਾਲੀ ਵਿਧਾਨ ਸਭਾ ਹਲਕੇ ਸਮੇਤ ਪੂਰੇ ਪੰਜਾਬ ਵਿੱਚ ਰਜਿਸਟ੍ਰੇਸ਼ਨ ਦਾ ਕੰਮ ਵੱਡੇ ਪੱਧਰ 'ਤੇ ਸ਼ੁਰੂ ਹੋ ਚੁੱਕਾ ਹੈ। ਇਸ ਮੌਕੇ 'ਤੇ ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਇੰਜੀਨੀਅਰ ਪ੍ਰਭਜੋਤ ਕੌਰ ਵੀ ਹਾਜ਼ਰ ਸਨ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਹੁਣ ਵਿਰੋਧੀਆਂ ਕੋਲ ਬੋਲਣ ਲਈ ਕੋਈ ਢੰਗ ਦਾ ਮੁੱਦਾ ਨਹੀਂ ਬਚਿਆ, ਇਸ ਲਈ ਉਹ ਬਿਨਾਂ ਵਜ੍ਹਾ ਬਿਆਨਬਾਜ਼ੀ ਕਰਕੇ ਆਪਣੀ ਰਾਜਨੀਤਿਕ ਮੌਜੂਦਗੀ ਦਰਸਾਉਣ ਦੀ ਕੋਸ਼ਿਸ਼ ਕਰ ਰਹੇ ਹਨ।

## ਬਾਬਾ ਬੁੱਲ੍ਹੇ ਸ਼ਾਹ ਦੀ ਦਰਗਾਹ ਦੀ ਭੰਨ-ਤੋੜ ਦੀ ਸਖ਼ਤ ਨਿੰਦਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬੀ ਸਾਹਿਤ ਸਭਾ, ਡੇਰਾਬੱਸੀ ਵੱਲੋਂ ਸ਼ਹੀਦ ਜਥੇਦਾਰ ਬਖਤਾਵਰ ਸਿੰਘ ਲਾਇਬ੍ਰੇਰੀ, ਭੰਖਰਪੁਰ ਵਿਖੇ ਜਨਵਰੀ ਮਹੀਨੇ ਦੀ ਮਾਸਿਕ ਇਕੱਤਰਤਾ ਕੀਤੀ ਗਈ। ਇਸ ਦੌਰਾਨ ਮਸੂਰੀ ਵਿੱਚ ਕੱਟੜਪੰਥੀਆਂ ਵੱਲੋਂ ਕੀਤੀ ਗਈ ਬਾਬਾ ਬੁੱਲ੍ਹੇ ਸ਼ਾਹ ਦੀ ਦਰਗਾਹ ਦੀ ਭੰਨ ਤੋੜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਸਭਾ ਦੇ ਪ੍ਰਧਾਨ ਜ਼ੈਲਦਾਰ ਸਿੰਘ ਹਸਮੁੱਖ ਨੇ ਕਿਹਾ ਕਿ ਬਾਬਾ ਬੁੱਲ੍ਹੇ ਸ਼ਾਹ ਏਕਤਾ ਅਤੇ ਸਮਤਾ ਦੇ ਪ੍ਰਤੀਕ ਹਨ। ਕੱਟੜਪੰਥੀ ਸਮਾਜ ਵਿੱਚ ਏਕਤਾ ਅਤੇ ਸਮਤਾ ਬਰਦਾਸ਼ਤ ਨਹੀਂ ਕਰ ਪਾ ਰਹੇ। ਐਡਵੋਕੇਟ ਕੰਵਲਜੀਤ ਸਿੰਘ ਨੇ ਕਿਹਾ ਕਿ ਸਮੂਹ ਧਾਰਮਿਕ ਆਗੂਆਂ ਅਤੇ ਰਾਜਨੇਤਾਵਾਂ ਨੂੰ ਕੱਟੜਪੰਥੀਆਂ ਵਿਰੁੱਧ ਲਾਮਬੰਦ ਹੋਣ ਦੀ ਲੋੜ ਹੈ, ਤਾਂ ਜੋ ਸਮਾਜ ਵਿੱਚ ਧਰਮ-ਨਿਰਪੱਖਤਾ ਕਾਇਮ ਰਹਿ ਸਕੇ। ਗਿਆਨੀ ਧਰਮ ਸਿੰਘ ਭੰਖਰਪੁਰ ਨੇ ਕਿਹਾ ਕਿ ਬਾਬਾ ਬੁੱਲ੍ਹੇ ਸ਼ਾਹ ਦੀ ਦਰਗਾਹ ਦੀ ਬੇਅਦਬੀ ਕਰਨ ਵਾਲੇ, ਸਾਂਝੀਵਾਲਤਾ ਤੇ ਧਰਮ-ਨਿਰਪੱਖਤਾ ਦੇ ਦੁਸ਼ਮਣਾਂ ਨੂੰ ਇੱਕ ਵਾਰ ਬਾਬਾ ਬੁੱਲ੍ਹੇ ਸ਼ਾਹ ਨੂੰ ਜ਼ਰੂਰ ਪੜ੍ਹਨਾ ਚਾਹੀਦਾ ਹੈ। ਇਸ ਇਕੱਤਰਤਾ ਦੌਰਾਨ ਸ੍ਰੀ ਗੁਰੂ ਹਰਿਰਾਇ ਸਾਹਿਬ ਪਾਤਸ਼ਾਹੀ ਸੱਤਵੀਂ ਅਤੇ ਸ਼੍ਰੋਮਣੀ ਭਗਤ-ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕਵੀ ਦਰਬਾਰ ਆਯੋਜਿਤ ਕੀਤਾ ਗਿਆ। ਹਾਜ਼ਰ ਕਵੀਆਂ ਨੇ ਆਪਣੀਆਂ ਰਚਨਾਵਾਂ ਸੁਣਾਈਆਂ। ਜਿਹਨਾਂ ਵਿੱਚ ਬਸੰਤ ਰੁੱਤ, ਸਿੱਖਿਆ, ਭਗਤ-ਗੁਰੂ ਰਵਿਦਾਸ ਜੀ, ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਜੀ ਅਤੇ ਅਜੋਕੇ ਹਾਲਾਤਾਂ ਨਾਲ ਸਬੰਧਤ ਵਿਸ਼ੇ ਭਾਰੂ ਰਹੇ। ਇਸ ਦੌਰਾਨ ਪੰਜਾਬ ਵਿੱਚ ਵਧ ਰਹੀ ਖਿੰਝ-ਖੋਹ, ਮਾਰ- ਧਾੜ ਅਤੇ ਨਸ਼ਿਆਂ ਦੇ ਰੁਝਾਨ ਤੇ ਚਿੰਤਾ ਜ਼ਾਹਰ ਕੀਤੀ ਗਈ। ਗਿਆਨੀ ਧਰਮ ਸਿੰਘ ਭੰਖਰਪੁਰ ਦੀ ਕਿਤਾਬ 'ਘੱਗਰ ਦਾ ਕੰਢਾ' ਤੇ 'ਮੰਡਾਸਾ ਫੁੱਲਾਂ ਕੰਡਿਆਂ ਦਾ' 'ਤੇ ਗੁਰਜਿੰਦਰ ਸਿੰਘ ਬੜਾਨਾ ਤੇ ਕੰਵਲਜੀਤ ਸਿੰਘ ਵੱਲੋਂ ਚਰਚਾ ਕੀਤੀ ਗਈ। ਇਸ ਮੌਕੇ ਸਰੋਤਿਆਂ ਤੋਂ ਇਲਾਵਾ ਸਭਾ ਦੇ ਪ੍ਰਧਾਨ ਜ਼ੈਲਦਾਰ ਸਿੰਘ ਹਸਮੁੱਖ, ਗਿਆਨੀ ਧਰਮ ਸਿੰਘ ਭੰਖਰਪੁਰ, ਪ੍ਰੋ. ਰਵਿੰਦਰ ਸਿੰਘ ਅਤੇ ਭਾਈ ਸਪਿੰਦਰ ਸਿੰਘ ਹਾਜ਼ਰ ਰਹੇ।



## ਬਹੂਆ ਵਿਖੇ ਪ੍ਰਕਾਸ਼ ਪੁਰਬ ਮਨਾਇਆ




**ਬੰਗਾ (ਅਵਤਾਰ ਕਲੇਰ)**

ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਬਹੂਆ, ਨੌਜਵਾਨ ਸਭਾ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਪਿੰਡ ਬਹੂਆ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ। ਨਗਰ ਕੀਰਤਨ ਦੌਰਾਨ ਲੰਗਰ, ਚਾਹ ਪਕੌੜੇ, ਫਰੂਟਾਂ ਦੇ ਲੰਗਰ ਲਗਾਏ ਗਏ। ਦੂਸਰੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭਾਈ ਗੁਲਾਬ ਸਿੰਘ, ਕਵੀਸ਼ਰੀ ਜਥਾ ਮੱਖਣ ਸਿੰਘ ਬੰਬ ਤੋਂ ਇਲਾਵਾ ਰਾਗੀ, ਢਾਡੀ ਅਤੇ ਕਲਾਕਾਰਾਂ ਵਲੋਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵਲੋਂ ਕਲਾਕਾਰਾਂ, ਰਾਗੀਆਂ, ਢਾਡੀਆਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ ਗਿਆ। ਕਮੇਟੀ ਦੇ ਪ੍ਰਧਾਨ ਬਲਵਿੰਦਰ ਬੈਂਸ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਸਾਰਿਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਪ੍ਰਧਾਨ ਬਲਵਿੰਦਰ ਬੈਂਸ, ਸਕੱਤਰ ਮਨਦੀਪ ਸਿੰਘ, ਕੈਸ਼ੀਅਰ ਮਨਦੀਪ ਸਿੰਘ, ਅਮਨਦੀਪ ਸਰਪੰਚ, ਅਮਰਜੀਤ ਸਿੰਘ ਪੰਚ, ਰਾਮ ਸਰੂਪ ਕਸ਼ਮੀਰ ਚੰਦ, ਪ੍ਰਸ਼ੋਤਮ ਲਾਲ, ਕੁਲਦੀਪ ਰਾਮ, ਬੂਟਾ ਰਾਮ, ਅਵਤਾਰ ਚੰਦ, ਚੰਦਰ ਪਾਲ, ਮੋਹਣ ਲਾਲ, ਰਾਕੇਸ਼ ਕੁਮਾਰ, ਜੀਵਨ ਲਾਲ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਨਗਰ ਦੀ ਸਮੂਹ ਸੰਗਤ ਤੇ ਐੱਨ ਆਰ ਆਈ ਸੰਗਤ ਦੇ ਸਹਿਯੋਗ ਨਾਲ ਪਿੰਡ ਕੰਧਾਲਾ ਜੱਟਾਂ ਵਿੱਚ ਮਹਾਨ ਕੀਰਤਨ ਦਰਬਾਰ ਸ਼ਰਧਾ ਸਤਿਕਾਰ ਅਤੇ ਧੂਮਧਾਮ ਨਾਲ ਕਰਵਾਇਆ ਗਿਆ । ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕਰਵਾਏ ਇਸ ਦਿਨ ਰਾਤ ਦੇ ਕੀਰਤਨ ਦਰਬਾਰ ਵਿੱਚ ਪੰਥ ਤੇ ਪ੍ਰਸਿੱਧ ਕੀਰਤਨੀ ਰਾਗੀ ਕਥਾਵਾਚਕ ਜਥਿਆਂ ਨੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਬਾਬਾ ਮਨਜਿੰਦਰ ਸਿੰਘ ਹਰਿ ਰਾਇਪੁਰ ਜਲੰਧਰ ਵਾਲਿਆਂ ਨੇ ਹਾਜ਼ਰੀ ਭਰੀ। ਉਹਨਾਂ ਨੇ ਗੁਰੂ ਰਵਿਦਾਸ ਜੀ ਉਚਾਰੀ ਬਾਣੀ ਦੀ ਮਹਿਮਾ ਗਾਉਂਦਿਆਂ ਰੋਜ਼ਾਨਾ ਬਾਣੀ ਪੜਨ ਅਤੇ ਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਬੀਬੀ ਭੁਪਿੰਦਰ ਕੌਰ ਖਾਲਸਾ, ਬੀਬੀ ਮਨਪ੍ਰੀਤ ਕੌਰ, ਗੁਰਦੁਆਰਾ ਸਾਹਿਬ ਵਿਖੇ ਰੋਜ਼ਾਨਾ ਸੰਧਿਆ ਵੇਲੇ ਕੀਰਤਨ ਕਰਨ ਵਾਲੇ ਬੱਚੇ ਬਲਜੀਤ ਕੌਰ, ਬਲਜੋਤ ਕੌਰ, ਨਵਿਸ਼ਕਾ, ਦਿਲਜੀਤ ਸਿੰਘ, ਨਵਜੋਤ ਕੌਰ, ਤਰਨਵੀਰ ਸਿੰਘ, ਗਰਜੋਤ ਕੌਰ, ਪ੍ਰਭਜੋਤ ਕੌਰ, ਜਸਕੀਰਤ ਕੌਰ, ਮਨਪ੍ਰੀਤ ਕੌਰ, ਹਰਸਿਮਰਨ ਕੌਰ ਹੋਰ ਨਗਰ ਦੇ ਜਥਿਆਂ ਨੇ ਕੀਰਤਨ ਕੀਤਾ।ਇਸੇ ਤਰ੍ਹਾਂ ਰਾਤ ਦੇ ਕੀਰਤਨ ਦੀਵਾਨ ਵਿੱਚ ਭਾਈ ਹਰਭਜਨ ਸਿੰਘ ਜੀ ਸੋਤਲੇ ਵਾਲੇ, ਬਾਬਾ ਜਗਸੀਰ ਸਿੰਘ ਜੀ ਪਟਿਆਲੇ ਵਾਲੇ ਆਦਿ ਨੇ ਕਥਾ ਵਿਚਾਰ ਕੀਰਤਨ ਰਾਹੀਂ ਆਈਆਂ ਹੋਈਆਂ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਬਿਓਰੇ ਤੇ ਝਾਤ ਪਾਉਂਦਿਆਂ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਕ੍ਰਾਂਤੀਕਾਰੀ ਵਿਚਾਰਾਂ, ਨਿਮਰਤਾ ਵਾਲੇ ਸੁਭਾਅ ਨਾਲ ਕਈ ਸ਼ਰਧਾਲੂਆਂ ਦਾ ਆਧਾਰ ਕੀਤਾ ਤੇ ਪ੍ਰਭੂ ਪਰਮੇਸ਼ਰ ਨਾਲ ਜੁੜਨ ਲਈ ਪ੍ਰੇਰਿਆ। ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਜੀ ਦਰੀਏ ਵਾਲਿਆਂ ਨੇ ਕਥਾ ਵਿਚਾਰਾਂ ਨਾਲ ਗੁਰਬਾਣੀ ਸ਼ਬਦ ਜੋੜਿਆ। ਇਸ ਮੌਕੇ ਆਈਆਂ ਹੋਈਆਂ ਸੰਗਤਾਂ ਵਾਸਤੇ ਕੌਫੀ, ਚਾਹ ਪਕੌੜੇ, ਮਠਿਆਈਆਂ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



## ਰੁੱਖ ਲਗਾ ਕੇ ਵਾਤਾਵਰਣ ਦੀ ਰੱਖਿਆ ਕਰਨ ਦੀ ਲੋੜ : ਸੁਖਦੇਵ ਸਿੰਘ



**ਜਲੰਧਰ (ਰਾਜੇਸ਼ ਥਾਪਾ)**

ਅੱਜ ਸ਼ਹਿਰਾਂ ਵਿੱਚ ਵੱਧਦਾ ਪ੍ਰਦੂਸ਼ਣ ਤੇ ਧੂੰਆ ਸਿਹਤ ਲਈ ਵੱਡੀ ਸਮੱਸਿਆ ਬਣ ਗਿਆ ਹੈ। ਇਸ ਕਰਕੇ ਰੁੱਖ ਅਤੇ ਪੌਦੇ ਲਗਾਉਣਾ ਬਹੁਤ ਜ਼ਰੂਰੀ ਹੋ ਗਿਆ ਹੈ। ਇਹ ਕੰਮ ਸਿਰਫ਼ ਸਰਕਾਰ ਦਾ ਨਹੀਂ, ਸਗੋਂ ਹਰ ਨਾਗਰਿਕ ਅਤੇ ਸੰਸਥਾ ਦੀ ਜ਼ਿੰਮੇਵਾਰੀ ਹੈ।ਕਾਰਪੋਰੇਟ ਕੰਪਨੀਆਂ ਆਪਣੇ ਸੀ ਐੱਸ ਆਰ ਕੰਮਾਂ ਰਾਹੀਂ ਇਸ ਵਿੱਚ ਵੱਡਾ ਯੋਗਦਾਨ ਪਾ ਸਕਦੀਆਂ ਹਨ। ਇਸੇ ਸੋਚ ਨਾਲ ਏ ਜੀ ਆਈ ਇੰਫਰਾ ਲਿਮਿਟਡ, ਜੋ ਕਿ ਇਲਾਕੇ ਦੀ ਇੱਕ ਪ੍ਰਮੁੱਖ ਰੀਅਲ ਐਸਟੇਟ ਕੰਪਨੀ ਹੈ, ਆਪਣੇ ਲਗਭਗ ਦਸ ਹਜ਼ਾਰ ਘਰਾਂ ਵਾਲੇ ਰਿਹਾਇਸ਼ੀ ਪ੍ਰੋਜੈਕਟਾਂ ਵਿੱਚ ਵਾਤਾਵਰਣ ਸੁਰੱਖਿਆ ਲਈ ਲਗਾਤਾਰ ਕੰਮ ਕਰ ਰਹੀ ਹੈ।ਏ ਜੀ ਆਈ ਇੰਫਰਾ ਲਿਮਿਟਡ ਨੇ ਆਪਣੇ ਹਰ ਪ੍ਰੋਜੈਕਟ ਵਿੱਚ ਹਰਿਆਵਲੀ ਨੂੰ ਖਾਸ ਤਰਜੀਹ ਦਿੱਤੀ ਹੈ। ਕੰਪਨੀ ਦੇ ਕਿਸੇ ਵੀ ਪ੍ਰੋਜੈਕਟ ਵਿੱਚ ਜਾਣ ਨਾਲ ਤਾਜ਼ਗੀ ਅਤੇ ਕੁਦਰਤ ਨਾਲ ਨੇੜਤਾ ਮਹਿਸੂਸ ਹੁੰਦੀ ਹੈ, ਜੋ ਸ਼ਹਿਰ ਦੇ ਹੋਰ ਇਲਾਕਿਆਂ ਵਿੱਚ ਘੱਟ ਹੀ ਮਿਲਦੀ ਹੈ।ਇਨ੍ਹਾਂ ਪ੍ਰੋਜੈਕਟਾਂ ਵਿੱਚ ਰੁੱਖ, ਫੁੱਲਾਂ ਵਾਲੇ ਪੌਦੇ, ਹਰੇ-ਭਰੇ ਲਾਨ ਅਤੇ ਗ੍ਰੀਨ ਬੈਲਟ ਹਰ ਥਾਂ ਲਗਾਏ ਗਏ ਹਨ। ਇਸ ਮੌਕੇ 'ਤੇ ਏ ਜੀ ਆਈ ਇੰਫਰਾ ਲਿਮਿਟਡ ਦੇ ਮੈਨੇਜਿੰਗ ਡਾਇਰੈਕਟਰ ਡਾ. ਸੁਖਦੇਵ ਸਿੰਘ ਨੇ ਕਿਹਾ ਕਿ ਕੰਪਨੀ ਵਿਕਾਸ ਦੇ ਨਾਲ-ਨਾਲ ਵਾਤਾਵਰਣ ਦੀ ਰੱਖਿਆ ਨੂੰ ਵੀ ਬਰਾਬਰ ਮਹੱਤਵ ਦਿੰਦੀ ਹੈ।

## ਸੰਘਵਾਲ ਵਿਖੇ ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਨੇੜਲੇ ਪਿੰਡ ਸੰਘਵਾਲ ਵਿਖੇ ਸਮੂਹ ਨਗਰ ਨਿਵਾਸੀਆਂ, ਧਰਮਸ਼ਾਲਾ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਪੂਰਵਕ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸਵੇਰੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ। ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਰਾਗੀ ਜਥਿਆਂ ਅਤੇ ਛੋਟੇ ਛੋਟੇ ਬੱਚਿਆਂ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਸ਼ੋਕ ਕੁਮਾਰ, ਮੀਤ ਪ੍ਰਧਾਨ ਰਾਜੇਸ਼ ਕੁਮਾਰ ਚੌਹਾਨ, ਸਕੱਤਰ ਸਤਿਆਪਾਲ ਸਕੱਤਰ ਜਗਦੀਸ਼ ਲਾਲ, ਰਜਿੰਦਰ ਪਾਲ, ਖਜਾਨਚੀ ਸਤਪਾਲ, ਮੁੱਖ ਸਲਾਹਕਾਰ ਦਿਲਬਾਗ ਸਿੰਘ, ਬਲਵੀਰ ਸਿੰਘ, ਰਵੀ ਕੁਮਾਰ ਤੋਂ ਇਲਾਵਾ ਪ੍ਰੋਫੈਸਰ ਕਮਲਜੀਤ ਲਾਲ, ਜਸਪਾਲ ਸਿੰਘ ਟੀਟੂ, ਓਂਕਾਰ ਸਿੰਘ ਫੌਜੀ, ਲਹਿੰਬਰ ਸਿੰਘ, ਸੇਵਾ ਮੁਕਤ ਇੰਸਪੈਕਟਰ ਮਝੈਲ ਰਾਮ, ਓਂਕਾਰ ਸਿੰਘ ਬੱਧਣ, ਵਰਿੰਦਰ ਬੱਧਣ, ਸਾਜਨ, ਗੁਰਪ੍ਰੀਤ ਸਿੰਘ, ਕੁਲਵੀਰ ਸਿੰਘ, ਹਰਜਿੰਦਰ ਜੱਸੀ, ਸ਼ੰਕਰ ਦਾਸ ਅਮਰਜੀਤ ਬਬਲੂ, ਖੇਮ ਚੰਦ, ਮੋਹਿਤ, ਹਰਸ਼, ਬੱਬੂ, ਯੁਵਰਾਜ, ਹਨੀ, ਅਜੇ ਕੁਮਾਰ, ਪੰਮੂ, ਜੀਵਨ ਕੁਮਾਰ, ਬਲਦੇਵ ਰਾਜ, ਗੁਰਚਰਨ ਦਾਸ, ਤਾਰਾ ਚੰਦ, ਮੰਨੂ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ ਮਨਾਇਆ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਪਿੰਡ ਓਇੰਦ ਵਿਖੇ ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਪਾਲ ਸਿੰਘ ਤੇ ਕਰਨੈਲ ਸਿੰਘ ਨੇ ਦੱਸਿਆ ਕਿ ਸ਼ਾਮ ਨੂੰ ਭਾਈ ਸਾਹਿਬ ਭਾਈ ਸੁਖਬੀਰ ਸਿੰਘ ਜੀ ਕੰਧੋਲੇ ਵਾਲਿਆਂ ਦੇ ਦੀਵਾਨ ਸਜਾਏ ਗਏ ਜਿਨਾਂ ਨੇ ਆਪਣੇ ਪ੍ਰਵਚਨਾਂ ਦੁਆਰਾ ਗੁਰੂ ਰਵਿਦਾਸ ਜੀ ਦੀ ਜੀਵਨੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲ ਬਣਾਉਣ ਲਈ ਪ੍ਰੇਰਿਤ ਕੀਤਾ। ਸੰਗਤਾਂ ਵੱਲੋਂ ਤਿੰਨੇ ਦਿਨ ਲਗਾਤਾਰ ਪ੍ਰਭਾਤ ਫੇਰੀ ਕੱਢੀ ਗਈ ਜਿਸ ਵਿੱਚ ਪ੍ਰਭਾਤ ਫੇਰੀ ਦਾ ਨਗਰ ਨਿਵਾਸੀਆਂ ਵੱਲੋਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਚਾਹ ਪਕੌੜਿਆਂ ਦੇ ਲੰਗਰ ਲਗਾਏ ਗਏ। ਪਿੰਡ ਓਇੰਦ ਦੇ ਯੂਥ ਵੈਲਫੇਅਰ ਕਲੱਬ ਵੱਲੋਂ ਗੁਰੂ ਰਵਿਦਾਸ ਜੀ ਦੇ ਜਨਮ ਨਾਲ ਅਤੇ ਸਿੱਖ ਇਤਿਹਾਸ ਸਬੰਧੀ ਧਾਰਮਿਕ ਕੁਇਜ਼ ਮੁਕਾਬਲੇ ਕਰਵਾਏ ਗਏ ਅਤੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇਹਨਾਂ ਸਮਾਗਮਾਂ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਰਣਵੀਰ ਸਿੰਘ ਰਿੱਕੂ ਗੁਰੂ ਘਰ ਦੇ ਵਜ਼ੀਰ, ਕੁਲਦੀਪ ਸਿੰਘ ਓਇੰਦ, ਰਤਨ ਸਿੰਘ ਫੌਜੀ, ਸਤਨਾਮ ਸਿੰਘ, ਜੋਗਾ ਸਿੰਘ, ਰਣਜੀਤ ਸਿੰਘ, ਜਸਕਰਨ ਸਿੰਘ ਆਰਕੀਟੈਕਟ, ਅਮਰਜੀਤ ਸਿੰਘ ਕਾਲਾ ਯੂ ਐੱਸ ਏ ਗੁਰਜੀਤ ਕੌਰ, ਸਰਬਜੀਤ ਕੌਰ, ਪਰਮਜੀਤ ਕੌਰ, ਲੰਬੜਦਾਰ ਬਹਾਦਰ ਸਿੰਘ, ਜਸਪ੍ਰੀਤ ਸਿੰਘ ਪੰਚ, ਜਗਤਾਰ ਸਿੰਘ ਬਿੱਲਾ ਪੰਚ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।



## ਆਦਮਪੁਰ ਹਵਾਈ ਅੱਡੇ ਦਾ ਨਾਂਅ ਗੁਰੂ ਰਵਿਦਾਸ ਦੇ ਨਾਂਅ 'ਤੇ ਰੱਖਣ ਦਾ ਐਲਾਨ ਸਾਡੇ ਯਤਨਾਂ ਨੂੰ ਬੂਰ ਪੈਣਾ : ਡਾ. ਰਾਜ ਕੁਮਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਸੰਤ ਸ਼੍ਰੋਮਣੀ ਗੁਰੂ ਰਵਿਦਾਸ ਦੇ ਲੱਖਾਂ ਪੈਰੋਕਾਰਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਇੱਕ ਇਤਿਹਾਸਕ ਮੀਲ ਪੱਥਰ 'ਤੇ ਪਹੁੰਚ ਗਈ, ਜਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੰਜਾਬ ਦੇ ਡੇਰਾ ਸੱਚਖੰਡ ਬੱਲਾਂ ਦੀ ਆਪਣੀ ਫੇਰੀ ਦੌਰਾਨ ਐਲਾਨ ਕੀਤਾ ਕਿ ਆਦਮਪੁਰ ਹਵਾਈ ਅੱਡੇ ਦਾ ਨਾਂਅ ਗੁਰੂ ਰਵਿਦਾਸ ਦੇ ਨਾਂਅ 'ਤੇ ਰੱਖਿਆ ਜਾਵੇਗਾ। ਇਹ ਵੱਡਾ ਐਲਾਨ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਸੰਸਦ ਦੇ ਪਿਛਲੇ ਸੈਸ਼ਨ ਵਿੱਚ ਸਿਫ਼ਰ ਕਾਲ ਦੌਰਾਨ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਣ ਤੋਂ ਕੁਝ ਮਹੀਨੇ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾਂ ਕੇਂਦਰ ਸਰਕਾਰ ਨੂੰ ਗੁਰੂ ਰਵਿਦਾਸ ਦੇ ਨਾਂਅ 'ਤੇ ਹਵਾਈ ਅੱਡੇ ਦਾ ਨਾਂਅ ਦੇ ਕੇ ਰਵਿਦਾਸੀਆ ਭਾਈਚਾਰੇ ਦੀਆਂ ਆਸਥਾਵਾਂ ਤੇ ਭਾਵਨਾਵਾਂ ਦਾ ਸਨਮਾਨ ਕਰਨ ਦੀ ਅਪੀਲ ਕੀਤੀ ਸੀ।ਡਾ. ਰਾਜ ਕੁਮਾਰ ਨੇ ਇਸ ਐਲਾਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਉਹ ਇਸ ਪਵਿੱਤਰ ਮੁੱਦੇ ਨੂੰ ਹਰ ਉਪਲਬਧ ਪਲੇਟਫਾਰਮ 'ਤੇ ਉਠਾਉਣ ਲਈ ਖੁਸ਼ਕਿਸਮਤ ਮਹਿਸੂਸ ਕਰਦੇ ਹਨ।



## ਮਾਤਾ ਕਲਿਆਣੀ ਮੰਦਰ ਵਿਖੇ ਸਾਲਾਨਾ ਭੰਡਾਰਾ ਤੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਮਾਤਾ ਕਲਿਆਣੀ ਵੈਲਫੇਅਰ ਸੋਸਾਇਟੀ ਤੇ ਸਮੂਹ ਨਗਰ ਨਿਵਾਸੀ ਪਿੰਡ ਖੰਨੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਮਾਤਾ ਕਲਿਆਣੀ ਮੰਦਰ ਖੰਨੀ ਵਿਖੇ ਸਾਲਾਨਾ ਭੰਡਾਰਾ ਤੇ ਧਾਰਮਿਕ ਸਮਾਗਮ ਸ਼ਰਧਾ ਤੇ ਉਤਸ਼ਾਹ ਪੂਰਬ ਢੰਗ ਨਾਲ ਕਰਵਾਇਆ ਗਿਆ। ਸਮਾਗਮ ਦੇ ਅਖੀਰਲੇ ਦਿਨ ਪੰਮੀ ਜਿੰਦਲ, ਸੰਦੀਪ ਉਧਨਵਾਲੀਆ ਅਤੇ ਸ਼ਾਮ ਰਾਜਾ ਨੇ ਮਹਾਂਮਾਈ ਦਾ ਗੁਣ ਗਾਇਨ ਕੀਤਾ। ਗਾਇਕਾਂ ਨੇ ਪ੍ਰਭੂ ਭਗਤੀ ਤੇ ਉਸ ਦੀਆਂ ਬਖਸ਼ਿਸ਼ਾਂ ਤੇ ਗੀਤ ਪੇਸ਼ ਕੀਤੇ। ਇਹਨਾਂ ਧਾਰਮਿਕ ਗੀਤਾਂ ਤੇ ਭਜਨਾਂ ਤੇ ਸੰਗਤਾਂ ਨੇ ਨੱਚ ਟੱਪ ਕੇ ਅਧਿਆਤਮਿਕ ਆਨੰਦ ਮਾਣਿਆ। ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਦੀਆਂ ਸਹਿਯੋਗੀ ਸ਼ਖਸੀਅਤਾਂ ਨੂੰ ਮਾਤਾ ਜੀ ਦੀ ਤਸਵੀਰ ਤੇ ਚੁਨਰੀ ਦੇ ਕੇ ਸਨਮਾਨਤ ਕੀਤਾ ਗਿਆ। ਕਮੇਟੀ ਪ੍ਰਧਾਨ ਤਿਲਕ ਰਾਜ ਖੰਨੀ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਸੇਵਾ ਬੂਟਾ ਰਾਮ ਚੌਹਾਨ ਵੱਲੋਂ ਨਿਭਾਈ ਗਈ। ਵਿਸ਼ਵ ਮਾਨਵ ਰੂਹਾਨੀ ਕੇਂਦਰ ਨਵਾਂ ਨਗਰ ਦੀ ਬਰਾਂਚ ਮਾਹਿਲਪੁਰ ਵੱਲੋਂ ਫਰੀ ਮੈਡੀਕਲ ਕੈਂਪ ਲਗਾ ਕੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਲੰਗਰ ਦੀ ਸੇਵਾ ਰਿੰਪੀ ਆੜਤੀ ਦੇ ਸਹਿਯੋਗੀਆਂ ਵੱਲੋਂ ਨਿਭਾਈ ਗਈ। ਭੰਡਾਰੇ ਵਿੱਚ ਸ੍ਰੀ ਅਨਿਲ ਅਗਰਵਾਲ, ਸ੍ਰੀ ਜੋਗਿੰਦਰ ਪਾਲ ਮੈਨਨ, ਡਾਕਟਰ ਲਖਵਿੰਦਰ ਸਿੰਘ, ਪੰਡਿਤ ਕੈਲਾਸ਼, ਬੋਬੀ ਅਤੇ ਆਨੰਦ (ਅਸਟਰੇਲੀਆ ) ਅਤੇ ਰੋਹਨ ਬਿਜ ਵੱਲੋਂ ਵਿਸ਼ੇਸ਼ ਸਹਿਯੋਗ ਪਾਇਆ ਗਿਆ। ਇਸ ਮੌਕੇ ਬਲਦੇਵ ਸਿੰਘ ਅਤੇ ਰਾਮ ਲੁਭਾਇਆ ਉਪ ਪ੍ਰਧਾਨ, ਕੈਪਟਨ ਸੁਰੇਸ਼ ਕੁਮਾਰ ਅਤੇ ਹਰਭਜਨ ਲਾਲ ਕੈਸ਼ੀਅਰ, ਰਜੇਸ਼ ਕੁਮਾਰ ਰਾਜੂ ਸੈਕਟਰੀ, ਸ਼ਿਵ ਕੁਮਾਰ, ਰਸ਼ਪਾਲ ਸਿੰਘ, ਪੰਡਿਤ ਰਮਨ ਕੁਮਾਰ, ਦਾਰਾ ਸਿੰਘ, ਬੂਟਾ ਰਾਮ ਚੌਹਾਨ, ਕੈਪਟਨ ਪਰਮਜੀਤ ਸਿੰਘ, ਬਲਵੀਰ ਲੰਬੜਦਾਰ, ਜਰਨੈਲ ਸਿੰਘ, ਰਜੇਸ਼ ਕੁਮਾਰ ਲਲਵਾਨ, ਇੰਸਪੈਕਟਰ ਅਸ਼ੋਕ ਕੁਮਾਰ, ਸੂਬੇਦਾਰ ਇੰਸਪੈਕਟਰ ਅਸ਼ਵਨੀ ਕੁਮਾਰ, ਏ ਐੱਸ ਆਈ ਬਲਵਿੰਦਰ ਸਿੰਘ, ਏ ਐੱਸਆਈ ਸੋਹਨ ਲਾਲ, ਏ ਐੱਸ ਆਈ ਪਰਸ਼ੋਤਮ ਲਾਲ, ਏ ਐੱਸ ਆਈ ਮੰਗਤ ਰਾਮ, ਆਸ਼ੀਸ਼ ਪਟਵਾਰੀ, ਕਰਨ ਚੌਧਰੀ, ਤਿਲਕ ਰਾਜ ਰਾਣਾ, ਸੰਜੇ ਰਾਣਾ, ਦੀਪਕ ਸ਼ਰਮਾ, ਦੀਪਕ ਬੋਬੀ, ਰਾਮਪਾਲ ਸ਼ਰਮਾ, ਸੁਖਦੇਵ ਸ਼ਰਮਾ ਠੇਕੇਦਾਰ, ਰਮੂ ਪੰਡਿਤ ਪੰਚ, ਸੋਨੂ ਇਲੈਕਟਰੀਸ਼ਨ, ਸੋਨੂ ਰਾਮ ਸਿੰਘ, ਮਦਨ ਲਾਲ ਰਾਣਾ, ਮਿੰਟੂ ਰਾਣਾ, ਵਿੱਕੀ ਇਲੈਕਟਰੀਸ਼ਨ, ਹਰਦੇਵ ਚੰਦ ਥਿੰਦ, ਹਰਜਿੰਦਰ ਸਿੰਘ, ਸਤਨਾਮ ਠੇਕੇਦਾਰ, ਪਰਮਜੀਤ ਪੰਮਾ, ਰਾਮਪਾਲ ਆਪਰੇਟਰ, ਬਿੰਦਰ ਬਾਬਾ ਜੇਜੋਂ, ਬੰਟੀ ਟਰੈਵਲ, ਦੀਪਾ ਲੰਬੜਦਾਰ, ਸਤਨਾਮ ਰਾਣਾ, ਸੁਖਦੇਵ ਰਠੌਰ, ਮਾਸਟਰ ਰਣਵੀਰ ਰਾਣਾ, ਸੂਬੇਦਾਰ ਬਲਵੀਰ ਰਾਣਾ,ਰਮੇਸ਼, ਰਾਣਾ ਵਿੱਕੀ, ਕੁਲਵੰਤ ਸਿੰਘ ਵਿੱਕੀ ਸ਼ਿਵ ਚੌਧਰੀ ਸਮੇਤ ਕਮੇਟੀ ਮੈਂਬਰ ਅਤੇ ਪਿੰਡ ਖੰਨੀ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।




## ਸ਼ਿਵ ਸ਼ਕਤੀ ਮਾਂ ਬਗਲਾਮੁਖੀ ਧਾਮ ਵਿਖੇ ਹਵਨ-ਯੱਗ ਦੀ ਲੜੀ ਜਾਰੀ

**ਫਗਵਾੜਾ (ਡਾ. ਰਮਨ)**

ਸਥਾਨਕ ਨਕੋਦਰ ਹਦੀਆਬਾਦ 'ਤੇ ਸਥਿਤ ਸ਼ਿਵ ਸ਼ਕਤੀ ਮਾਂ ਬਗਲਾਮੁਖੀ ਧਾਮ ਵਿਖੇ ਪੰਡਿਤ ਵਿਜੇ ਸ਼ਾਸਤਰੀ ਦੀ ਅਗਵਾਈ ਹੇਠ ਲੜੀਵਾਰ ਹਵਨ-ਯੱਗ ਕਰਵਾਇਆ ਗਿਆ ਜਿਸ ਵਿੱਚ ਸ਼ਰਧਾਲੂ ਸੰਗਤ ਨੇ ਵੱਡੀ ਗਿਣਤੀ ਹਾਜ਼ਰ ਹੋ ਕੇ ਆਹੂਤੀ ਪਾਈ। ਪੰਡਿਤ ਵਿਜੇ ਸ਼ਾਸਤਰੀ ਨੇ ਯੱਗ ਦੌਰਾਨ ਮੌਨ ਦੀ ਮਹੱਤਤਾ 'ਤੇ ਚਾਨਣਾ ਪਾਇਆ ਤੇ ਦੱਸਿਆ ਕਿ ਧਰਮ ਗ੍ਰੰਥਾਂ ਵਿੱਚ ਤਿੰਨ ਅਜਿਹੇ ਕਰਮਾਂ ਦਾ ਜ਼ਿਕਰ ਹੈ, ਜਿਨ੍ਹਾਂ ਦੌਰਾਨ ਮੌਨ ਰਹਿਣਾ ਚਾਹੀਦਾ ਹੈ। 'ਸਨਾਤਸ਼ਾਚਾ ਵਰੁਣਸਤੇਜੋ, ਵ੍ਰਿਧਮਾਨੁ' ਗ੍ਰੰਥ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਭਗਵਾਨ ਵਰੁਣ ਨਹਾਉਣ ਵੇਲੇ ਬੋਲਣ ਵਾਲਿਆਂ ਦੀ ਚਮਕ ਖੋਹ ਲੈਂਦੇ ਹਨ, ਅਗਨੀਦੇਵ ਹਵਨ-ਯੱਗ ਦੌਰਾਨ ਬੋਲਣ ਵਾਲਿਆਂ ਦੀ ਦੌਲਤ ਖੋਹ ਲੈਂਦੇ ਹਨ, ਅਤੇ ਯਮਰਾਜ ਖਾਣਾ ਖਾਂਦੇ ਸਮੇਂ ਬੋਲਣ ਵਾਲਿਆਂ ਦੀ ਉਮਰ ਖੋਹ ਲੈਂਦੇ ਹਨ ਅਰਥਾਤ ਘੱਟ ਕਰ ਦਿੰਦੇ ਹਨ। ਇਸ ਲਈ ਇਨ੍ਹਾਂ ਤਿੰਨ ਰਸਮਾਂ ਦੌਰਾਨ ਮੌਨ ਰੱਖਣਾ ਚਾਹੀਦਾ ਹੈ।ਹਵਨ-ਪੂਜਾ ਦੌਰਾਨ ਪੰਡਿਤ ਭੋਲਾ ਸ਼ਾਸਤਰੀ ਨੇ ਗੌਰੀ, ਗਣੇਸ਼ ਅਤੇ ਨਵਗ੍ਰਹਿ ਦੀ ਰਸਮੀ ਪੂਜਾ ਕਰਵਾਈ।ਇਸ ਮੌਕੇ ਅਮਰਜੀਤ ਖਾਂਬੜਾ, ਕਰਵਲ ਸੈਂਭੀ, ਵਿਸ਼ਵਾ ਗੋਗਨਾ, ਦਰਸ਼ਨ ਭੱਲਾ, ਪੰਡਿਤ ਮਯੰਕ ਵਿਆਸ, ਸ੍ਰੀ ਰਾਧਾ ਰੀਅਲ ਅਸਟੇਟ, ਰਾਜ ਉਪਾਧਿਆਏ, ਸ਼ਿਵ ਉਪਾਧਿਆਏ, ਸੁਨੀਲ ਗੁਪਤਾ, ਤਰੁਣ ਮਿੱਤਲ, ਹਰਮਿੰਦਰ ਸਿੰਘ ਬਿੱਟਾ, ਵਿਸ਼ਵਾ ਗੋਗਨਾ, ਆਸ਼ੂ ਮਲਹੋਤਰਾ, ਜੋਤਸ਼ੀ ਅਰਚਿਤ ਸ਼ਰਮਾ, ਰਜੀਵ ਕੁਮਾਰ, ਅਭਿਜਯ ਸ਼ਰਮਾ, ਕਾਵਿਆ, ਦਿਵਿਆ, ਡਾ. ਨਿਮੀਸ਼, ਮਾਨਵੀ, ਰੇਖਾ ਰਾਣੀ, ਆਰਤੀ, ਰੂਬੀ ਤੋਂ ਇਲਾਵਾ ਗੁਰਦੀਪ ਸੈਣੀ, ਰੁਪੇਸ਼ ਧੀਰ, ਪ੍ਰੋ: ਅਸ਼ੋਕ ਜਸਵਾਲ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਲੋਹੀਆਂ ਖਾਸ 'ਚ ਗੁਟਕਾ ਸਾਹਿਬ ਦੀ ਬੇਅਦਬੀ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ)**

ਲੋਹੀਆਂ ਖਾਸ ਦੇ ਟੀ ਪੁਆਇੰਟ ਨੇੜੇ ਪੈਂਦੀ ਪੁਲੀ ਤੋਂ ਲੈ ਕੇ ਮਨਜੀਤ ਸਿੰਘ ਦੀ ਵਰਕਸ਼ਾਪ ਤੱਕ ਅਣਪਛਾਤੇ ਵਿਅਕਤੀ ਵੱਲੋਂ ਗੁਟਕਾ ਸਾਹਿਬ ਜੀ ਦੇ ਅੰਗ ਪਾੜ ਕੇ ਬੇਅਦਬੀ ਕਰਨ ਦੀ ਨੀਯਤ ਨਾਲ ਸੁੱਟੇ ਜਾਣ ਦੀ ਸੂਚਨਾ ਤੋਂ ਬਾਅਦ ਲੋਕਾਂ 'ਚ ਕਾਫੀ ਰੋਸ ਪਾਇਆ ਗਿਆ।ਐੱਸ ਐੱਚ ਓ ਗੁਰਸ਼ਰਨ ਸਿੰਘ ਵੱਲੋਂ ਕਿਹਾ ਗਿਆ ਕਿ ਬੀਤੇ ਇਕ ਦੋ ਦਿਨ ਪਹਿਲਾਂ ਹੀ ਕਿਸੇ ਸ਼ਰਾਰਤੀ ਅਨਸਰ ਵੱਲੋਂ ਗੁਟਕਾ ਸਾਹਿਬ ਜੀ ਦੇ ਅੰਗ ਪਾੜ ਕੇ ਸੁੱਟੇ ਗਏ ਹੋ ਸਕਦੇ ਹਨ। ਨੇੜੇ ਹੀ ਮਨਜੀਤ ਸਿੰਘ ਦੀ ਵਰਕਸ਼ਾਪ 'ਚ ਕੰਮ ਕਰਦੇ ਵਰਕਰਾਂ ਨੂੰ ਵੀ ਗੁਟਕਾ ਸਾਹਿਬ ਜੀ ਦੇ ਅੰਗ ਸੜਕ ਤੋਂ ਮਿਲੇ ਸਨ ਜੋ ਉਹਨਾਂ ਨੇ ਚੁੱਕ ਕੇ ਪਾਣੀ ਵਾਲੀ ਗਲਾਸੀ 'ਚ ਪਾ ਦਿੱਤੇ ਅਤੇ ਵਰਕਸ਼ਾਪ ਵਾਲਿਆਂ ਨੇ ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਨਹੀਂ ਲਿਆ। 1 ਫਰਵਰੀ ਨੂੰ ਇਕ ਟਰੈਕਟਰ ਮਕੈਨਿਕ ਦੀ ਨਿਗਾਹ ਫਟੇ ਹੋਏ ਅੰਗਾਂ 'ਤੇ ਪਏ ਤਾਂ ਹੋਰ ਅੰਗ ਲੱਭਣ ਦੀ ਕੋਸ਼ਿਸ਼ ਸਦਕਾ ਕਈ ਹੋਰ ਫਟੇ ਹੋਏ ਅੰਗ ਵੀ ਮਿਲ ਗਏ। ਲੋਕਾਂ ਨੇ 112 ਨੰਬਰ 'ਤੇ ਸੂਚਨਾ ਦੇਣ 'ਤੇ ਸਥਾਨਕ ਥਾਣੇ ਦੀ ਪੁਲਸ ਵੀ ਪਹੁੰਚ ਗਈ ਅਤੇ ਉਹਨਾਂ ਵੱਲੋਂ ਵੀ ਪੱਤਰਿਆਂ ਦੀ ਭਾਲ ਕੀਤੀ ਗਈ। ਐੱਸ ਐੱਚ ਓ ਵੱਲੋਂ ਕਿਹਾ ਗਿਆ ਕਿ ਟੀ ਪੁਆਇੰਟ ਤੋਂ ਲੈ ਕੇ ਸੁਲਤਾਨਪੁਰ ਵਾਲੇ ਫਾਟਕ ਤੱਕ ਭਾਲ ਕੀਤੀ ਜਾਵੇਗੀ।ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਖੋਸੇ ਤੇ ਕਈ ਹੋਰ ਇਨਸਾਫ਼ ਪੰਸਦ ਲੋਕ ਵੀ ਪਹੁੰਚ ਗਏ। ਦਰਸ਼ਨ ਸਿੰਘ ਪੇਟੀਆਂ ਵਾਲੇ, ਆਤਮਾ ਸਿੰਘ ਜਲਾਲਪੁਰ, ਡਾ. ਜਗਜੀਤ ਸਿੰਘ ਜੱਜ, ਫੁੱਮਣ ਸਿੰਘ, ਮਨਜੀਤ ਸਿੰਘ, ਦਰਬਾਰਾ ਸਿੰਘ, ਅਮ੍ਰਿਤਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪ੍ਰਮਿੰਦਰ ਸਿੰਘ, ਬਲਕਾਰ ਸਿੰਘ ਜਲਾਲਪੁਰ, ਗੁਰਮੇਜ ਲੱਡਾ, ਅਮਰੀਕ ਸਿੰਘ ਖੋਸਾ ਅਤੇ ਦਿਲਬਾਗ ਸਿੰਘ ਰਾਈ ਵਾਲ ਵੱਲੋਂ ਸ਼ਰਾਰਤੀ ਅਨਸਰਾਂ ਦੀ ਘੋਰ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਦੋਸ਼ੀਆਂ ਦੇ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਸਥਾਨਕ ਪੁਲਸ ਵੱਲੋਂ ਪਰਚਾ ਦਰਜ ਕਰਕੇ ਕਾਨੂੰਨੀ ਕਾਰਵਾਈ ਕਰਦਿਆਂ ਸ਼ਰਾਰਤੀ ਅਨਸਰਾਂ ਦੀ ਭਾਲ ਕੀਤੀ ਜਾ ਰਹੀ ਹੈ।



ਘਟਨਾ ਦੀ ਜਾਣਕਾਰੀ ਦਿੰਦੇ ਹੋਏ ਆਗੂ